PAIGAM-E-JAGAT
ਪੈਗ਼ਾਮ-ਏ-ਜਗਤ


Title code : CHAMUL00914 | E-mail : Info@paigamejagat.com | ਐਤਵਾਰ, 25 ਅਕਤੂਬਰ 2026, ਸਾਲ-4, ਅੰਕ-12, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਕੋਈ ਵੀ ਤੁਹਾਡੇ ਸੁਪਨਿਆਂ ਨੂੰ ਪੂਰਾ ਕਰਨ ਲਈ ਇੱਥੇ ਨਹੀਂ ਹੈ, ਹਰ ਕੋਈ ਆਪਣੀ ਕਿਸਮਤ ਅਤੇ ਹਕੀਕਤ ਬਣਾਉਣ ਵਿੱਚ ਰੁੱਝਿਆ ਹੋਇਆ ਹੈ।

-ਓਸ਼ੋ ਰਜਨੀਸ਼

ਫਿਲੀਪੀਨਜ਼ ਵਿੱਚ ਦੋ ਜਹਾਜ਼ਾਂ ਦੀ ਟੱਕਰ; ਚਾਰ ਪਾਇਲਟਾਂ ਦੀ ਮੌਤ

- ਹਵਾਈ ਫੌਜ ਦੇ ਦੋ ਸਿਖਲਾਈ ਜਹਾਜ਼ ਹੋਏ ਹਾਦਸਾਗ੍ਰਸਤ



ਮਨੀਲਾ, 24 ਅਕਤੂਬਰ (ਪੈ.ਗਾਮ-ਏ-ਜਗਤ)

ਫਿਲੀਪੀਨਜ਼ ਵਿੱਚ ਸਿਖਲਾਈ ਦੌਰਾਨ ਹਵਾਈ ਫੌਜ ਦੇ ਦੋ ਜਹਾਜ਼ ਆਪਸ ਵਿੱਚ ਟਕਰਾ ਗਏ। ਇਸ ਹਾਦਸੇ ਵਿੱਚ ਦੋਵਾਂ ਜਹਾਜ਼ਾਂ ਦੇ ਚਾਰ ਪਾਇਲਟਾਂ ਦੀ ਮੌਤ ਹੋ ਗਈ। ਦੋਵੇਂ ਜਹਾਜ਼ ਮਨੀਲਾ ਦੇ ਦੱਖਣ ਵਿੱਚ ਸਥਿਤ ਲੀਪਾ ਸ਼ਹਿਰ ਦੇ ਫਰਨਾਂਡੋ ਹਵਾਈ ਅੱਡੇ 'ਤੇ ਡਿੱਗ ਪਏ। ਹਾਦਸੇ ਤੋਂ ਬਾਅਦ ਫਿਲੀਪੀਨਜ਼ ਦੀ ਹਵਾਈ ਸੈਨਾ ਨੇ ਐੱਸ ਐੱਫ-260 ਜਹਾਜ਼ਾਂ ਦੀਆਂ ਉਡਾਣਾਂ 'ਤੇ ਰੋਕ ਲਾ ਦਿੱਤੀ ਹੈ। ਇਹ ਪਾਬੰਦੀ ਜਾਂਚ ਪੂਰੀ ਹੋਣ ਤੱਕ ਜਾਰੀ ਰਹੇਗੀ।

ਐਸੋਸੀਏਟਿਡ ਪ੍ਰੈੱਸ ਦੀ ਰਿਪੋਰਟ ਮੁਤਾਬਕ ਦੋਵੇਂ ਐੱਸ ਐੱਫ-260 ਜਹਾਜ਼ ਘੱਟ ਉਚਾਈ 'ਤੇ ਉੱਡ ਰਹੇ ਸਨ। ਇਸੇ ਦੌਰਾਨ ਉਹ ਆਪਸ ਵਿੱਚ ਟਕਰਾ ਗਏ। ਇਨ੍ਹਾਂ ਵਿੱਚੋਂ ਇੱਕ ਜਹਾਜ਼ ਫ਼ੌਜੀ ਕਰਮਚਾਰੀਆਂ ਦੀਆਂ ਬੈਰਕਾਂ ਨੇੜੇ ਡਿੱਗਿਆ। ਇਹ ਜਹਾਜ਼ ਇਟਲੀ ਤੋਂ ਖਰੀਦੇ ਗਏ ਸਨ। ਫਿਲੀਪੀਨਜ਼ ਦੀ ਫ਼ੌਜ ਲੰਮੇ ਸਮੇਂ ਤੋਂ ਪੈਸਿਆਂ ਦੀ ਘਾਟ ਕਾਰਨ ਆਪਣੇ ਲੜਾਕੂ ਜਹਾਜ਼ਾਂ, ਜਲ ਸੈਨਾ ਅਤੇ ਥਲ ਸੈਨਾ ਨੂੰ ਆਧੁਨਿਕ ਬਣਾਉਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰ ਰਹੀ ਹੈ।

ਮਈ ਵਿੱਚ ਉੱਤਰੀ ਫਿਲੀਪੀਨਜ਼ ਦੇ ਪਹਾੜੀ ਇਲਾਕੇ ਵਿੱਚ ਐੱਸ ਐੱਫ-260 ਸਿਖਲਾਈ ਜਹਾਜ਼ ਹਾਦਸਾਗ੍ਰਸਤ ਹੋ ਗਿਆ ਸੀ। ਇਸ ਹਾਦਸੇ ਵਿੱਚ ਦੋ ਪਾਇਲਟਾਂ ਦੀ ਮੌਤ ਹੋ ਗਈ ਸੀ। ਸਾਲ 2023 ਵਿੱਚ ਵੀ ਸਿਖਲਾਈ ਉਡਾਣ ਦੌਰਾਨ ਐੱਸ ਐੱਫ-260 ਜਹਾਜ਼ ਹਾਦਸਾਗ੍ਰਸਤ ਹੋ ਗਿਆ ਸੀ। ਉਸ ਹਾਦਸੇ ਵਿੱਚ ਵੀ ਦੋ ਪਾਇਲਟਾਂ ਦੀ ਜਾਨ ਚਲੀ ਗਈ ਸੀ।

30 ਸੋਨ, 35 ਚਾਂਦੀ ਅਤੇ 49 ਕਾਂਸੀ ਤਗਮੇ ਵਿਸ਼ਵ ਰਿਕਾਰਡ ਨਾਲ ਖਤਮ ਹੋਇਆ ਭਾਰਤ ਦਾ ਸ.ਫਰ

ਸਮਾਪਤੀ ਸਮਾਰੋਹ ਵਿੱਚ ਮੋਨਾ ਅਤੇ ਨਿਸ਼ਾਦ ਨੇ ਮਾਣ ਨਾਲ ਤਿਰੰਗਾ ਫੜਿਆ; 5 ਵਿਸ਼ਵ ਰਿਕਾਰਡ ਬਣਾਏ ਗਏ



ਨਾਗੋਯਾ, 24 ਅਕਤੂਬਰ (ਪੈ.ਗਾਮ-ਏ-ਜਗਤ)

ਜਾਪਾਨ ਦੇ ਪਾਲੋਮਾ ਮਿਜ਼ੂਹੋ ਸਟੇਡੀਅਮ ਵਿੱਚ ਸ਼ਨੀਵਾਰ ਨੂੰ 5ਵੀਆਂ ਏਸ਼ੀਅਨ ਪੈਰਾ ਖੇਡਾਂ ਦਾ ਸ਼ਾਨਦਾਰ ਸਮਾਪਤੀ ਸਮਾਰੋਹ ਆਯੋਜਿਤ ਕੀਤਾ ਗਿਆ।

ਦੋ ਵਾਰ ਦੇ ਸੋਨ ਤਗਮਾ ਜੇਤੂ ਨਿਸ਼ਾਦ ਕੁਮਾਰ ਅਤੇ ਮੋਨਾ ਅਗਰਵਾਲ ਨੇ ਇਸ ਸਮਾਰੋਹ ਦੌਰਾਨ ਭਾਰਤੀ ਝੰਡਾ ਫੜਿਆ। ਇਸ ਵੱਡੇ ਖੇਡ ਮੁਕਾਬਲੇ ਵਿੱਚ ਹੁਣ ਤੱਕ ਦਾ ਸਭ ਤੋਂ ਵਧੀਆ ਪ੍ਰਦਰਸ਼ਨ ਕਰਦੇ ਹੋਏ, ਭਾਰਤ ਨੇ ਕੁੱਲ 114 ਤਗਮੇ—ਜਿਨ੍ਹਾਂ ਵਿੱਚ 30 ਸੋਨੇ, 35 ਚਾਂਦੀ ਅਤੇ 49 ਤਾਂਬੇ ਦੇ ਤਗਮੇ ਸ਼ਾਮਲ ਹਨ—ਜਿੱਤੇ ਅਤੇ ਤਗਮਾ ਸੂਚੀ ਵਿੱਚ ਚੌਥਾ ਸਥਾਨ ਹਾਸਲ ਕੀਤਾ। ਪਿਛਲੇ ਸੰਸਕਰਣ, ਹਾਂਗਜ਼ੂ 2022 ਵਿੱਚ, ਭਾਰਤ ਨੇ 108 ਤਗਮੇ ਜਿੱਤੇ ਸਨ। ਇਸ ਵਾਰ ਖਿਡਾਰੀਆਂ ਦੀ ਗਿਣਤੀ ਘੱਟ ਹੋਣ ਦੇ ਬਾਵਜੂਦ, ਦੇਸ਼ ਨੇ ਕੁੱਲ ਤਗਮਿਆਂ ਅਤੇ ਸੋਨ ਤਗਮਿਆਂ ਦੀ ਗਿਣਤੀ ਵਿੱਚ ਸੁਧਾਰ ਦਰਜ ਕੀਤਾ। ਜਿੱਥੇ ਪਿਛਲੀਆਂ ਏਸ਼ੀਅਨ ਪੈਰਾ ਖੇਡਾਂ ਵਿੱਚ ਭਾਰਤ ਨੇ 300 ਤੋਂ ਵੱਧ ਖਿਡਾਰੀਆਂ ਦਾ ਦਲ ਭੇਜਿਆ ਸੀ, ਉੱਥੇ ਹੀ ਇਸ ਵਾਰ ਸਿਰਫ਼ 168 ਖਿਡਾਰੀਆਂ ਨੇ ਹਿੱਸਾ ਲਿਆ। ਪੈਰਾ-ਤੀਰਅੰਦਾਜ਼ੀ ਵਿੱਚ, ਭਾਰਤ ਦੀ ਕੰਪਾਊਂਡ ਮਿਕਸਡ ਟੀਮ ਨੇ 144-ਤੀਰਾਂ ਦੇ ਦੌਰ ਵਿੱਚ 1402 ਅੰਕਾਂ ਨਾਲ ਵਿਸ਼ਵ ਰਿਕਾਰਡ ਬਣਾਇਆ। ਸ਼ੀਤਲ ਦੇਵੀ ਅਤੇ ਤੋਮਨ ਕੁਮਾਰ ਦੀ ਜੋੜੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਗਮਾ ਜਿੱਤਿਆ। ਭਾਰਤ ਨੇ ਇਸ ਖੇਡ ਵਿੱਚ ਕੁੱਲ 6 ਤਗਮੇ (ਜਿਨ੍ਹਾਂ ਵਿੱਚ 3 ਸੋਨੇ ਦੇ ਹਨ) ਜਿੱਤੇ, ਜਿਸ ਵਿੱਚ ਟੀਮ ਮੁਕਾਬਲਿਆਂ ਦਾ ਅਹਿਮ ਯੋਗਦਾਨ ਰਿਹਾ।

ਸ਼ੀਤਲ ਦੇਵੀ ਨੇ ਮਹਿਲਾਵਾਂ ਦੇ ਵਿਅਕਤੀਗਤ ਕੰਪਾਊਂਡ ਮੁਕਾਬਲੇ ਵਿੱਚ 149 ਅੰਕਾਂ ਨਾਲ ਨਵਾਂ ਵਿਸ਼ਵ ਰਿਕਾਰਡ ਬਣਾਇਆ ਅਤੇ ਸੋਨ ਤਗਮਾ ਜਿੱਤਿਆ। ਭਾਰਤ ਦੇ ਨੌਜਵਾਨ ਤੀਰਅੰਦਾਜ਼ਾਂ ਨੇ ਲਗਾਤਾਰ ਵਧੀਆ ਪ੍ਰਦਰਸ਼ਨ ਕੀਤਾ ਅਤੇ ਕਈ ਮੁਕਾਬਲਿਆਂ ਵਿੱਚ ਤਗਮੇ ਜਿੱਤੇ।

ਪੈਰਾ-ਐਥਲੈਟਿਕਸ ਵਿੱਚ, ਸੰਦੀਪ ਨੇ ਪੁਰਸ਼ਾਂ ਦੀ 400 ਮੀਟਰ TDD ਸ਼੍ਰੇਣੀ ਵਿੱਚ 52.28 ਸਕਿੰਟ ਦਾ ਸਮਾਂ ਕੱਢ ਕੇ ਵਿਸ਼ਵ ਰਿਕਾਰਡ ਬਣਾਇਆ ਅਤੇ ਸੋਨ ਤਗਮਾ ਜਿੱਤਿਆ। ਐਥਲੈਟਿਕਸ ਭਾਰਤ ਦੀ ਸਭ ਤੋਂ ਮਜ਼ਬੂਤ ਖੇਡ ਸਾਬਤ ਹੋਈ, ਜਿਸ ਵਿੱਚ ਟੀਮ ਨੇ 65 ਤਗਮੇ (ਜਿਨ੍ਹਾਂ ਵਿੱਚ 22 ਸੋਨੇ ਦੇ ਤਗਮੇ ਸ਼ਾਮਲ ਹਨ) (ਬਾਕੀ ਸਫ਼ਾ 2 'ਤੇ)

ਟਰੰਪ ਦਾ ਦਾਅਵਾ

250% ਟੈਰਿਫ (ਟੈਕਸ) ਲਗਾਉਣ ਦੀ ਧਮਕੀ ਦੇ ਕੇ ਭਾਰਤ-ਪਾਕਿਸਤਾਨ ਜੰਗ ਨੂੰ ਟਾਲਿਆ

- ਉਨ੍ਹਾਂ ਦੋਵਾਂ ਧਿਰਾਂ ਨੂੰ ਕਿਹਾ ਕਿ ਜੇਕਰ ਲੜਾਈ ਨਾ ਰੁਕੀ, ਤਾਂ ਅਮਰੀਕਾ ਵਪਾਰ ਬੰਦ ਕਰ ਦੇਵੇਗਾ



ਵਾਸ਼ਿੰਗਟਨ, 24 ਅਕਤੂਬਰ (ਪੈ.ਗਾਮ-ਏ-ਜਗਤ)

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ੁੱਕਰਵਾਰ ਨੂੰ ਦਾਅਵਾ ਕੀਤਾ ਕਿ ਉਨ੍ਹਾਂ ਨੇ ਭਾਰਤ ਅਤੇ ਪਾਕਿਸਤਾਨ ਵਿਚਕਾਰ ਹੋਣ ਵਾਲੀ ਜੰਗ ਨੂੰ ਟਾਲ ਦਿੱਤਾ ਹੈ। ਉਨ੍ਹਾਂ ਦੋਵਾਂ ਦੇਸ਼ਾਂ ਨੂੰ ਚੇਤਾਵਨੀ ਦਿੱਤੀ ਸੀ ਕਿ ਜੇਕਰ ਲੜਾਈ ਜਾਰੀ ਰਹੀ, ਤਾਂ ਉਹ 250% ਟੈਰਿਫ (ਆਯੂਤ ਸ਼ੁਲਕ) ਲਗਾ ਦੇਣਗੇ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਦੋਵਾਂ ਦੇਸ਼ਾਂ ਨੂੰ ਸਪੱਸ਼ਟ ਕਰ ਦਿੱਤਾ ਸੀ ਕਿ ਜੇਕਰ ਲੜਾਈ ਬੰਦ ਨਾ ਹੋਈ, ਤਾਂ ਅਮਰੀਕਾ ਉਨ੍ਹਾਂ ਨਾਲ ਸਾਰਾ ਵਪਾਰ ਰੋਕ ਦੇਵੇਗਾ। ਉਨ੍ਹਾਂ ਅਨੁਸਾਰ, ਇਸ ਚੇਤਾਵਨੀ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਨੇ ਗੋਲੀਬਾਰੀ ਬੰਦ ਕਰ ਦਿੱਤੀ।

ਫਲੋਰੀਡਾ ਵਿੱਚ ਇੱਕ ਚੋਣ ਰੈਲੀ ਦੌਰਾਨ ਬੋਲਦਿਆਂ, ਟਰੰਪ ਨੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਦੋਵੇਂ ਪ੍ਰਮਾਣੂ ਹਥਿਆਰਾਂ ਨਾਲ ਲੈਸ ਦੇਸ਼ ਹਨ। ਉਨ੍ਹਾਂ ਚੇਤਾਵਨੀ ਦਿੱਤੀ ਸੀ ਕਿ ਜੇਕਰ ਟਕਰਾਅ ਜਾਰੀ ਰਿਹਾ, ਤਾਂ ਅਮਰੀਕਾ ਉਨ੍ਹਾਂ ਦੇ ਸਾਮਾਨ 'ਤੇ ਭਾਰੀ ਟੈਰਿਫ ਲਗਾ ਦੇਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਹਾਲਾਂਕਿ ਦੋਵੇਂ ਦੇਸ਼ ਇਸ ਚੇਤਾਵਨੀ ਤੋਂ ਬਹੁਤ ਨਾਰਾਜ਼ ਸਨ, ਪਰ ਅੰਤ ਵਿੱਚ ਉਨ੍ਹਾਂ ਨੇ ਗੋਲੀਬਾਰੀ ਬੰਦ ਕਰ ਦਿੱਤੀ, ਜਿਸ ਨਾਲ ਇਹ ਟਕਰਾਅ ਖਤਮ ਹੋ ਗਿਆ। ਟਰੰਪ ਨੇ ਕਿਹਾ, 'ਇਸ ਟਕਰਾਅ ਦੌਰਾਨ 11 ਜਹਾਜ਼ ਡੇਗ ਦਿੱਤੇ ਗਏ ਸਨ। ਮੈਂ ਇਸਨੂੰ ਰੋਕਿਆ, ਅਤੇ ਅਜਿਹਾ ਕਰਨਾ ਮੇਰੇ ਲਈ ਮਾਣ ਦੀ ਗੱਲ ਹੈ।' ਭਾਰਤ ਨੇ ਹਮੇਸ਼ਾ (ਬਾਕੀ ਸਫ਼ਾ 2 'ਤੇ)



ਸੋਨੀਆ ਗਾਂਧੀ ਨੇ ਆਪਣੀਆਂ ਸੁਖਾਵੀਆਂ ਯਾਦਾਂ ਸਾਂਝੀਆਂ ਕਰਦਿਆਂ ਕਿਹਾ...

ਅਸੀਂ ਮਿਲ ਕੇ ਇੱਕ ਅਜਿਹੀ ਦੁਨੀਆ ਉਸਾਰੀ, ਜੋ ਖੁਸ਼ੀਆਂ ਨਾਲ ਭਰੀ ਹੋਈ ਸੀ

'ਉਹ ਪਲ ਨਹੀਂ ਭੁੱਲ ਸਕਦੀ'



ਨਵੀਂ ਦਿੱਲੀ, 24 ਅਕਤੂਬਰ (ਪੈ.ਗਾਮ-ਏ-ਜਗਤ)

ਇੰਸਟਾਗ੍ਰਾਮ 'ਤੇ ਆਉਣ ਤੋਂ ਬਾਅਦ ਕਾਂਗਰਸ ਸੰਸਦੀ ਦਲ ਦੀ ਚੇਅਰਪਰਸਨ ਸੋਨੀਆ ਗਾਂਧੀ ਹੁਣ 'ਐਕਸ' (ਪਹਿਲਾਂ ਟਵਿੱਟਰ) 'ਤੇ ਸ਼ਾਮਲ ਹੋ ਗਈਆਂ ਹਨ। ਉਨ੍ਹਾਂ ਨੇ ਇਸ ਪਲੇਟਫਾਰਮ 'ਤੇ ਇੱਕ ਵੀਡੀਓ ਸਾਂਝੀ ਕੀਤੀ, ਜਿਸ ਵਿੱਚ ਦੱਸਿਆ ਗਿਆ ਹੈ ਕਿ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨਾਲ ਉਨ੍ਹਾਂ ਦੀ ਪ੍ਰੇਮ ਕਹਾਣੀ 1965 ਵਿੱਚ ਇੰਗਲੈਂਡ ਦੇ ਕੈਮਬ੍ਰਿਜ ਵਿੱਚ 'ਦਿ ਵਾਰਸਿਟੀ' ਨਾਮਕ ਇੱਕ ਛੋਟੇ ਜਿਹੇ ਯੂਨਾਨੀ ਰੈਸਟੋਰੈਂਟ ਵਿੱਚ ਕਿਵੇਂ ਸ਼ੁਰੂ ਹੋਈ ਸੀ।

'ਐਕਸ' 'ਤੇ ਆਪਣੀ ਪਹਿਲੀ ਪੋਸਟ ਵਿੱਚ ਸੋਨੀਆ ਗਾਂਧੀ ਨੇ ਆਪਣੀ ਆਉਣ ਵਾਲੀ ਕਿਤਾਬ, 'ਬਿਲੌਂਗਿੰਗ: ਏ ਜਰਨੀ ਆਫ਼ ਲਵ' ਬਾਰੇ ਗੱਲ ਕੀਤੀ, ਜੋ 10 ਨਵੰਬਰ ਨੂੰ ਰਿਲੀਜ਼ ਹੋਣ ਵਾਲੀ ਹੈ। ਉਨ੍ਹਾਂ ਨੇ ਰਾਜੀਵ ਗਾਂਧੀ ਨਾਲ ਬਿਤਾਏ ਆਪਣੇ ਜੀਵਨ ਦੀਆਂ ਨਿੱਜੀ ਯਾਦਾਂ ਸਾਂਝੀਆਂ ਕੀਤੀਆਂ ਅਤੇ ਪੁਰਾਣੀਆਂ ਯਾਦਾਂ ਤੇ ਤਸਵੀਰਾਂ ਰਾਹੀਂ ਆਪਣੇ ਰਿਸ਼ਤੇ ਦੇ ਸ਼ੁਰੂਆਤੀ ਦਿਨਾਂ ਦੀ ਝਲਕ ਪੇਸ਼ ਕੀਤੀ।

ਉਨ੍ਹਾਂ ਕਿਹਾ, ਮੇਰੀ ਪ੍ਰੇਮ ਕਹਾਣੀ ਕੈਮਬ੍ਰਿਜ ਦੇ ਇੱਕ ਛੋਟੇ ਜਿਹੇ ਯੂਨਾਨੀ ਰੈਸਟੋਰੈਂਟ ਵਿੱਚ ਸ਼ੁਰੂ ਹੋਈ ਸੀ। ਰਾਜੀਵ ਅਤੇ ਮੈਂ ਪਿਆਰ, ਹਾਸੇ ਅਤੇ ਯਾਦਾਂ ਨਾਲ ਭਰੀ ਇੱਕ ਦੁਨੀਆ ਬਣਾਈ। 10 ਨਵੰਬਰ ਨੂੰ ਮੈਂ ਉਸ ਦੁਨੀਆ ਨੂੰ ਤੁਹਾਡੇ ਨਾਲ ਸਾਂਝਾ ਕਰ ਰਹੀ ਹਾਂ।

1965 ਵਿੱਚ ਕੈਮਬ੍ਰਿਜ ਦੇ ਉਸ ਯੂਨਾਨੀ ਰੈਸਟੋਰੈਂਟ ਵਿੱਚ ਹੋਈ ਆਪਣੀ ਪਹਿਲੀ ਮੁਲਾਕਾਤ ਨੂੰ ਯਾਦ ਕਰਦਿਆਂ, ਸੋਨੀਆ ਨੇ ਰਾਜੀਵ ਗਾਂਧੀ ਅਤੇ ਉਨ੍ਹਾਂ ਗੁਣਾਂ ਬਾਰੇ ਬਹੁਤ ਹੀ ਪਿਆਰ ਭਰੇ ਸ਼ਬਦਾਂ ਵਿੱਚ ਗੱਲ ਕੀਤੀ, ਜਿਨ੍ਹਾਂ ਨੇ ਉਨ੍ਹਾਂ ਨੂੰ ਰਾਜੀਵ ਵੱਲ ਆਕਰਸ਼ਿਤ ਕੀਤਾ ਸੀ। ਉਨ੍ਹਾਂ ਕਿਹਾ, ਬੇਸ਼ੱਕ, ਉਹ ਬਹੁਤ ਸੋਹਣੇ ਸਨ।

ਉਨ੍ਹਾਂ ਨੇ ਉਸ ਸਮੇਂ ਇੰਗਲੈਂਡ ਵਿੱਚ ਵਧੀਆ ਖਾਣਾ ਲੱਭਣ ਵਿੱਚ ਆਉਣ ਵਾਲੀਆਂ ਮੁਸ਼ਕਲਾਂ ਨੂੰ ਵੀ ਯਾਦ ਕੀਤਾ। ਉਨ੍ਹਾਂ ਦੱਸਿਆ ਕਿ ਉਦੋਂ ਬਹੁਤ ਘੱਟ ਰੈਸਟੋਰੈਂਟ ਹੁੰਦੇ ਸਨ ਅਤੇ ਆਖਰਕਾਰ ਉਨ੍ਹਾਂ ਨੂੰ ਇੱਕ ਅਜਿਹਾ ਯੂਨਾਨੀ ਰੈਸਟੋਰੈਂਟ ਮਿਲਿਆ ਜਿੱਥੇ ਭਾਰਤੀ ਅਤੇ ਇਤਾਲਵੀ ਵਿਦਿਆਰਥੀ ਅਕਸਰ ਆਉਂਦੇ-ਜਾਂਦੇ ਸਨ। ਉਨ੍ਹਾਂ ਨੇ ਯਾਦ ਕੀਤਾ ਕਿ ਕਿਵੇਂ ਉਹ ਰੈਸਟੋਰੈਂਟ ਉਹ ਥਾਂ ਬਣ ਗਿਆ ਜਿੱਥੇ ਉਨ੍ਹਾਂ ਦੇ ਰਿਸ਼ਤੇ ਦੀ ਸ਼ੁਰੂਆਤ ਹੋਈ ਸੀ। ਪੁਰਾਣੇ ਦਿਨਾਂ ਨੂੰ ਯਾਦ ਕਰਦਿਆਂ ਸੋਨੀਆ ਨੇ ਦੱਸਿਆ, ਮੈਂ ਰਾਜੀਵ ਨੂੰ ਉਸੇ ਰੈਸਟੋਰੈਂਟ ਵਿੱਚ ਮਿਲੀ ਸੀ। ਸਾਡੀ ਪਹਿਲੀ ਮੁਲਾਕਾਤ ਤੋਂ ਹੀ ਮੈਨੂੰ ਅੰਦਰੋਂ ਮਹਿਸੂਸ ਹੋਇਆ ਕਿ ਉਹ ਅਜਿਹੇ ਇਨਸਾਨ ਹਨ ਜਿਨ੍ਹਾਂ ਦੇ ਨਾਲ ਮੈਂ ਰਹਿਣਾ ਚਾਹਾਂਗੀ 'ਇੱਕ ਅਜਿਹਾ ਪਲ ਜਿਸਨੂੰ ਮੈਂ ਕਦੇ ਨਹੀਂ ਭੁੱਲ ਸਕਦੀ' ਰਾਜੀਵ ਗਾਂਧੀ ਦੇ ਸ਼ਖ਼ਸੀਅਤ ਬਾਰੇ ਗੱਲ ਕਰਦਿਆਂ, ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਨਿਮਰ ਸੁਭਾਅ ਨੇ ਸ਼ੁਰੂ ਤੋਂ ਹੀ ਉਨ੍ਹਾਂ 'ਤੇ ਡੂੰਘਾ ਪ੍ਰਭਾਵ ਪਾਇਆ ਸੀ। ਉਨ੍ਹਾਂ ਅੱਗੇ ਕਿਹਾ, ਉਹ ਬਹੁਤ ਹੀ ਨੇਕ ਅਤੇ ਨਿਮਰ ਇਨਸਾਨ ਜਾਪਦੇ ਸਨ ਹਾਲਾਂਕਿ ਉਹ ਦੇਖਣ ਵਿੱਚ ਬਹੁਤ ਆਕਰਸ਼ਕ ਸਨ ਪਰ ਉਨ੍ਹਾਂ ਦੀ ਸ਼ਖ਼ਸੀਅਤ ਵਿੱਚ ਉਹ ਨਿਮਰਤਾ ਸਾਫ਼ ਝਲਕਦੀ ਸੀ। ਇਸਦਾ ਮੇਰੇ 'ਤੇ ਬਹੁਤ ਡੂੰਘਾ ਅਸਰ ਪਿਆ। ਮੈਂ ਉਸ ਪਲ ਨੂੰ ਕਦੇ ਨਹੀਂ ਭੁੱਲ ਸਕਦੀ ਜਦੋਂ ਅਸੀਂ ਪਹਿਲੀ ਵਾਰ ਮਿਲੇ ਸੀ।


ਵੀਰਵਾਰ ਨੂੰ ਉਨ੍ਹਾਂ ਨੇ ਇੰਸਟਾਗ੍ਰਾਮ 'ਤੇ ਵੀ ਆਪਣੀ ਸ਼ੁਰੂਆਤ ਕੀਤੀ। ਇੱਕ ਪੋਸਟ ਵਿੱਚ ਉਨ੍ਹਾਂ ਨੇ ਆਪਣੀ ਆਉਣ ਵਾਲੀ ਸਵੈ-ਜੀਵਨੀ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਪਾਠਕਾਂ ਨੂੰ ਇਸ ਕਿਤਾਬ ਦੀ ਪਹਿਲੀ ਝਲਕ ਦਿਖਾਉਣ ਦਾ ਮੌਕਾ ਮਿਲਣ 'ਤੇ ਖੁਸ਼ੀ ਜ਼ਾਹਰ ਕੀਤੀ। (ਬਾਕੀ ਸਫ਼ਾ 2 'ਤੇ)

ਮੁੰਬਈ 'ਚ ਵੱਡੀ ਅੱਤਵਾਦੀ ਸਾਜ਼ਿਸ਼ ਨਾਕਾਮ

ਜੈਸ਼ ਨਾਲ ਤਾਰ ਜੁੜਨ ਦੇ ਸ਼ੱਕ 'ਚ ਰੈਪਿਡੋ ਡਰਾਈਵਰ ਗ੍ਰਿ.ਫ਼ਤਾਰ

ਮੁੰਬਈ, 24 ਅਕਤੂਬਰ (ਪੈ.ਗਾਮ-ਏ-ਜਗਤ)

ਮੁੰਬਈ ਵਿੱਚ ਇੱਕ ਰੈਪਿਡੋ ਡਰਾਈਵਰ ਨੂੰ ਮਾਹਿਮ ਮੈਟਰੋ ਸਟੇਸ਼ਨ ਨੇੜਿਓਂ ਫੜਿਆ ਗਿਆ ਹੈ। ਉਸ 'ਤੇ ਪਾਬੰਦੀਸ਼ੁਦਾ ਅੱਤਵਾਦੀ ਸੰਗਠਨ 'ਜੈਸ਼-ਏ-ਮੁਹੰਮਦ' ਨਾਲ ਸਬੰਧ ਹੋਣ ਦਾ ਸ਼ੱਕ ਹੈ।



ਅੱਤਵਾਦੀ ਸੰਗਠਨ ਨਾਲ ਸਬੰਧਾਂ ਦੇ ਸ਼ੱਕ ਵਿੱਚ ਫੜੇ ਗਏ ਇਸ ਰੈਪਿਡੋ ਡਰਾਈਵਰ ਦੀ ਪਛਾਣ ਮੁੰਬਈ ਦੇ ਮਾਹਿਮ ਵਾਸੀ ਮੁਹੰਮਦ ਹਸਨ ਅਬੂ ਸਮਦ ਅਖ਼ਤਰ ਵਜੋਂ ਹੋਈ ਹੈ।

ਮਹਾਰਾਸ਼ਟਰ ਦੇ ਅੱਤਵਾਦ ਵਿਰੋਧੀ ਦਸਤੇ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਉਸ ਨੂੰ ਗ੍ਰਿਫ਼ਤਾਰ ਕੀਤਾ ਹੈ। ਜਾਂਚ ਏਜੰਸੀ ਮੁਤਾਬਕ, ਅਖ਼ਤਰ ਰੈਪਿਡੋ ਡਰਾਈਵਰ ਅਤੇ ਇਤਰ ਵੇਚਣ ਦੇ ਕੰਮ ਦੀ ਆੜ ਵਿੱਚ ਕੱਟੜਪੰਥੀ ਵਿਚਾਰਧਾਰਾ ਦਾ ਪ੍ਰਚਾਰ ਕਰ ਰਿਹਾ ਸੀ। ਉਹ ਪਾਕਿਸਤਾਨੀ ਖ਼ੁਫ਼ੀਆ ਤੰਤਰ ਦੇ ਸੰਪਰਕ ਵਿੱਚ ਸੀ। ਮੁਲਜ਼ਮ ਨੇ ਧਾਰਮਿਕ ਨਫ਼ਰਤ ਨੂੰ ਉਤਸ਼ਾਹਿਤ ਕੀਤਾ ਅਤੇ 'ਇੰਡੀਅਨ ਮੁਸਲਿਮ' ਨਾਮ ਦੇ ਟੈਲੀਗ੍ਰਾਮ ਗਰੁੱਪ ਵਿੱਚ ਜੈਸ਼-ਏ-ਮੁਹੰਮਦ ਦੇ ਮੁਖੀ ਮੌਲਾਨਾ ਮਸੂਦ ਅਜ਼ਹਰ ਦੀਆਂ ਅਜਿਹੀਆਂ ਆਡੀਓ ਕਲਿੱਪਾਂ ਸਾਂਝੀਆਂ ਕੀਤੀਆਂ, ਜਿਨ੍ਹਾਂ ਵਿੱਚ ਬਾਬਰੀ ਮਸਜਿਦ (ਬਾਕੀ ਸਫ਼ਾ 2 'ਤੇ)

ਵਪਾਰੀਆਂ ਨੇ ਰਾਹੁਲ ਨੂੰ ਕਿਹਾ...

1 ਨਵੰਬਰ ਨੂੰ ਰੈਲੀ ਨਾ ਕਰੋ

ਇਸ ਨਾਲ ਦਿੱਲੀ ਵਿੱਚ 10,000 ਕਰੋੜ ਰੁਪਏ ਦਾ ਨੁਕਸਾਨ ਹੋਵੇਗਾ; ਪਿਛਲੇ ਦੀਵਾਲੀ ਦੇ ਸੀਜ਼ਨ ਦੌਰਾਨ ਲਗਭਗ 75,000 ਕਰੋੜ ਰੁਪਏ ਦੀ ਵਿਕਰੀ ਹੋਈ ਸੀ



ਦਿੱਲੀ, 24 ਅਕਤੂਬਰ (ਪੈ.ਗਾਮ-ਏ-ਜਗਤ)

ਦੀਵਾਲੀ ਅਤੇ ਤਿਉਹਾਰਾਂ ਦੇ ਸੀਜ਼ਨ ਦੇ ਵਿਚਕਾਰ, ਦਿੱਲੀ-ਅਧਾਰਤ ਵਪਾਰੀਆਂ ਦੀ ਸੰਸਥਾ 'ਚੈਂਬਰ ਆਫ਼ ਟਰੇਡ ਐਂਡ ਇੰਡਸਟਰੀ' ਨੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ ਪੱਤਰ ਲਿਖ ਕੇ 1 ਨਵੰਬਰ ਨੂੰ ਰਾਮਲੀਲਾ ਮੈਦਾਨ ਵਿੱਚ ਪ੍ਰਸਤਾਵਿਤ 'ਮੈਗਾ-ਰੈਲੀ' ਨੂੰ ਮੁਲਤਵੀ ਕਰਨ ਦੀ ਬੇਨਤੀ ਕੀਤੀ ਹੈ। ਵਪਾਰੀਆਂ ਦਾ ਕਹਿਣਾ ਹੈ ਕਿ ਇਹ ਸਮਾਂ ਤਿਉਹਾਰਾਂ ਦੀ ਖਰੀਦਦਾਰੀ ਦਾ ਸਿਖਰਲਾ ਦੌਰ ਹੁੰਦਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਹੈ ਕਿ ਇਸ ਦੌਰਾਨ ਰਾਮਲੀਲਾ ਮੈਦਾਨ ਵਿੱਚ ਇੱਕ ਵੱਡੀ ਸਿਆਸੀ ਰੈਲੀ ਕਰਨ ਨਾਲ ਆਵਾਜਾਈ ਦੀ ਭੀੜ, ਸੁਰੱਖਿਆ ਬੈਰੀਕੇਡਾਂ ਅਤੇ ਸੜਕਾਂ ਬੰਦ ਹੋਣ ਕਾਰਨ ਆਸ-ਪਾਸ ਦੇ 20 ਪ੍ਰਮੁੱਖ ਥੋਕ ਅਤੇ ਪ੍ਰਚੂਨ ਬਾਜ਼ਾਰਾਂ ਵਿੱਚ ਕਾਰੋਬਾਰ ਠੱਪ ਹੋ ਸਕਦਾ ਹੈ, ਜਿਸ ਨਾਲ ਲਗਭਗ 10,000 ਕਰੋੜ ਰੁਪਏ ਦੇ ਵਪਾਰ 'ਤੇ ਮਾੜਾ ਅਸਰ ਪੈ ਸਕਦਾ ਹੈ।

ਰਾਹੁਲ ਗਾਂਧੀ ਨੂੰ ਲਿਖੇ ਪੱਤਰ ਵਿੱਚ, CTI ਦੇ ਚੇਅਰਮੈਨ ਬ੍ਰਿਜੇਸ਼ ਗੋਇਲ ਨੇ ਨਿਮਰਤਾ ਸਹਿਤ ਬੇਨਤੀ ਕੀਤੀ ਹੈ ਕਿ ਰੈਲੀ ਨੂੰ 10 ਨਵੰਬਰ ਤੋਂ ਬਾਅਦ—ਭਾਵ 'ਭਾਈ ਦੂਜ' ਦੇ ਤਿਉਹਾਰ ਤੋਂ ਬਾਅਦ—ਲਈ ਮੁੜ ਤਹਿ ਕੀਤਾ ਜਾਵੇ। ਵਪਾਰਕ ਸੰਸਥਾ ਅਨੁਸਾਰ, ਰਾਜਧਾਨੀ ਦੇ ਦੁਕਾਨਦਾਰਾਂ ਨੂੰ ਅਕਤੂਬਰ ਦੇ ਮਹੀਨੇ ਵਿੱਚ ਹੀ ਕਨਾਟ ਪਲੇਸ, ਇੰਡੀਆ ਗੇਟ ਅਤੇ ਸੈਂਟਰਲ ਦਿੱਲੀ ਵਰਗੇ ਇਲਾਕਿਆਂ ਵਿੱਚ ਹੋਏ ਵੱਖ-ਵੱਖ ਪ੍ਰਦਰਸ਼ਨਾਂ ਅਤੇ ਮਾਰਚਾਂ ਕਾਰਨ ਲਗਭਗ 3,000 ਕਰੋੜ ਰੁਪਏ ਦਾ ਨੁਕਸਾਨ ਝੱਲਣਾ ਪਿਆ ਹੈ। ਇਸ ਲਈ, ਧਨਤੇਰਸ, ਦੀਵਾਲੀ ਅਤੇ ਭਾਈ ਦੂਜ ਵਰਗੇ ਅਹਿਮ ਦਿਨਾਂ ਦੌਰਾਨ ਕੋਈ ਵੀ ਵੱਡੀ ਰੈਲੀ ਵਪਾਰੀਆਂ ਦੀਆਂ ਪੂਰੇ ਸਾਲ ਦੀਆਂ ਉਮੀਦਾਂ 'ਤੇ ਸਿੱਧਾ ਅਸਰ ਪਾਵੇਗੀ। ਵਪਾਰੀਆਂ ਨੇ ਪੱਤਰ ਵਿੱਚ ਸਪੱਸ਼ਟ ਕੀਤਾ ਹੈ ਕਿ ਦੇਸ਼ ਦੇ ਕੁਝ ਸਭ ਤੋਂ ਵੱਡੇ ਥੋਕ ਅਤੇ ਪ੍ਰਚੂਨ ਕੇਂਦਰ—ਜਿਨ੍ਹਾਂ ਵਿੱਚ ਚਾਂਦਨੀ ਚੌਕ, ਸਦਰ ਬਾਜ਼ਾਰ, ਖਾਰੀ ਬਾਉਲੀ, ਚਾਵੜੀ ਬਾਜ਼ਾਰ, ਭਾਗੀਰਥ ਪੈਲੇਸ, ਕਸ਼ਮੀਰੀ ਗੇਟ, ਨਯਾ ਬਾਜ਼ਾਰ, ਮੋਰੀ ਗੇਟ, ਦਰਿਆਗੰਜ, ਅਜਮੇਰੀ ਗੇਟ, ਕਰੋਲ ਬਾਗ ਅਤੇ (ਬਾਕੀ ਸਫ਼ਾ 2 'ਤੇ)

ਭਾਰਤ ਦਾ ਸਭ ਤੋਂ ਲੋੜੀਂਦਾ ਗੈਂਗਸਟਰ ਹਿਮਾਂਸ਼ੂ ਭਾਊ ਅਮਰੀਕਾ ਵਿੱਚ ਗ੍ਰਿ.ਫ਼ਤਾਰ

- 30 ਤੋਂ ਵੱਧ ਮਾਮਲੇ ਦਰਜ; ਇੰਟਰਪੋਲ ਨੇ 2023 ਵਿੱਚ 'ਰੈੱਡ ਕਾਰਨਰ ਨੋਟਿਸ' ਜਾਰੀ ਕੀਤਾ ਸੀ



ਨਵੀਂ ਦਿੱਲੀ, 24 ਅਕਤੂਬਰ (ਪੈ.ਗਾਮ-ਏ-ਜਗਤ)

ਭਾਰਤ ਦੇ ਸਭ ਤੋਂ ਲੋੜੀਂਦੇ ਗੈਂਗਸਟਰਾਂ ਵਿੱਚੋਂ ਇੱਕ, ਹਿਮਾਂਸ਼ੂ ਭਾਊ ਨੂੰ ਅਮਰੀਕਾ ਵਿੱਚ ਐਫ.ਬੀ.ਆਈ. ਨੇ ਗ੍ਰਿਫ਼ਤਾਰ ਕਰ ਲਿਆ ਹੈ। ਮੀਡੀਆ ਰਿਪੋਰਟਾਂ ਅਨੁਸਾਰ, ਹਿਮਾਂਸ਼ੂ 'ਤੇ ਦਿੱਲੀ ਅਤੇ ਹਰਿਆਣਾ ਸਮੇਤ ਕਈ ਰਾਜਾਂ ਵਿੱਚ 30 ਤੋਂ ਵੱਧ ਗੰਭੀਰ ਅਪਰਾਧਿਕ ਮਾਮਲੇ ਦਰਜ ਹਨ, ਜਿਨ੍ਹਾਂ ਵਿੱਚ ਕਤਲ, ਕਤਲ ਦੀ ਕੋਸ਼ਿਸ਼, ਫਿਰੌਤੀ ਮੰਗਣਾ ਅਤੇ ਹਥਿਆਰਾਂ ਦੀ ਤਸਕਰੀ ਵਰਗੇ ਦੋਸ਼ ਸ਼ਾਮਲ ਹਨ।

ਇੰਟਰਪੋਲ ਨੇ 2023 ਵਿੱਚ ਉਸ ਦੇ ਖਿਲਾਫ਼ 'ਰੈੱਡ ਕਾਰਨਰ ਨੋਟਿਸ' ਜਾਰੀ ਕੀਤਾ ਸੀ। ਹਰਿਆਣਾ ਪੁਲਿਸ ਨੇ ਉਸ ਦੀ ਗ੍ਰਿਫ਼ਤਾਰੀ 'ਤੇ 2.5 ਲੱਖ ਰੁਪਏ ਅਤੇ ਦਿੱਲੀ ਪੁਲਿਸ ਨੇ 1 ਲੱਖ ਰੁਪਏ ਦੇ ਇਨਾਮ ਦਾ ਐਲਾਨ ਕੀਤਾ ਸੀ। ਹਿਮਾਂਸ਼ੂ ਉਦੋਂ ਚਰਚਾ ਵਿੱਚ ਆਇਆ ਜਦੋਂ 2022 ਵਿੱਚ ਹਰਿਆਣਾ ਅੰਦਰ 24 ਘੰਟਿਆਂ ਦੇ ਅੰਦਰ ਤਿੰਨ ਕਤਲ ਹੋਏ ਸਨ। ਉਸ ਦੇ ਗੈਂਗ ਨੇ ਯੂਟਿਊਬਰ ਐਲਵਿਸ਼ ਯਾਦਵ ਦੇ ਗੁਰੂਗ੍ਰਾਮ ਸਥਿਤ ਘਰ ਦੇ ਬਾਹਰ ਹੋਈ ਗੋਲੀਬਾਰੀ ਦੀ ਜ਼ਿੰਮੇਵਾਰੀ ਵੀ ਲਈ ਸੀ। ਹਿਮਾਂਸ਼ੂ ਨੂੰ ਲਾਰੈਂਸ ਬਿਸ਼ਨੋਈ ਅਤੇ ਗੋਲਡੀ ਬਰਾੜ ਗੈਂਗਾਂ ਦਾ ਵਿਰੋਧੀ ਮੰਨਿਆ ਜਾਂਦਾ ਹੈ। ਇਸੇ ਕਾਰਵਾਈ ਦੌਰਾਨ ਇੱਕ ਹੋਰ ਭਗੌੜੇ, ਨੀਰਜ ਫਰੀਦਪੁਰੀਆ ਨੂੰ ਵੀ ਫੜਿਆ ਗਿਆ ਹੈ; ਦੱਸਿਆ ਜਾ ਰਿਹਾ ਹੈ ਕਿ ਉਹ ਇਸ ਸਾਲ ਦੇ ਸ਼ੁਰੂ (ਬਾਕੀ ਸਫ਼ਾ 2 'ਤੇ)

ਭਿਆਨਕ ਸੜਕ ਹਾਦਸਾ

ਟਰੱਕ ਨਾਲ ਟਕਰਾਈ ਤੇਜ਼ ਰ.ਫ਼ਤਾਰ ਕਾਰ

- ਇੱਕੋ ਪਰਿਵਾਰ ਦੇ 5 ਮੈਂਬਰਾਂ ਸਮੇਤ 6 ਦੀ ਮੌਤ



ਜੈਪੁਰ, 24 ਅਕਤੂਬਰ (ਪੈ.ਗਾਮ-ਏ-ਜਗਤ)

ਸ਼ਨੀਵਾਰ ਸਵੇਰੇ ਰਾਜਸਥਾਨ ਦੇ ਚੁਰੂ ਜ਼ਿਲ੍ਹੇ ਵਿੱਚ ਸਾਦੁਲਪੁਰ ਕਸਬੇ ਨੇੜੇ ਇੱਕ ਤੇਜ਼ ਰਫ਼ਤਾਰ ਕਾਰ ਟਰੱਕ ਨਾਲ ਟਕਰਾ ਗਈ। ਇਸ ਹਾਦਸੇ ਵਿੱਚ ਕਾਰ ਚਾਲਕ ਅਤੇ ਉਸੇ ਪਰਿਵਾਰ ਦੇ ਪੰਜ ਮੈਂਬਰਾਂ ਦੀ ਮੌਤ ਹੋ ਗਈ, ਜੋ ਗੱਡੀ ਵਿੱਚ ਸਵਾਰ ਸਨ। ਇਹ ਘਟਨਾ ਦਾਦਰੇਵਾ-ਤਾਰਾ ਨਗਰ ਸੜਕ 'ਤੇ ਵਾਪਰੀ। ਪਰਿਵਾਰਕ ਮੈਂਬਰ ਇੱਕ ਮੰਦਰ ਵਿੱਚ ਮੱਥਾ ਟੇਕਣ ਜਾ ਰਹੇ ਸਨ। ਕਾਰ ਵਿੱਚ ਕੁੱਲ ਸੱਤ ਲੋਕ ਸਵਾਰ ਸਨ; ਇਨ੍ਹਾਂ ਵਿੱਚੋਂ ਛੇ ਲੋਕਾਂ (ਡਰਾਈਵਰ ਸਮੇਤ) (ਬਾਕੀ ਸਫ਼ਾ 2 'ਤੇ)

ਪਾਕਿਸਤਾਨ ਵਿੱਚ ਐਲਪੀਜੀ ਸਿਲੰਡਰ ਦੀ ਕੀਮਤ 7,000 ਰੁਪਏ ਤੱਕ ਪਹੁੰਚੀ

17 ਅਕਤੂਬਰ ਤੋਂ ਈਰਾਨ ਤੋਂ ਸਪਲਾਈ ਬੰਦ

ਇਸਲਾਮਾਬਾਦ/ਤਹਿਰਾਨ, 24 ਅਕਤੂਬਰ (ਪੈ.ਗਾਮ-ਏ-ਜਗਤ)

ਪਾਕਿਸਤਾਨ ਵਿੱਚ ਐਲਪੀਜੀ ਸਿਲੰਡਰ ਦੀ ਕੀਮਤ ਵਿੱਚ ਭਾਰੀ ਵਾਧਾ ਹੋਇਆ ਹੈ। ਕੁਝ ਹੀ ਦਿਨਾਂ ਵਿੱਚ, 12 ਕਿਲੋਗ੍ਰਾਮ ਵਾਲੇ ਸਿਲੰਡਰ ਦੀ ਕੀਮਤ 4,500 ਪਾਕਿਸਤਾਨੀ ਰੁਪਏ ਤੋਂ ਵੱਧ ਕੇ 7,000 ਰੁਪਏ ਹੋ ਗਈ ਹੈ। ਇਸ ਦਾ ਕਾਰਨ ਈਰਾਨ ਤੋਂ ਪਾਕਿਸਤਾਨ ਨੂੰ ਹੋਣ ਵਾਲੀ ਐਲਪੀਜੀ ਸਪਲਾਈ ਦਾ ਰੁਕਣਾ ਹੈ, ਕਿਉਂਕਿ ਦੋਵਾਂ ਦੇਸ਼ਾਂ ਵਿਚਕਾਰ ਸਰਹੱਦ ਦੇ ਦੋ ਮੁੱਖ ਰਸਤੇ 17 ਅਕਤੂਬਰ ਤੋਂ ਬੰਦ ਹਨ।

ਦੋਵਾਂ ਦੇਸ਼ਾਂ ਨੇ ਇਨ੍ਹਾਂ ਰਸਤਿਆਂ ਦੇ ਬੰਦ ਹੋਣ ਦੇ ਵੱਖੋ-ਵੱਖਰੇ ਕਾਰਨ ਦੱਸੇ ਹਨ। ਪਾਕਿਸਤਾਨ ਦਾ ਕਹਿਣਾ ਹੈ ਕਿ ਸੁਰੱਖਿਆ ਚਿੰਤਾਵਾਂ ਅਤੇ ਤਸਕਰੀ ਨੂੰ ਰੋਕਣ ਦੀਆਂ ਕੋਸ਼ਿਸ਼ਾਂ ਕਾਰਨ ਸਰਹੱਦਾਂ ਬੰਦ ਕੀਤੀਆਂ ਗਈਆਂ ਹਨ, ਜਦਕਿ ਈਰਾਨ ਨੇ ਇਸ ਲਈ ਤਕਨੀਕੀ ਕਾਰਨਾਂ ਦਾ ਹਵਾਲਾ ਦਿੱਤਾ ਹੈ। ਪਾਕਿਸਤਾਨ ਆਪਣੀ ਕੁੱਲ ਐਲਪੀਜੀ ਲੋੜ ਦਾ ਲਗਭਗ 50% ਹਿੱਸਾ ਈਰਾਨ ਤੋਂ ਦਰਾਮਦ ਕਰਦਾ ਹੈ; ਨਤੀਜੇ ਵਜੋਂ, ਸਪਲਾਈ ਵਿੱਚ ਰੁਕਾਵਟ ਆਉਣ ਕਾਰਨ ਆਮ ਲੋਕਾਂ ਦੀਆਂ ਮੁਸ਼ਕਲਾਂ



ਹੋਰ ਵਧ ਗਈਆਂ ਹਨ।

ਪਾਕਿਸਤਾਨ ਆਪਣੀ ਐਲਪੀਜੀ ਲੋੜ ਦਾ ਲਗਭਗ 70% ਹਿੱਸਾ ਦਰਾਮਦਾਂ 'ਤੇ ਨਿਰਭਰ ਹੋ ਕੇ ਪੂਰਾ ਕਰਦਾ ਹੈ, ਜਿਸ ਵਿੱਚ ਈਰਾਨ, ਇਰਾਕ ਅਤੇ ਓਮਾਨ ਤੋਂ ਗੈਸ ਮੰਗਵਾਈ ਜਾਂਦੀ ਹੈ। ਪਾਕਿਸਤਾਨ ਦੇ ਪੈਟਰੋਲੀਅਮ ਮੰਤਰੀ, ਅਲੀ ਪਰਵੇਜ਼ ਮਲਿਕ ਅਨੁਸਾਰ, ਦੇਸ਼ ਨੂੰ ਰੋਜ਼ਾਨਾ 6,500 ਤੋਂ (ਬਾਕੀ ਸਫ਼ਾ 2 'ਤੇ)



ਤਿਲਕ ਤੇ ਨਿਤੀਸ਼ ਦੀ ਪਾਰੀ ਸਦਕਾ ਹਾਰਿਆ ਹੋਇਆ ਮੈਚ ਜਿੱਤਿਆ

ਭਾਰਤ ਨੇ ਨਿਊਜ਼ੀਲੈਂਡ ਨੂੰ ਚਾਰ ਵਿਕਟਾਂ ਨਾਲ ਹਰਾਇਆ

- 30 ਗੇਂਦਾਂ ਵਿਚ 69 ਦੌੜਾਂ ਦੀ ਸਾਂਝੇਦਾਰੀ ਜਿੱਤਿਆ ਦੂਜਾ ਟੀ-20 ਮੈਚ



ਚੰਡੀਗੜ੍ਹ, 24 ਅਕਤੂਬਰ (ਪੈ.ਗਾਮ-ਏ-ਜਗਤ)

ਭਾਰਤ ਨੇ ਨਿਊਜ਼ੀਲੈਂਡ ਨੂੰ ਦੂਜੇ ਟੀ-20 ਕੌਮਾਂਤਰੀ ਕ੍ਰਿਕਟ ਮੈਚ ਵਿੱਚ ਚਾਰ ਵਿਕਟਾਂ ਨਾਲ ਹਰਾ ਕੇ ਜਿੱਤ ਦਰਜ ਕੀਤੀ। ਨਿਊਜ਼ੀਲੈਂਡ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ ਨਿਰਧਾਰਤ 20 ਓਵਰਾਂ ਵਿੱਚ ਪੰਜ ਵਿਕਟਾਂ ਦੇ ਨੁਕਸਾਨ 'ਤੇ 180 ਦੌੜਾਂ ਬਣਾਈਆਂ। ਜਵਾਬ ਵਿੱਚ ਭਾਰਤੀ ਟੀਮ ਨੇ 19.5 ਓਵਰਾਂ ਵਿੱਚ ਛੇ ਵਿਕਟਾਂ ਗੁਆ ਕੇ 181 ਦੌੜਾਂ ਬਣਾਈਆਂ ਅਤੇ ਮੈਚ ਆਪਣੇ ਨਾਂ ਕਰ ਲਿਆ। ਇਸ ਜਿੱਤ ਨਾਲ ਭਾਰਤ ਸੀਰੀਜ਼ ਵਿਚ 2-0 ਨਾਲ ਅੱਗੇ ਹੋ ਗਿਆ ਹੈ।

ਇਸ ਤੋਂ ਪਹਿਲਾਂ ਗਲੇਨ ਫਿਲਿਪਸ ਅਤੇ ਬੇਵੋਨ ਜੈਕਬਜ਼ ਦੇ ਸ਼ਾਨਦਾਰ ਅਰਧ ਸੈਂਕੜਿਆਂ ਦੀ ਮਦਦ ਨਾਲ ਨਿਊਜ਼ੀਲੈਂਡ ਨੇ ਭਾਰਤ ਵਿਰੁੱਧ ਦੂਜੇ ਟੀ-20 ਕੌਮਾਂਤਰੀ ਕ੍ਰਿਕਟ ਮੈਚ ਵਿੱਚ 20 ਓਵਰਾਂ ਵਿੱਚ ਪੰਜ ਵਿਕਟਾਂ ਗੁਆ ਕੇ 180 ਦੌੜਾਂ ਬਣਾਈਆਂ। ਨਿਊਜ਼ੀਲੈਂਡ ਨੇ ਟਾਸ ਤੋਂ ਬਾਅਦ ਪਹਿਲਾਂ ਬੱਲੇਬਾਜ਼ੀ ਕਰਦਿਆਂ ਪਾਵਰਪਲੇਅ ਦੇ ਛੇ ਓਵਰਾਂ ਵਿੱਚ ਹੀ ਤਿੰਨ ਵਿਕਟਾਂ ਗੁਆ ਦਿੱਤੀਆਂ ਸਨ। ਅਰਸ਼ਦੀਪ ਸਿੰਘ ਨੇ ਦੂਜੇ ਓਵਰ ਵਿੱਚ ਟਿਮ ਸੀਫਰਟ (7) ਨੂੰ ਤਿਲਕ ਵਰਮਾ ਹੱਥੋਂ ਕੈਚ ਕਰਵਾਇਆ। ਅਗਲੇ ਓਵਰ ਵਿੱਚ ਭੁਵਨੇਸ਼ਵਰ ਕੁਮਾਰ ਨੇ ਡੈਰਿਲ ਮਿਚੇਲ (6) ਨੂੰ ਆਊਟ ਕਰ ਦਿੱਤਾ। ਪ੍ਰਿੰਸ ਯਾਦਵ ਨੇ ਛੇਵੇਂ ਓਵਰ ਵਿੱਚ ਫਿਨ ਐਲਨ (16) ਦੀ (ਬਾਕੀ ਸਫ਼ਾ 2 'ਤੇ)

ਪੀ.ਆਰ.ਟੀ.ਸੀ., ਪਨਬੱਸ ਤੇ ਪੰਜਾਬ ਰੋਡਵੇਜ਼ ਮੁਲਾਜ਼ਮਾਂ ਵੱਲੋਂ ਹੜਤਾਲ ਖ਼ਤਮ

- ਵਿੱਤ ਤੇ ਟਰਾਂਸਪੋਰਟ ਮੰਤਰੀ ਹਰਪਾਲ ਚੀਮਾ ਨਾਲ ਗੱਲਬਾਤ ਸ.ਫਲ
- ਮੰਗਾਂ ਦੇ ਲਿਖਤੀ ਹੁਕਮ ਮਿਲਣ ਬਾਅਦ ਸੂਬੇ ਭਰ 'ਚ ਬੱਸ ਸੇਵਾਵਾਂ ਬਹਾਲ

ਪਟਿਆਲਾ, 24 ਅਕਤੂਬਰ (ਪੈ.ਗਾਮ-ਏ-ਜਗਤ)

ਸਰਕਾਰੀ ਬੱਸਾਂ ਦਾ ਸਫ਼ਰ ਬੰਦ ਹੋਣ ਕਾਰਨ ਪਿਛਲੇ ਚਾਰ ਦਿਨਾਂ ਤੋਂ ਖੱਜਲ-ਖ਼ੁਆਰ ਹੋ ਰਹੇ ਮੁਸਾਫ਼ਰਾਂ ਦੀਆਂ ਔਕੜਾਂ ਅੱਜ ਉਸ ਵੇਲੇ ਖ਼ਤਮ ਹੋ ਗਈਆਂ, ਜਦੋਂ ਪੰਜਾਬ ਸਰਕਾਰ ਅਤੇ ਹੜਤਾਲੀ ਠੇਕਾ ਮੁਲਾਜ਼ਮਾਂ ਵਿਚਾਲੇ ਆਪਸੀ ਸਹਿਮਤੀ ਬਣ ਗਈ।

ਪੀਆਰਟੀਸੀ, ਪਨਬੱਸ ਅਤੇ ਪੰਜਾਬ ਰੋਡਵੇਜ਼ ਦੇ ਕੰਟਰੈਕਟ ਮੁਲਾਜ਼ਮਾਂ ਦੀ ਚਾਰ ਦਿਨਾਂ ਤੋਂ ਚੱਲ ਰਹੀ ਹੜਤਾਲ ਪੰਜਾਬ ਦੇ ਵਿੱਤ ਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਹੋਈ ਗੱਲਬਾਤ ਤੋਂ ਬਾਅਦ ਸਮਾਪਤ ਹੋ ਗਈ ਹੈ। ਮੁਲਾਜ਼ਮ ਜਥੇਬੰਦੀਆਂ ਵੱਲੋਂ ਹੜਤਾਲ ਵਾਪਸ ਲੈਣ ਦੇ ਐਲਾਨ ਮਗਰੋਂ ਦੁਪਹਿਰ ਬਾਅਦ ਸੂਬੇ ਦੇ ਬਹੁਤੇ ਹਿੱਸਿਆਂ ਵਿੱਚ ਸਰਕਾਰੀ ਬੱਸ ਸੇਵਾਵਾਂ ਮੁੜ ਸ਼ੁਰੂ ਹੋ ਗਈਆਂ, ਜਿਸ ਨਾਲ ਆਮ ਜਨਤਾ ਨੂੰ ਵੱਡੀ ਰਾਹਤ ਮਿਲੀ ਹੈ। ਜ਼ਿਕਰਯੋਗ ਹੈ ਕਿ ਇਸ ਹੜਤਾਲ ਕਾਰਨ ਪੂਰੇ ਪੰਜਾਬ ਵਿੱਚ ਸਰਕਾਰੀ ਟਰਾਂਸਪੋਰਟ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋਈਆਂ ਸਨ। ਰੋਜ਼ਾਨਾ ਸਫ਼ਰ ਕਰਨ ਵਾਲੇ ਮੁਸਾਫ਼ਰਾਂ, ਖ਼ਾਸ ਕਰਕੇ ਸਕੂਲ-ਕਾਲਜਾਂ ਦੇ (ਬਾਕੀ ਸਫ਼ਾ 2 'ਤੇ)

ਅੰਮ੍ਰਿਤਸਰ ਵਿੱਚ ਮੀਂਹ; ਭਿੱਖੀਵਿੰਡ ਤੇ ਹੋਰ ਖੇਤਰਾਂ ਵਿਚ ਗੜ੍ਹੇਮਾਰੀ

- ਬੇਮੌਸਮੇ ਮੀਂਹ ਨੇ ਕਿਸਾਨਾਂ ਦੀ ਚਿੰਤਾ ਵਧਾਈ; ਫ਼ਸਲਾਂ ਦਾ ਨੁਕਸਾਨ, ਮੰਡੀਆਂ ਵਿੱਚ ਝੋਨੇ ਦੀ ਚੁਕਾਈ ਮੁੜ ਪ੍ਰਭਾਵਿਤ ਹੋਣ ਦੇ ਆਸਾਰ



ਭਿੱਖੀਵਿੰਡ, 24 ਅਕਤੂਬਰ (ਪੈ.ਗਾਮ-ਏ-ਜਗਤ)

ਅੰਮ੍ਰਿਤਸਰ ਵਿੱਚ ਅੱਜ ਸ਼ਾਮ ਵੇਲੇ ਮੀਂਹ ਪਿਆ ਜਦਕਿ ਭਿੱਖੀਵਿੰਡ ਵਿਚ ਅੱਜ ਸ਼ਨਿਚਰਵਾਰ ਸ਼ਾਮ ਨੂੰ ਗੜ੍ਹੇਮਾਰੀ ਹੋਈ ਜਿਸ ਨੇ ਕਿਸਾਨਾਂ ਦੇ ਸਾਹ ਸੂਤ ਦਿੱਤੇ ਹਨ।

ਮੌਸਮ ਵਿੱਚ ਆਏ ਅਚਾਨਕ ਬਦਲਾਅ ਕਾਰਨ ਜਿੱਥੇ ਖੇਤਾਂ ਵਿੱਚ ਖੜ੍ਹੀਆਂ ਫ਼ਸਲਾਂ ਦੇ ਨੁਕਸਾਨ ਦਾ ਖ਼ਦਸ਼ਾ ਵਧ ਗਿਆ ਹੈ, ਉੱਥੇ ਹੀ ਮੰਡੀਆਂ ਵਿੱਚ ਪਈ ਝੋਨੇ ਦੀ ਫ਼ਸਲ ਦੀ ਚੁਕਾਈ ਦਾ ਕੰਮ ਵੀ ਮੁੜ ਪ੍ਰਭਾਵਿਤ ਹੋਣ ਦੇ ਆਸਾਰ ਬਣ ਗਏ ਹਨ।

ਜਾਣਕਾਰੀ ਅਨੁਸਾਰ ਸ਼ਨਿਚਰਵਾਰ ਸ਼ਾਮ ਨੂੰ ਭਿੱਖੀਵਿੰਡ ਵਿਚ ਭਾਰੀ ਮੀਂਹ ਅਤੇ ਗੜ੍ਹੇਮਾਰੀ ਹੋਈ ਜਿਸ ਕਾਰਨ ਖੇਤਾਂ ਵਿੱਚ ਖੜ੍ਹੀਆਂ ਫ਼ਸਲਾਂ ਨੂੰ ਨੁਕਸਾਨ ਪਹੁੰਚਣ ਦਾ ਖ਼ਦਸ਼ਾ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਮੌਸਮ ਦੀ ਇਸ ਅਚਾਨਕ ਤਬਦੀਲੀ ਨੇ ਉਨ੍ਹਾਂ ਦੀਆਂ ਚਿੰਤਾਵਾਂ ਵਧਾ ਦਿੱਤੀਆਂ ਹਨ। ਸਾਲ ਭਰ ਦੀ ਮਿਹਨਤ ਅਤੇ ਫ਼ਸਲ ਉੱਤੇ ਲਾਇਆ ਪੈਸਾ ਦਾਅ 'ਤੇ ਲੱਗਿਆ ਹੋਇਆ ਹੈ, ਜਦਕਿ ਮੀਂਹ ਅਤੇ ਗੜ੍ਹਿਆਂ ਕਾਰਨ ਪੈਦਾ ਹੋਏ ਹਾਲਾਤ ਨੇ ਕਿਸਾਨਾਂ ਨੂੰ ਫ਼ਸਲਾਂ ਦੀ ਸੰਭਾਲ ਬਾਰੇ ਸੋਚਣ ਲਈ ਮਜਬੂਰ ਕਰ ਦਿੱਤਾ ਹੈ।

ਕਿਸਾਨ ਰੇਸ਼ਮ ਸਿੰਘ, ਪਿਸ਼ੌਰਾ ਸਿੰਘ, ਚਾਨਣ ਸਿੰਘ ਅਤੇ ਹਰਦੇਵ ਸਿੰਘ ਨੇ ਕਿਹਾ ਕਿ ਕਿਸਾਨ ਪਹਿਲਾਂ ਹੀ ਖੇਤੀਬਾੜੀ ਨਾਲ ਜੁੜੀਆਂ ਅਨੇਕਾਂ ਮੁਸ਼ਕਲਾਂ ਦਾ (ਬਾਕੀ ਸਫ਼ਾ 2 'ਤੇ)

ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਨਾਰਵੇ ਦੇ ਮਾਤਾ ਗੁਜਰੀ ਜੀ ਪੰਜਾਬੀ ਸਕੂਲ ਦਾ ਦੌਰਾ

ਪੈ.ਗਾਮ-ਏ-ਜਗਤ/ਅੰਬਾਲਾ, 24 ਅਕਤੂਬਰ (ਆਰ. ਸਿੰਘ)

ਦ੍ਰਾਮਨ, ਨਾਰਵੇ ਤੋਂ ਜਸਕਰਨ ਸਿੰਘ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਰਵੇ ਦੇ ਦ੍ਰਾਮਨ ਸ਼ਹਿਰ ਦੇ ਇਲਾਕੇ ਵਿੱਚ

- **ਬੱਚਿਆਂ ਨੂੰ ਪੰਜਾਬੀ ਦੇ ਨਾਲ ਸਿੱਖ ਇਤਿਹਾਸ ਪੜ੍ਹਾਉਣ ’ਤੇ ਦਿੱਤਾ ਜ਼ੋਰ**

ਸਥਾਨਕ ਸਿੱਖਾਂ ਦੇ ਉਦਮ ਤਹਿਤ ਚਲਾਏ ਜਾ ਰਹੇ ਮਾਤਾ ਗੁਜਰੀ ਜੀ ਪੰਜਾਬੀ ਸਕੂਲ ਦੀ ਕਾਰਗੁਜ਼ਾਰੀ ਦੇਖਣ ਲਈ ਪੁੱਜੇ ਅਤੇ ਇਸ ਉਪਰੰਤ ਉਹ ਨੇੜੇ ਹੀ ਸਥਿਤ ਗੁਰਦੁਆਰਾ ਸ੍ਰੀ ਗੁਰੂ ਨਾਨਕ ਨਿਵਾਸ, ਲੀਅਰ, ਦ੍ਰਾਮਨ ਵਿਖੇ ਨਤਮਸਤਕ ਹੋਏ।

ਨਾਰਵੇ ਸਰਕਾਰ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਮਾਤਾ ਗੁਜਰੀ ਜੀ ਪੰਜਾਬੀ ਸਕੂਲ ਵਿਖੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਚੱਲ ਰਹੀਆਂ ਵੱਖ-ਵੱਖ ਜਮਾਤਾਂ (ਪਹਿਲੀ ਤੋਂ ਚੌਥੀ) ਵਿਖੇ ਜਾ ਕੇ ਮਾਂ ਬੋਲੀ ਪੰਜਾਬੀ ਦੀ ਸਿੱਖਿਆ ਲੈ ਰਹੇ ਸਿੱਖ ਬੱਚਿਆਂ ਨਾਲ ਵਾਰਤਾਲਾਪ ਕੀਤਾ ਅਤੇ ਉਨ੍ਹਾਂ ਪਾਸੋਂ ਪੰਜਾਬੀ ਤੇ ਸਿੱਖ ਇਤਿਹਾਸ ਸਬੰਧੀ ਸਵਾਲ ਪੁੱਛੇ



ਜਿਨ੍ਹਾਂ ਦੇ ਬੱਚਿਆਂ ਨੇ ਚੰਗੇ ਜਵਾਬ ਦਿੱਤੇ। ਇਸ ਦੌਰਾਨ ਉਨ੍ਹਾਂ ਪੰਜਾਬੀ ਸਿਖਾਉਣ ਵਾਲੇ ਅਧਿਆਪਕਾਂ ਨਾਲ ਵੀ ਗੱਲਬਾਤ ਕੀਤੀ ਅਤੇ ਬੱਚਿਆਂ ਨੂੰ ਪੰਜਾਬੀ ਦੇ ਨਾਲ-ਨਾਲ ਸਿੱਖ ਇਤਿਹਾਸ ਦੀ ਮੁੱਢਲੀ ਜਾਣਕਾਰੀ ਦੇਣ ਲਈ ਵੀ ਆਖਿਆ। ਉਨ੍ਹਾਂ ਇਸ ਉਪਰਾਲੇ ਦੀ ਕਾਰਗੁਜ਼ਾਰੀ ਉੱਤੇ ਤਸੱਲੀ ਪ੍ਰਗਟ ਕਰਦਿਆਂ ਇਸ ਨੂੰ ਹਮੇਸ਼ਾ ਇਸੇ ਤਰ੍ਹਾਂ ਜਾਰੀ ਰੱਖਣ ਦੀ ਤਾਕੀਦ ਕੀਤੀ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਦੁਨੀਆ ਦੇ ਕਿਸੇ ਵੀ ਖਿੱਤੇ ਵਿੱਚ ਵੱਸਣ ਵਾਲੇ ਸਿੱਖ/ਪੰਜਾਬੀ ਆਪਣੇ ਬੱਚਿਆਂ ਨੂੰ ਵਿਰਸੇ, ਇਤਿਹਾਸ ਅਤੇ ਰਵਾਇਤਾਂ ਨਾਲ ਜੋੜੀ ਰੱਖਣ ਲਈ ਪੰਜਾਬੀ ਸਿਖਾਉਣ ਦੇ ਉਪਰਾਲੇ ਜ਼ਰੂਰ ਕਰਨ। ਉਨ੍ਹਾਂ ਕਿਹਾ ਕਿ ਬੱਚੇ ਇੱਕ ਖਾਲੀ ਭਾਂਡੇ ਵਾਂਗ ਹੁੰਦੇ ਹਨ ਜਿਨ੍ਹਾਂ ਵਿੱਚ ਜੇਕਰ ਮਾਪੇ ਦੁਨਿਆਵੀ ਗਿਆਨ ਦੇ ਨਾਲ-ਨਾਲ ਜੇਕਰ ਧਰਮ, ਗੁਰਬਾਣੀ ਅਤੇ ਮਾਂ ਬੋਲੀ ਦੀ ਸੋਝੀ ਪਾਉਣ ਤਾਂ ਉਨ੍ਹਾਂ ਦੀ ਸ਼ਖ਼ਸ਼ੀਅਤ ਦੀ ਬਹੁਤ ਹੀ ਗਿਆਨਵਾਨ ਤੇ ਨੇਕ ਉਸਾਰੀ ਹੋਵੇਗੀ। ਬੱਚਿਆਂ ਦੇ ਮਾਪਿਆਂ, ਗੁਰਦੁਆਰਾ ਪ੍ਰਬੰਧਕਾਂ ਅਤੇ ਹੋਰ ਜ਼ਿੰਮੇਵਾਰ ਸੰਸਥਾਵਾਂ ਤੇ ਸ਼ਖ਼ਸ਼ੀਅਤਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਬੱਚੇ ਆਪਣੇ ਮਾਂ ਧਰਤੀ ਨਾਲ ਤਾਂ ਹੀ ਜੁੜੇ ਰਹਿ ਸਕਦੇ ਹਨ ਜੇਕਰ ਉਨ੍ਹਾਂ ਨੂੰ ਮਾਂ ਬੋਲੀ ਨਾਲ ਜੋੜਿਆ ਜਾਵੇ। ਇਸ ਲਈ ਜਿਵੇਂ ਕੀਰਤਨ, ਕਥਾ ਅਤੇ ਹੋਰ ਸਮਾਗਮਾਂ ਦੇ ਉਪਰਾਲੇ ਕਰਦੇ ਹਾਂ ਉਸੇ ਤਰ੍ਹਾਂ ਗੁਰਮੁਖੀ ਪੰਜਾਬੀ ਨਾਲ ਜੋੜਣ ਲਈ ਵਿਸ਼ੇਸ਼ ਉਪਰਾਲੇ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਊੜਾ ਦੀ ਸਮਝ ਅਤੇ ਜੂੜੇ ਦੀ ਸੰਭਾਲ ਸਿੱਖੀ ਦੀ ਮੁੱਢਲੀ ਤਾਲੀਮ ਹੈ। ਉਨ੍ਹਾਂ ਕਿਹਾ ਕਿ ਜੇਕਰ ਸਾਡੇ ਬੱਚੇ ਗੁਰਮੁਖੀ ਪੰਜਾਬੀ ਸਿੱਖਣਗੇ ਤਾਂ ਉਹ ਸੁਖਾਲੇ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਪੜ੍ਹ ਤੇ ਸਮਝ ਸਕਦੇ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਨਾਲ ਗੱਲਬਾਤ ਕਰਕੇ ਬਹੁਤ ਹੀ ਤਸੱਲੀ ਮਿਲੀ ਅਤੇ ਪੰਜਾਬੀ ਦੇ ਪੁੱਤਰ ਤੇ ਧੀਆਂ ਆਪਣੀ ਮਾਂ ਬੋਲੀ ਨੂੰ ਮਾਣ ਤੇ ਸਤਿਕਾਰ ਨਾਲ ਉਭਾਰਨ ਲਈ ਵਚਨਬੱਧ ਹਨ।

ਇਸ ਉਪਰੰਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਲੀਅਰ, ਦ੍ਰਾਮਨ ਵਿਖੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਨਿਵਾਸ ਵਿਖੇ ਨਤਮਸਤਕ ਹੋਣ ਪੁੱਜੇ, ਜਿੱਥੇ ਉਨ੍ਹਾਂ ਸਥਾਨਕ ਸਿੱਖ ਸੰਗਤ ਨਾਲ ਗੁਰਮਤਿ ਅਤੇ ਸਿੱਖ ਇਤਿਹਾਸ ਦੀਆਂ ਵਿਚਾਰਾਂ ਸਾਂਝੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਸਿੱਖ ਦੁਨੀਆ ਵਿੱਚ ਜਿੱਥੇ ਵੀ ਵੱਸੇ ਉਨ੍ਹਾਂ ਨੇ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲਿਆ ਅਤੇ ਗੁਰੂ ਘਰ ਸਥਾਪਤ ਕੀਤੇ। ਉਨ੍ਹਾਂ ਕਿਹਾ ਗੁਰਦੁਆਰਾ ਸਾਹਿਬ ਜੀਵਨ ਜਾਚ ਦੇ ਸੋਮੇ ਹਨ ਜਿੱਥੇ ਅਸੀਂ ਗੁਰਬਾਣੀ ਤੇ ਸਿੱਖ ਇਤਿਹਾਸ ਨਾਲ ਜੁੜਦੇ ਹਾਂ ਅਤੇ ਉੱਥੇ ਹੀ ਸਿੱਖ ਰਵਾਇਤਾਂ ਦੀ ਸੋਝੀ ਵੀ ਸਾਨੂੰ ਗੁਰੂ ਘਰਾਂ ਵਿੱਚੋਂ ਹੀ ਪ੍ਰਾਪਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਦੇ ਗੁਰੂ ਘਰਾਂ ਵਿੱਚ ਹਫ਼ਤਾਵਾਰੀ ਸੰਗਤ ਦੇ ਇਕੱਠਾਂ ਦੀ ਜੋ ਰਵਾਇਤ ਚੱਲਦੀ ਹੈ ਇਹ ਹਮੇਸ਼ਾ ਕਾਇਮ ਰੱਖੀ ਜਾਵੇ ਅਤੇ ਇਸ ਨਾਲ ਅਸੀਂ ਗੁਰੂ ਦੀ ਸੰਗਤ ਕਰਨ ਤੋਂ ਇਲਾਵਾ ਇੱਕ ਦੂਜੇ ਨਾਲ ਜਾਣ ਪਛਾਣ ਕਰਦੇ ਹਾਂ ਅਤੇ ਇੱਕ ਦੂਜੇ ਦੇ ਦੁਖ ਸੁਖ ਤੋਂ ਵੀ ਜਾਣੂ ਹੁੰਦੇ ਹਾਂ।

ਸਿੰਧ ਸਰਕਾਰ ਵੱਲੋਂ ਸਮਾਜ ਸੇਵੀ ਸਰਦਾਰ ਰਾਮ ਸਿੰਘ ਮਨੁੱਖੀ ਅਧਿਕਾਰ ਵਿਭਾਗ ਦੇ ਫੋਕਲ ਪਰਸਨ ਨਿਯੁਕਤ

ਪੈ.ਗਾਮ-ਏ-ਜਗਤ/ਕਰਾਚੀ 23 ਅਕਤੂਬਰ (ਬਲਵਿੰਦਰ ਬਾਲਮ)

ਪਾਕਿਸਤਾਨ ਦੇ ਸਿੰਧ ਸੂਬੇ ਦੀ ਸਰਕਾਰ ਵੱਲੋਂ ਉੱਘੇ ਸਮਾਜਿਕ ਕਾਰਕੁਨ ਸਰਦਾਰ ਰਾਮ ਸਿੰਘ ਨੂੰ ਮਨੁੱਖੀ ਅਧਿਕਾਰ ਵਿਭਾਗ ਦਾ ਫੋਕਲ ਪਰਸਨ (ਨੋਡਲ ਅਧਿਕਾਰੀ) ਨਾਮਜ਼ਦ ਕੀਤਾ ਗਿਆ ਹੈ। ਇਸ ਸਬੰਧੀ ਸਿੰਧ ਸਰਕਾਰ ਦੇ ਮਨੁੱਖੀ ਅਧਿਕਾਰ ਵਿਭਾਗ ਦੇ ਸਕੱਤਰ ਖਾਲਿਦ ਚਾਚਰ ਵੱਲੋਂ ਬਕਾਇਦਾ ਹੁਕਮ ਜਾਰੀ ਕੀਤੇ ਗਏ ਹਨ। ਜਾਰੀ ਹੁਕਮਾਂ ਅਨੁਸਾਰ ਸਰਦਾਰ ਰਾਮ ਸਿੰਘ ਘੱਟ ਗਿਣਤੀ ਭਾਈਚਾਰਿਆਂ ਦੇ ਅਧਿਕਾਰਾਂ ਦੀ ਰਾਖੀ, ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕਤਾ ਅਤੇ ਸਮਾਜਿਕ ਬਰਾਬਰੀ ਨੂੰ ਉਤਸ਼ਾਹਿਤ ਕਰਨ ਲਈ ਵਿਭਾਗ ਨਾਲ ਮਿਲ ਕੇ ਕੰਮ ਕਰਨਗੇ।

ਉਹ ਵਿਭਾਗ ਵੱਲੋਂ ਚਲਾਏ ਜਾਣ ਵਾਲੇ ਵੱਖ-ਵੱਖ ਜਾਗਰੂਕਤਾ ਪ੍ਰੋਗਰਾਮਾਂ ਨੂੰ ਸਫਲ ਬਣਾਉਣ ਲਈ ਆਪਣਾ ਯੋਗਦਾਨ ਪਾਉਣਗੇ। ਸਰਦਾਰ ਰਾਮ ਸਿੰਘ ਦੀਆਂ ਮੁੱਖ ਜ਼ਿੰਮੇਵਾਰੀਆਂ ਵਿੱਚ ਸਰਕਾਰੀ ਅਧਿਕਾਰੀਆਂ, ਸਮਾਜਿਕ ਸੰਸਥਾਵਾਂ, ਘੱਟ ਗਿਣਤੀ ਭਾਈਚਾਰਿਆਂ ਦੇ ਨੁਮਾਇੰਦਿਆਂ ਅਤੇ ਹੋਰ ਸਬੰਧਤ ਧਿਰਾਂ ਨਾਲ ਤਾਲਮੇਲ ਕਾਇਮ ਕਰਨਾ ਸ਼ਾਮਲ ਹੋਵੇਗਾ। ਇਸ

- **ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰਾਖੀ ਅਤੇ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕਤਾ ਫੈਲਾਉਣ ਦੀ ਮਿਲੀ ਅਹਿਮ ਜ਼ਿੰਮੇਵਾਰੀ**
- **ਬਿਨਾਂ ਕਿਸੇ ਮਿਹਨਤਾਨੇ ਦੇ ਨਿਭਾਉਣਗੇ ਸੇਵਾਵਾਂ, ਸਿੱਖ ਭਾਈਚਾਰੇ ਲਈ ਮਾਣ ਵਾਲੀ ਗੱਲ**

ਦਾ ਮੁੱਖ ਮਕਸਦ ਮਨੁੱਖੀ ਅਧਿਕਾਰਾਂ ਸਬੰਧੀ ਸਰਕਾਰੀ ਪ੍ਰੋਗਰਾਮਾਂ ਨੂੰ ਆਮ ਲੋਕਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣਾ ਹੈ। ਇਸ ਤੋਂ ਇਲਾਵਾ ਉਹ ਮਨੁੱਖੀ ਅਧਿਕਾਰਾਂ ਦੇ ਖੇਤਰ ਵਿੱਚ ਸਮਰੱਥਾ ਨਿਰਮਾਣ, ਸਿਖਲਾਈ ਅਤੇ ਬਿਹਤਰ ਕਾਰਜ ਪ੍ਰਣਾਲੀਆਂ ਨੂੰ ਉਤਸ਼ਾਹਿਤ ਕਰਨ ਲਈ ਵੀ ਸਹਿਯੋਗ ਦੇਣਗੇ। ਸਰਕਾਰੀ ਹੁਕਮਾਂ ਵਿੱਚ ਉਨ੍ਹਾਂ ਤੋਂ ਪੂਰੀ ਲਗਨ, ਇਮਾਨਦਾਰੀ ਅਤੇ ਪੇਸ਼ੇਵਰਾਨਾ ਢੰਗ ਨਾਲ ਜ਼ਿੰਮੇਵਾਰੀਆਂ ਨਿਭਾਉਣ ਦੀ ਉਮੀਦ ਪ੍ਰਗਟਾਈ ਗਈ ਹੈ। ਸਿੰਧ ਸਰਕਾਰ ਦਾ ਇਹ ਫ਼ੈਸਲਾ ਘੱਟ ਗਿਣਤੀ ਭਾਈਚਾਰਿਆਂ ਦੀ ਸਰਕਾਰੀ ਸੰਸਥਾਵਾਂ ਨਾਲ ਭਾਗੀਦਾਰੀ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਸਕਦਾ ਹੈ। ਸਰਦਾਰ ਰਾਮ ਸਿੰਘ ਦੀ ਇਸ ਨਾਮਜ਼ਦਗੀ ਨਾਲ ਸਿੱਖਾਂ ਸਮੇਤ ਹੋਰ ਘੱਟ ਗਿਣਤੀ ਭਾਈਚਾਰਿਆਂ ਦੀਆਂ ਸਮੱਸਿਆਵਾਂ ਅਤੇ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਮਸਲਿਆਂ ਨੂੰ ਸਬੰਧਤ ਅਧਿਕਾਰੀਆਂ ਤੱਕ ਪਹੁੰਚਾਉਣ ਵਿੱਚ ਮਦਦ ਮਿਲਣ ਦੀ ਉਮੀਦ ਹੈ। ਸਰਕਾਰੀ ਨੋਟੀਫਿਕੇਸ਼ਨ ਨੰਬਰ O.S@(G)#RD/589/2026, ਮਿਤੀ 23 ਅਕਤੂਬਰ 2026 ਅਨੁਸਾਰ ਇਹ ਨਿਯੁਕਤੀ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਈ ਹੈ ਅਤੇ ਅਗਲੇ ਹੁਕਮਾਂ ਤੱਕ ਜਾਰੀ ਰਹੇਗੀ। ਇਸ ਸਬੰਧੀ ਸੂਚਨਾ ਸਿੰਧ ਦੇ ਸਮੂਹ ਡਿਪਟੀ ਕਮਿਸ਼ਨਰਾਂ, ਮਨੁੱਖੀ ਅਧਿਕਾਰ ਡਾਇਰੈਕਟੋਰੇਟ ਦੇ ਡਾਇਰੈਕਟਰ ਅਤੇ ਡਿਪਟੀ ਡਾਇਰੈਕਟਰਾਂ ਸਮੇਤ ਸਬੰਧਤ ਉੱਚ ਅਧਿਕਾਰੀਆਂ ਨੂੰ ਅਗਲੇਰੀ ਕਾਰਵਾਈ ਲਈ ਭੇਜ ਦਿੱਤੀ ਗਈ ਹੈ। ਸਰਦਾਰ ਰਾਮ ਸਿੰਘ ਦੀ ਇਹ ਨਵੀਂ ਜ਼ਿੰਮੇਵਾਰੀ ਮਨੁੱਖੀ ਅਧਿਕਾਰਾਂ ਦੀ ਰਾਖੀ, ਧਾਰਮਿਕ ਸਹਿਣਸ਼ੀਲਤਾ, ਆਪਸੀ ਭਾਈਚਾਰਕ ਸਾਂਝ ਅਤੇ ਘੱਟ ਗਿਣਤੀਆਂ ਦੀ ਭਲਾਈ ਲਈ ਇੱਕ ਨਵਾਂ ਮੌਕਾ ਸਾਬਤ ਹੋ ਸਕਦੀ ਹੈ।

ਗੁਲਾਬ ਚੰਦ ਕਟਾਰੀਆ ਨੇ ਪੀ.ਈ.ਸੀ. ਚੰਡੀਗੜ੍ਹ ਦੇ 56ਵੇਂ ਕਨਵੋਕੇਸ਼ਨ ਸਮਾਰੋਹ ਦੀ ਸ਼ੋਭਾ ਵਧਾਈ





ਚੰਡੀਗੜ੍ਹ, 24 ਅਕਤੂਬਰ (ਪੈ.ਗਾਮ-ਏ-ਜਗਤ)

ਪੀਈਸੀ (ਪੰਜਾਬ ਇੰਜੀਨੀਅਰਿੰਗ ਕਾਲਜ), ਚੰਡੀਗੜ੍ਹ (ਡੀਮਡ ਟੂ ਬੀ ਯੂਨੀਵਰਸਿਟੀ) ਵੱਲੋਂ ਆਪਣਾ 56ਵਾਂ ਕਨਵੋਕੇਸ਼ਨ ਸਮਾਰੋਹ ਬੜੇ ਉਤਸ਼ਾਹ ਅਤੇ ਅਕਾਦਮਿਕ ਗਰਿਮਾ ਨਾਲ ਮਨਾਇਆ ਗਿਆ। ਇਸ ਮੌਕੇ ਪੰਜਾਬ ਦੇ ਮਾਣਯੋਗ ਰਾਜਪਾਲ, ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਅਤੇ ਪੀਈਸੀ ਦੇ ਕੁਲਪਤੀ ਸ੍ਰੀ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਪੀਈਸੀ ਦੇ ਵਾਈਸ ਚਾਂਸਲਰ ਪ੍ਰੋ. ਭੋਲਾ ਰਾਮ ਗੁਰਜਰ ਸਮੇਤ ਹੋਰ ਪਤਵੰਤੇ ਵਿਅਕਤੀ, ਵਿਸ਼ੇਸ਼ ਮਹਿਮਾਨ, ਫੈਕਲਟੀ ਮੈਂਬਰ, ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਣਮੱਤੇ ਪਰਿਵਾਰਕ ਮੈਂਬਰ ਵੀ ਸਮਾਰੋਹ ਵਿੱਚ ਮੌਜੂਦ ਸਨ।

ਇਹ ਕਨਵੋਕੇਸ਼ਨ ਸਮਾਰੋਹ ਵਿਦਿਆਰਥੀਆਂ ਦੇ ਅਕਾਦਮਿਕ ਸਫ਼ਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਇਆ, ਜਿਸ ਦੌਰਾਨ ਉਨ੍ਹਾਂ ਦੀ ਮਿਹਨਤ, ਦ੍ਰਿੜ੍ਹਤਾ ਅਤੇ ਪ੍ਰਾਪਤੀਆਂ ਦਾ ਜਸ਼ਨ ਮਨਾਇਆ ਗਿਆ। ਇਸ ਸਮਾਰੋਹ ਨੇ ਤਕਨੀਕੀ ਸਿੱਖਿਆ, ਖੋਜ ਅਤੇ ਨਵੀਨਤਾ ਦੇ ਖੇਤਰ ਵਿੱਚ ਪੀਈਸੀ ਦੀ ਸ਼ਾਨਦਾਰ ਵਿਰਾਸਤ ਅਤੇ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਪੇਸ਼ੇਵਰਾਂ ਤੇ ਜ਼ਿੰਮੇਵਾਰ ਆਗੂਆਂ ਨੂੰ ਵਿਕਸਿਤ ਕਰਨ ਪ੍ਰਤੀ ਸੰਸਥਾ ਦੀ ਵਚਨਬੱਧਤਾ ਨੂੰ ਦਰਸਾਇਆ। ਵੱਖ-ਵੱਖ ਅਕਾਦਮਿਕ ਪ੍ਰੋਗਰਾਮਾਂ ਅਧੀਨ ਕੁੱਲ 824 ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ, ਜਿਨ੍ਹਾਂ ਵਿੱਚ 737 ਬੀ.ਟੈਕ., 69 ਐਮ.ਟੈਕ. ਅਤੇ 18 ਪੀਐਚ.ਡੀ. ਡਿਗਰੀਆਂ ਸ਼ਾਮਲ ਸਨ। ਇਨ੍ਹਾਂ ਵਿੱਚੋਂ 675 ਵਿਦਿਆਰਥੀਆਂ ਨੇ ਸਮਾਰੋਹ ਵਿੱਚ ਨਿੱਜੀ ਤੌਰ ’ਤੇ ਹਾਜ਼ਰ ਹੋ ਕੇ ਆਪਣੀਆਂ ਡਿਗਰੀਆਂ ਪ੍ਰਾਪਤ ਕੀਤੀਆਂ, ਜਦਕਿ 149 ਡਿਗਰੀਆਂ ਗੈਰ-ਹਾਜ਼ਰੀ ਵਿੱਚ ਪ੍ਰਦਾਨ ਕੀਤੀਆਂ ਗਈਆਂ।

ਪੀਈਸੀ ਦੇ ਵਾਈਸ ਚਾਂਸਲਰ ਪ੍ਰੋ. ਭੋਲਾ ਰਾਮ ਗੁਰਜਰ ਨੇ ਮੁੱਖ ਮਹਿਮਾਨ ਸ੍ਰੀ ਗੁਲਾਬ ਚੰਦ ਕਟਾਰੀਆ ਦਾ ਸਵਾਗਤ ਕੀਤਾ ਅਤੇ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਹਾਜ਼ਰ ਇਕੱਠ ਨੂੰ ਸਾਲ ਦੌਰਾਨ ਸੰਸਥਾ ਦੀਆਂ ਪ੍ਰਮੁੱਖ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਅਕਾਦਮਿਕ ਉੱਤਮਤਾ ਨੂੰ ਮਜ਼ਬੂਤ ਕਰਨ, ਅੰਤਰ-ਵਿਸ਼ਾਗਤ ਖੋਜ ਨੂੰ ਉਤਸ਼ਾਹਿਤ ਕਰਨ, ਉੱਦਮਸ਼ੀਲਤਾ ਨੂੰ ਪ੍ਰੋਤਸਾਹਨ ਦੇਣ ਅਤੇ ਉਦਯੋਗ ਜਗਤ ਤੇ ਪ੍ਰਮੁੱਖ ਅਕਾਦਮਿਕ ਸੰਸਥਾਵਾਂ ਨਾਲ ਸਹਿਯੋਗ ਵਧਾਉਣ ਲਈ ਕੀਤੇ ਜਾ ਰਹੇ ਨਿਰੰਤਰ ਯਤਨਾਂ ’ਤੇ ਚਾਨਣਾ ਪਾਇਆ। ਇਸ ਮੌਕੇ ਵਾਈਸ ਚਾਂਸਲਰ ਨੇ ਸੰਸਥਾ ਦੀ ਸਾਲਾਨਾ ਰਿਪੋਰਟ ਵੀ ਮੁੱਖ ਮਹਿਮਾਨ ਨੂੰ ਭੇਟ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੀਈਸੀ ਦੇ ਮੁੱਲਾਂ ਅਤੇ ਪਰੰਪਰਾਵਾਂ ਨੂੰ ਕਾਇਮ ਰੱਖਣ ਅਤੇ ਆਪਣੇ ਪੇਸ਼ੇਵਰ ਕਾਰਜਾਂ ਰਾਹੀਂ ਸਮਾਜ ਵਿੱਚ ਸਾਰਥਕ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਵਧਾਈ ਦਿੱਤੀ। ਉਨ੍ਹਾਂ ਨੇ ਪੀਈਸੀ ਦੀ ਸ਼ਾਨਦਾਰ ਵਿਰਾਸਤ ਦਾ ਜ਼ਿਕਰ ਕਰਦਿਆਂ ਪ੍ਰਸਿੱਧ ਵਿਗਿਆਨੀ ਪ੍ਰੋ. ਸਤੀਸ਼ ਧਵਨ ਅਤੇ ਸੰਸਥਾ ਦੀ ਮਾਣਮੱਤੀ ਸਾਬਕਾ ਵਿਦਿਆਰਥਣ ਤੇ ਪੁਲਾੜ ਯਾਤਰੀ ਕਲਪਨਾ ਚਾਵਲਾ ਨੂੰ ਯਾਦ ਕੀਤਾ। ਉਨ੍ਹਾਂ ਨੇ ਇਨ੍ਹਾਂ ਮਹਾਨ ਸ਼ਖ਼ਸੀਅਤਾਂ ਨੂੰ ਇੰਜੀਨੀਅਰਾਂ ਅਤੇ ਨੌਜਵਾਨਾਂ ਦੀਆਂ ਪੀੜ੍ਹੀਆਂ ਲਈ ਸਦੀਵੀ ਪ੍ਰੇਰਣਾ ਦਾ ਸਰੋਤ ਦੱਸਿਆ। ਇਸ ਮੌਕੇ ਪੀਈਸੀ ਦੀ ਸਾਬਕਾ ਵਿਦਿਆਰਥਣ ਸ੍ਰੀਮਤੀ ਕੰਵਰਦੀਪ ਕੌਰ, ਆਈਪੀਐਸ, ਐਸਐਸਪੀ ਚੰਡੀਗੜ੍ਹ ਦਾ ਵੀ ਜ਼ਿਕਰ ਕੀਤਾ ਗਿਆ, ਜਿਨ੍ਹਾਂ ਨੂੰ ਫੇਮ ਇੰਡੀਆ-ਏਸ਼ੀਆ ਪੋਸਟ ਵੱਲੋਂ ਭਾਰਤ ਦੇ ਚੋਟੀ ਦੇ 25 ਪੁਲਿਸ ਅਧਿਕਾਰੀਆਂ ਵਿੱਚ ਸ਼ਾਮਲ ਕੀਤਾ ਗਿਆ ਹੈ।

56ਵਾਂ ਕਨਵੋਕੇਸ਼ਨ ਸਮਾਰੋਹ ਪ੍ਰੇਰਨਾਦਾਇਕ ਮਾਹੌਲ ਵਿੱਚ ਸੰਪੰਨ ਹੋਇਆ। ਇਸ ਮੌਕੇ ਵਿਦਿਆਰਥੀਆਂ ਨੇ ਪੀਈਸੀ ਦੀ ਸ਼ਾਨਦਾਰ ਵਿਰਾਸਤ ਅਤੇ ਉੱਤਮਤਾ, ਇਮਾਨਦਾਰੀ ਤੇ ਰਾਸ਼ਟਰ ਨਿਰਮਾਣ ਪ੍ਰਤੀ ਸੰਸਥਾ ਦੀ ਅਟੁੱਟ ਵਚਨਬੱਧਤਾ ਨੂੰ ਅੱਗੇ ਵਧਾਉਂਦਿਆਂ ਆਪਣੇ ਨਵੇਂ ਪੇਸ਼ੇਵਰ ਅਤੇ ਅਕਾਦਮਿਕ ਸਫ਼ਰ ਦੀ ਸ਼ੁਰੂਆਤ ਕੀਤੀ।

ਫਾਈਟ ਫਾਰ ਹਿਊਮਨ ਰਾਇਟਸ ਵੈਲਫੇਅਰ ਵਲੋਂ ਬੀਬੀ ਚਰਨਜੀਤ ਕੌਰ ਨੂੰ ਕੀਤਾ ਗਿਆ ਸਨਮਾਨਿਤ



ਪੈ.ਗਾਮ-ਏ-ਜਗਤ/ਨਵਾਂ ਗਾਉਂ (ਹਰਮਿੰਦਰ ਸਿੰਘ ਨਾਗਪਾਲ)

ਫਾਈਟ ਫਾਰ ਹਿਊਮਨ ਰਾਇਟਸ ਵੈਲਫੇਅਰ ਸੰਸਥਾ ਦੇ ਪ੍ਰਧਾਨ ਜਸਬੀਰ ਸਿੰਘ ਦੀ ਅਗਵਾਈ ਵਿੱਚ ਬੀਬੀ ਤਰਨਜੀਤ ਕੌਰ ਨੂੰ ਨਵਾਂ ਗਾਉਂ ਨਗਰ ਕੌਂਸਿਲ ਦਾ ਮੁੜ ਐਮ.ਸੀ ਚੁਣੇ ਜਾਣ ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਬੀਬੀ ਤਰਨਜੀਤ ਕੌਰ ਦੇ ਪੁੱਤਰ ਰਵਨੀਤ ਸਿੰਘ ਬੈਂਸ ਵੀ ਹਾਜ਼ਰ ਸਨ । ਇਸ ਮੌਕੇ ਵੈਲਫੇਅਰ ਨੇ ਬੀਬੀ ਤਰਨਜੀਤ ਕੌਰ ਵਲੋਂ ਪਿਛਲੇ ਸਮੇਂ ਦੌਰਾਨ ਕੀਤੀਆਂ ਸੇਵਾਵਾਂ ਦੀ ਸਲਾਘਾਂ ਕੀਤੀ ਅਤੇ ਉਮੀਦ ਵੀ ਕੀਤੀ ਉਹ ਅੱਗੇ ਵੀ ਇਸ ਤਰ੍ਹਾਂ ਵਿਕਾਸ ਅਤੇ ਸਮਾਜ ਭਲਾਈ ਦੇ ਕੰਮਾ ਨੂੰ ਜਾਰੀ ਰੱਖਣਗੇ। ਇਸ ਮੌਕੇ ਬੀਬੀ ਤਰਨਜੀਤ ਕੌਰ ਨੇ ਵਿਸ਼ਵਾਸ ਦਿਵਾਇਆ ਕਿ ਉਹ ਪਹਿਲਾਂ ਦੀ ਤਰ੍ਹਾਂ ਨਿਰਪੱਖਤਾ ਨਾਲ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਅਤੇ ਸਮਾਜ ਭਲਾਈ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਕਰਨਗੇ। ਇਸ ਮੌਕੇ ਫਾਈਟ ਫਾਰ ਹਿਊਮਨ ਰਾਇਟਸ ਵੈਲਫੇਅਰ ਦੇ ਪ੍ਰਧਾਨ ਜਸਬੀਰ ਸਿੰਘ, ਵਾਈਸ ਪ੍ਰਧਾਨ ਜਗਜੀਤ ਸਿੰਘ, ਵਾਈਸ ਪ੍ਰਧਾਨ ਪਰਮਜੀਤ ਸਿੰਘ ਤੇ ਜੋਧ ਸਿੰਘ ਆਦਿ ਹਾਜ਼ਰ ਸਨ।

ਡੀ.ਸੀ. ਚੌਂਕ ਤੋਂ ਦਿਆਲ ਸਵੀਟਸ ਤੱਕ ਵਧਾਇਆ ਨੋ-ਪਾਰਕਿੰਗ ਅਤੇ ਨੋ-ਵੈਂਡਿੰਗ ਜ਼ੋਨ

ਊਨਾ, 24 ਅਕਤੂਬਰ (ਪੈ.ਗਾਮ-ਏ-ਜਗਤ)

ਊਨਾ ਸ਼ਹਿਰ ਵਿੱਚ ਆਵਾਜਾਈ ਅਤੇ ਵੈਂਡਿੰਗ ਪ੍ਰਬੰਧਾਂ ਨੂੰ ਸੁਚਾਰੂ ਬਣਾਉਣ ਲਈ ਨੋ-ਪਾਰਕਿੰਗ ਅਤੇ ਨੋ-ਵੈਂਡਿੰਗ ਜ਼ੋਨ ਦਾ ਘੇਰਾ ਵਧਾ ਦਿੱਤਾ ਗਿਆ ਹੈ। ਜ਼ਿਲ੍ਹਾ ਮੈਜਿਸਟ੍ਰੇਟ ਅਤੇ ਡਿਪਟੀ ਕਮਿਸ਼ਨਰ ਜਤਿਨ ਲਾਲ ਦੇ ਹੁਕਮਾਂ ਅਨੁਸਾਰ ਹੁਣ ਡੀਸੀ ਚੌਂਕ ਤੋਂ ਰੱਕੜ ਕਲੋਨੀ ਸਥਿਤ ਦਿਆਲ ਸਵੀਟਸ ਤੱਕ ਦੀ ਪੂਰੀ ਸੜਕ ਇਸ ਪਾਬੰਦੀਸ਼ੁਦਾ ਖੇਤਰ ਵਿੱਚ ਸ਼ਾਮਲ ਹੋਵੇਗੀ। ਇਸ ਤੋਂ ਪਹਿਲਾਂ ਡੀਸੀ ਚੌਂਕ ਤੋਂ ਓਮ ਭੁਜੀਆ ਭੰਡਾਰ ਤੱਕ ਦੀ ਸੜਕ ਨੂੰ ਨੋ-ਪਾਰਕਿੰਗ ਅਤੇ ਨੋ-ਵੈਂਡਿੰਗ ਜ਼ੋਨ ਐਲਾਨਿਆ ਗਿਆ ਸੀ। ਮੋਟਰ ਵਾਹਨ ਐਕਟ, 1988 ਦੀਆਂ ਧਾਰਾਵਾਂ 115 ਅਤੇ 117 ਤਹਿਤ ਪਹਿਲਾਂ ਜਾਰੀ ਕੀਤੇ ਹੁਕਮਾਂ ਦਾ ਵਿਸਥਾਰ ਕਰਦਿਆਂ ਪਾਬੰਦੀਸ਼ੁਦਾ ਖੇਤਰ ਦੀ ਹੱਦ ਦਿਆਲ ਸਵੀਟਸ, ਰੱਕੜ ਕਲੋਨੀ ਤੱਕ ਵਧਾ ਦਿੱਤੀ ਗਈ ਹੈ। ਵਧਾਏ ਗਏ ਸੜਕੀ ਹਿੱਸੇ ’ਤੇ ਵੀ ਪਹਿਲਾਂ ਵਾਲੇ ਹੁਕਮਾਂ ਦੀਆਂ ਵਿਵਸਥਾਵਾਂ, ਸ਼ਰਤਾਂ ਅਤੇ ਜੁਰਮਾਨੇ ਸਬੰਧੀ ਨਿਯਮ ਲਾਗੂ ਰਹਿਣਗੇ। ਜ਼ਿਲ੍ਹਾ ਮੈਜਿਸਟ੍ਰੇਟ ਨੇ ਪੁਲਿਸ, ਨਗਰ ਨਿਗਮ, ਐਸਡੀਐਮ ਦਫ਼ਤਰ ਅਤੇ ਰਾਸ਼ਟਰੀ ਰਾਜਮਾਰਗ ਲੋਕ ਨਿਰਮਾਣ ਵਿਭਾਗ ਦੇ ਸਬੰਧਤ ਅਧਿਕਾਰੀਆਂ ਨੂੰ ਹੁਕਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ।

- **ਡੀਸੀ ਜਤਿਨ ਲਾਲ ਨੇ ਜਾਰੀ ਕੀਤੇ ਹੁਕਮ, ਪਹਿਲਾਂ ਓਮ ਭੁਜੀਆ ਭੰਡਾਰ ਤੱਕ ਲਾਗੂ ਸੀ ਪਾਬੰਦੀ**



‘ਮੇਰਾ ਘਰ ਮੇਰੇ ਨਾਮ’ ਸਕੀਮ ਤਹਿਤ ਚਾਰ ਪਿੰਡਾਂ ਵਿੱਚ 1,501 ਪ੍ਰਾਪਰਟੀ ਕਾਰਡਾਂ ਦੀ ਵੰਡ

ਸੰਗਰੂਰ, 24 ਅਕਤੂਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ ਨੇ ‘ਮੇਰਾ ਘਰ ਮੇਰੇ ਨਾਮ’ ਸਕੀਮ ਤਹਿਤ ਚਾਰ ਪਿੰਡਾਂ ਦੇ ਲਾਭਪਾਤਰੀਆਂ ਨੂੰ ਕੁੱਲ 1,501 ਪ੍ਰਾਪਰਟੀ ਕਾਰਡ ਵੰਡੇ। ਇਸ ਤਹਿਤ ਪਿੰਡ ਧਰਮਗੜ੍ਹ ਵਿਖੇ 401, ਪਿੰਡ ਜਖੇਪਲ ਧਾਲੀਵਾਲ ਬਾਸ ਵਿਖੇ 163, ਪਿੰਡ ਚੱਠਾ ਨਨਹੇੜਾ ਵਿਖੇ 323 ਅਤੇ ਪਿੰਡ ਗੰਢੂਆਂ ਵਿਖੇ 614 ਪ੍ਰਾਪਰਟੀ ਕਾਰਡਾਂ ਦੀ ਵੰਡ ਕੀਤੀ ਗਈ।

ਇਸ ਮੌਕੇ ਤਪਿੰਦਰ ਸਿੰਘ ਸੋਹੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਅਤੇ ਉਨ੍ਹਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਪਹੁੰਚਾਉਣ ਲਈ

- **ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕਾਨਾ ਦਸਤਾਵੇਜ਼ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵਚਨਬੱਧ: ਤਪਿੰਦਰ ਸੋਹੀ**



ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੇ ਨਾਲ-ਨਾਲ ਲੋਕਾਂ ਦੇ ਪ੍ਰਸ਼ਾਸਨਿਕ ਕੰਮਾਂ ਦੇ ਨਿਪਟਾਰੇ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ।

ਤਪਿੰਦਰ ਸਿੰਘ ਸੋਹੀ ਨੇ ਕਿਹਾ ਕਿ ‘ਮੇਰਾ ਘਰ ਮੇਰੇ ਨਾਮ’ ਸਕੀਮ ਪਿੰਡਾਂ ਦੇ ਲੋਕਾਂ ਨੂੰ ਉਨ੍ਹਾਂ ਦੀਆਂ ਰਿਹਾਇਸ਼ੀ ਜਾਇਦਾਦਾਂ ਦੇ ਮਾਲਕਾਨਾ ਦਸਤਾਵੇਜ਼ ਮੁਹੱਈਆ ਕਰਵਾਉਣ ਵੱਲ ਇੱਕ ਅਹਿਮ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਆਪਣੇ ਘਰ ਨਾਲ ਸਬੰਧਤ ਦਸਤਾਵੇਜ਼ ਮਿਲਣ ਨਾਲ ਲਾਭਪਾਤਰੀਆਂ ਨੂੰ ਆਪਣੀ ਜਾਇਦਾਦ ਦੇ ਰਿਕਾਰਡ ਬਾਰੇ ਸਪੱਸ਼ਟਤਾ ਮਿਲਦੀ ਹੈ ਅਤੇ ਭਵਿੱਖ ਲਈ ਇਨ੍ਹਾਂ ਦਸਤਾਵੇਜ਼ਾਂ ਨੂੰ ਸੰਭਾਲ ਕੇ ਰੱਖਣਾ ਬੇਹੱਦ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹੈ ਕਿ ਯੋਗ ਲਾਭਪਾਤਰੀਆਂ ਤੱਕ ਸਕੀਮਾਂ ਦਾ ਲਾਭ ਸੁਚਾਰੂ ਢੰਗ ਨਾਲ ਪਹੁੰਚੇ ਅਤੇ ਲੋਕਾਂ ਨੂੰ ਆਪਣੇ ਕੰਮਾਂ ਲਈ ਬੇਲੋੜੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪ੍ਰਾਪਰਟੀ ਕਾਰਡਾਂ ਵਿੱਚ ਦਰਜ ਵੇਰਵਿਆਂ ਨੂੰ ਧਿਆਨ ਨਾਲ ਪੜ੍ਹਨ ਅਤੇ ਕਿਸੇ ਵੀ ਤਰ੍ਹਾਂ ਦੀ ਦਰੁਸਤੀ ਜਾਂ ਜਾਣਕਾਰੀ ਲਈ ਸਬੰਧਤ ਅਧਿਕਾਰੀਆਂ ਨਾਲ ਸੰਪਰਕ ਕਰਨ। ਤਪਿੰਦਰ ਸਿੰਘ ਸੋਹੀ ਨੇ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਨਿਰੰਤਰ ਜਾਰੀ ਰਹਿਣਗੇ।

ਉਨ੍ਹਾਂ ਨੇ ਪ੍ਰਾਪਰਟੀ ਕਾਰਡ ਪ੍ਰਾਪਤ ਕਰਨ ਵਾਲੇ ਲਾਭਪਾਤਰੀਆਂ ਨੂੰ ਵਧਾਈ ਦਿੰਦਿਆਂ ਭਰੋਸਾ ਦਿਵਾਇਆ ਕਿ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਯੋਗ ਪਰਿਵਾਰ ਤੱਕ ਪਹੁੰਚਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕੀਤਾ ਜਾਵੇਗਾ।

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਸਤਪਾਲ ਸਿੰਘ ਸੱਤੀ ਦਾ ਹਾਲ-ਚਾਲ ਜਾਣਿਆ



ਊਨਾ, 24 ਅਕਤੂਬਰ (ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਅੱਜ ਊਨਾ ਦੇ ਵਿਧਾਇਕ ਸਤਪਾਲ ਸਿੰਘ ਸੱਤੀ ਦੇ ਘਰ ਪਹੁੰਚ ਕੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ। ਸਤਪਾਲ ਸਿੰਘ ਸੱਤੀ ਇਨ੍ਹੀਂ ਦਿਨੀਂ ਸਿਹਤਯਾਬ ਹੋ ਰਹੇ ਹਨ। ਉਪ ਮੁੱਖ ਮੰਤਰੀ ਨੇ ਉਨ੍ਹਾਂ ਦੀ ਸਿਹਤ ਬਾਰੇ ਜਾਣਕਾਰੀ ਲਈ ਅਤੇ ਉਨ੍ਹਾਂ ਦੇ ਜਲਦੀ ਸਿਹਤਮੰਦ ਹੋਣ ਦੀ ਕਾਮਨਾ ਕੀਤੀ।

ਮੇਰਠ, ਯੂਪੀ ਦੀ ਸੰਗਤ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਹੋਈ ਨਤਮਸਤਕ



ਪੈ.ਗਾਮ-ਏ-ਜਗਤ/ਹਰੋਲੀ/ਊਨਾ, 24 ਅਕਤੂਬਰ (ਰਾਜਵੀਰ ਚੋਪੜਾ)

ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਮੇਰਠ, ਯੂਪੀ ਤੋਂ ਸੰਗਤ ਨਤਮਸਤਕ ਹੋਣ ਲਈ ਪਹੁੰਚੀ। ਇਸ ਸੰਗਤ ਵਿੱਚ ਬੇਗਮਪੁਰਾ ਧਾਮ, ਕੰਕਰ ਖੇੜਾ, ਮੇਰਠ ਤੋਂ ਸੰਤ ਰਾਮ ਕੁਮਾਰ ਅਸਨਾਵੜੇ ਜੀ ਹੋਰ ਸੰਤਾਂ-ਮਹਾਂਪੁਰਸ਼ਾਂ ਦੇ ਨਾਲ ਗੁਰੂ ਘਰ ਪਹੁੰਚੇ। ਬਾਬਾ ਨਰੇਸ਼ ਸਿੰਘ ਜੀ ਵੱਲੋਂ ਸੰਗਤ ਨੂੰ ਗੁਰਬਾਣੀ ਅਤੇ ਗੁਰੂ ਘਰ ਦੇ ਇਤਿਹਾਸ ਨਾਲ ਜੋੜਿਆ ਗਿਆ। ਸੰਗਤ ਵੱਲੋਂ ਗੁਰੂ ਘਰ ਵਿੱਚ ਚੱਲ ਰਹੀ ਕਾਰ ਸੇਵਾ ਲਈ ਵੀ ਯੋਗਦਾਨ ਪਾਇਆ ਗਿਆ। ਇਸ ਮੌਕੇ ਬਾਬਾ ਕੇਵਲ ਸਿੰਘ, ਬਾਬਾ ਨਰੇਸ਼ ਸਿੰਘ ਅਤੇ ਬਾਬਾ ਸੁਖਦੇਵ ਸਿੰਘ ਜੀ ਵੱਲੋਂ ਸੰਤਾਂ-ਮਹਾਂਪੁਰਸ਼ਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਹਾਤਮਾ ਚਮਨ ਦਾਸ, ਮਹਾਤਮਾ ਜਤਿੰਦਰ ਦਾਸ, ਮਹਾਤਮਾ ਬ੍ਰਹਮਦਾਸ, ਮਹਾਤਮਾ ਰਮਨ ਦਾਸ, ਮਹਾਤਮਾ ਕੈਲਾਸ਼ ਦਾਸ, ਮਹਾਤਮਾ ਸਤਪਾਲ ਦਾਸ, ਮਹਾਤਮਾ ਗੋਪਾਲ ਦਾਸ, ਮਹਾਤਮਾ ਸੇਵਾਦਾਸ, ਮਹਾਤਮਾ ਮਹੇਸ਼ ਦਾਸ, ਮਹਾਤਮਾ ਜਮਨਾ ਦਾਸ ਅਤੇ ਬੀਬੀ ਬਬੀਤਾ ਸੈਣੀ ਜੀ ਹਾਜ਼ਰ ਸਨ।

ਸ.ਫ਼ਾ 1 ਦਾ ਬਾਕੀ...

30 ਸੋਨ, 35...

ਜਿੱਤੇ—ਇਹ ਕੁੱਲ ਤਗਮਿਆਂ ਦੀ ਗਿਣਤੀ ਵਿੱਚ ਸਭ ਤੋਂ ਵੱਡਾ ਯੋਗਦਾਨ ਸੀ।

ਹਨੀ ਨੇ ਪੁਰਸ਼ਾਂ ਦੇ 637 ਜੈਵਲਿਨ ਥਰੋਅ (ਨੇਜ਼ਾ ਸੁੱਟਣ) ਮੁਕਾਬਲੇ ਵਿੱਚ 60.49 ਮੀਟਰ ਦੀ ਦੂਰੀ ਤੈਅ ਕਰਕੇ ਵਿਸ਼ਵ ਰਿਕਾਰਡ ਬਣਾਇਆ ਅਤੇ ਸੋਨੇ ਦਾ ਤਗਮਾ ਹਾਸਲ ਕੀਤਾ। ਕਈ ਹੋਰ ਭਾਰਤੀ ਪੈਰਾ-ਐਥਲੀਟਾਂ ਨੇ ਵੀ ਸੋਨੇ, ਚਾਂਦੀ ਅਤੇ ਤਾਂਬੇ ਦੇ ਤਗਮੇ ਜਿੱਤ ਕੇ ਟੀਮ ਦੇ ਪ੍ਰਦਰਸ਼ਨ ਨੂੰ ਮਜ਼ਬੂਤ ਕੀਤਾ।

ਪੈਰਾ-ਸ਼ੂਟਿੰਗ ਵਿੱਚ, ਮੋਨਾ ਅਗਰਵਾਲ ਨੇ ਔਰਤਾਂ ਦੇ 50 ਮੀਟਰ ਰਾਈਫਲ 3 ਪੋਜੀਸ਼ਨ SHA ਮੁਕਾਬਲੇ ਵਿੱਚ 357.5 ਦੇ ਸਕੋਰ ਨਾਲ ਵਿਸ਼ਵ ਰਿਕਾਰਡ ਬਣਾਇਆ ਅਤੇ ਸੋਨੇ ਦਾ ਤਗਮਾ ਜਿੱਤਿਆ। ਇਹ ਇਨ੍ਹਾਂ ਖੇਡਾਂ ਵਿੱਚ ਉਸਦਾ ਦੂਜਾ ਸੋਨੇ ਦਾ ਤਗਮਾ ਸੀ। ਭਾਰਤ ਨੇ ਸ਼ੂਟਿੰਗ ਵਿੱਚ ਕੁੱਲ 5 ਤਗਮੇ ਜਿੱਤੇ, ਜਿਨ੍ਹਾਂ ਵਿੱਚ ਮੋਨਾ ਦੁਆਰਾ ਦੋ ਸੋਨੇ ਦੇ ਤਗਮੇ ਜਿੱਤਣਾ ਸਭ ਤੋਂ ਸ਼ਾਨਦਾਰ ਪ੍ਰਦਰਸ਼ਨ ਰਿਹਾ।

250% ਟੈਰਿਫ...

ਹੀ ਕਿਸੇ ਤੀਜੀ ਧਿਰ ਦੀ ਵਿਚੋਲਗੀ ਨੂੰ ਰੱਦ ਕੀਤਾ ਹੈ। ਭਾਰਤ ਅਨੁਸਾਰ, ਫੌਜੀ ਕਾਰਵਾਈਆਂ ਨੂੰ ਰੋਕਣ ਦਾ ਸਮਝੌਤਾ ਉਦੋਂ ਹੋਇਆ ਜਦੋਂ ਪਾਕਿਸਤਾਨ ਦੇ ਡਾਇਰੈਕਟਰ ਜਨਰਲ ਆਫ਼ ਮਿਲਟਰੀ ਆਪਰੇਸ਼ਨਜ਼ ਨੇ ਸੰਪਰਕ ਕਰਕੇ ਦੁਸ਼ਮਣੀ ਖਤਮ ਕਰਨ ਦੀ ਬੇਨਤੀ ਕੀਤੀ।

ਇਸ ਤੋਂ ਇਲਾਵਾ, ਭਾਰਤ ਨੇ ਟਰੰਪ ਦੇ ਉਸ ਦਾਅਵੇ ਨੂੰ ਸਖ਼ਤੀ ਨਾਲ ਰੱਦ ਕਰ ਦਿੱਤਾ ਹੈ ਕਿ ਦੋਵਾਂ ਦੇਸ਼ਾਂ ਵਿਚਕਾਰ ਫੌਜੀ ਟਕਰਾਅ ਦੌਰਾਨ 11 ਜਹਾਜ਼ ਡੇਗੇ ਗਏ ਸਨ। ਭਾਰਤ ਨੇ ਇਹ ਵੀ ਸਪੱਸ਼ਟ ਤੌਰ ’ਤੇ ਕਿਹਾ ਹੈ ਕਿ ਦੋਵਾਂ ਧਿਰਾਂ ਵਿਚਕਾਰ ਜੰਗਬੰਦੀ ਕਰਵਾਉਣ ਵਿੱਚ ਕਿਸੇ ਤੀਜੇ ਦੇਸ਼ ਨੇ ਕੋਈ ਭੂਮਿਕਾ ਨਹੀਂ ਨਿਭਾਈ।

ਅਸੀਂ ਮਿਲ ਕੇ...

ਆਪਣੀ ਪਹਿਲੀ ਇੰਸਟਾਗ੍ਰਾਮ ਪੋਸਟ ਵਿੱਚ ਸੋਨੀਆ ਗਾਂਧੀ ਨੇ ਕਿਤਾਬ ਦੀ ਇੱਕ ਝਲਕ ਸਾਂਝੀ ਕਰਦਿਆਂ ਲਿਖਿਆ, ਸਾਰਿਆਂ ਨੂੰ ਸਤਿ ਸ੍ਰੀ ਅਕਾਲ, ਮੈਨੂੰ ਤੁਹਾਡੇ ਸਾਰਿਆਂ ਨਾਲ ਇਹ ਪਲ ਸਾਂਝਾ ਕਰਦਿਆਂ ਬਹੁਤ ਖ਼ੁਸ਼ੀ ਹੋ ਰਹੀ ਹੈ। ਇਹ ਹੈ ’ਬਿਲੋਂਗਿੰਗ: ਏ ਜਰਨੀ ਆਫ਼ ਲਵ’ ਦੀ ਪਹਿਲੀ ਝਲਕ। ਇਹ ਪਿਆਰ, ਫਰਜ਼, ਵਿਛੋੜੇ ਅਤੇ ’ਘਰ’ ਕਹਾਉਣ ਵਾਲੀ ਜਗ੍ਹਾ ਦੀ ਭਾਲ ਦੀ ਕਹਾਣੀ ਹੈ। ਮੈਂ ਇਸਨੂੰ ਤੁਹਾਡੇ ਨਾਲ ਸਾਂਝਾ ਕਰਨ ਲਈ ਬਹੁਤ ਉਤਸੁਕ ਹਾਂ। ਇੰਸਟਾਗ੍ਰਾਮ ’ਤੇ ਸਾਂਝੀ ਕੀਤੀ ਗਈ ਇੱਕ ਵੀਡੀਓ ਵਿੱਚ ਸੋਨੀਆ ਗਾਂਧੀ ਆਪਣੀ ਕਿਤਾਬ ਦੀਆਂ ਪਹਿਲੀਆਂ ਕਾਪੀਆਂ ਪ੍ਰਾਪਤ ਕਰਦੀਆਂ ਅਤੇ ਆਪਣੀ ਧੀ ਕਾਂਗਰਸ ਸੰਸਦ ਮੈਂਬਰ ਪ੍ਰਿਅੰਕਾ ਗਾਂਧੀ ਵਾਡਰਾ ਨਾਲ ਮਿਲ ਕੇ ਮਿਠਾਈਆਂ ਵੰਡਦੀਆਂ ਨਜ਼ਰ ਆ ਰਹੀਆਂ ਹਨ। ਵੀਡੀਓ ਵਿੱਚ ਦੋਵਾਂ ਨੂੰ ਇੱਕ-ਦੂਜੇ ਨੂੰ ਗਲੇ ਲਗਾਉਂਦੇ ਹੋਏ ਵੀ ਦੇਖਿਆ ਜਾ ਸਕਦਾ ਹੈ।

ਇਹ ਕਿਤਾਬ 10 ਨਵੰਬਰ ਨੂੰ ਰਿਲੀਜ਼ ਹੋਣ ਜਾ ਰਹੀ ਹੈ ਅਤੇ ਇਸਦੇ ਲਈ ’ਪ੍ਰੀ-ਆਰਡਰ’ ਦੁਆਰਾ ਪ੍ਰਕਾਸ਼ਿਤ ਕੀਤੀ ਜਾ ਰਹੀ ਹੈ, ਜਦੋਂ ਕਿ ਭਾਰਤ ਵਿੱਚ ਇਸਨੂੰ ’ਹਾਰਪਰਕੋਲਿਨਜ਼ ਇੰਡੀਆ’ ਦੁਆਰਾ ਜਾਰੀ ਕੀਤਾ ਜਾਵੇਗਾ।

ਜੈਸ਼ ਨਾਲ ਤਾਰ...

ਦਾ ਜ਼ਿਕਰ ਸੀ। ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਰੈਪਿਡੋ ਡਰਾਈਵਰ ਅਖ਼ਤਰ ‘ਇਬਨ-ਏ-ਕਾਸਿਮ’ ਨਾਮ ਦੇ ਇੱਕ ਕੱਟੜਪੰਥੀ ਪਾਕਿਸਤਾਨੀ ਟੈਲੀਗ੍ਰਾਮ ਚੈਨਲ ਨਾਲ ਜੁੜਿਆ ਹੋਇਆ ਸੀ।

1 ਨਵੰਬਰ ਨੂੰ...

ਆਜ਼ਾਦ ਮਾਰਕੀਟ ਸ਼ਾਮਲ ਹਨ—ਰਾਮਲੀਲਾ ਮੈਦਾਨ ਦੇ 5 ਕਿਲੋਮੀਟਰ ਦੇ ਘੇਰੇ ਵਿੱਚ ਸਥਿਤ ਹਨ। ਇਹ ਬਾਜ਼ਾਰ ਨਾ ਸਿਰਫ਼ ਦਿੱਲੀ, ਸਗੋਂ ਪੂਰੇ ਦੇਸ਼ ਲਈ ਸਪਲਾਈ ਕੇਂਦਰਾਂ ਵਜੋਂ ਕੰਮ ਕਰਦੇ ਹਨ। ਰੈਲੀ ਵਾਲੇ ਦਿਨ, ਸੰਭਾਵਿਤ ਰੂਟ ਤਬਦੀਲੀਆਂ ਅਤੇ ਨੇੜਲੇ ਮੈਟਰੋ ਸਟੇਸ਼ਨਾਂ ’ਤੇ ਪਾਬੰਦੀਆਂ ਕਾਰਨ, ਨਾ ਸਿਰਫ਼ ਸਥਾਨਕ ਗਾਹਕ, ਸਗੋਂ ਦੂਜੇ ਰਾਜਾਂ ਤੋਂ ਆਉਣ ਵਾਲੇ ਥੋਕ ਖਰੀਦਦਾਰ ਵੀ ਇਨ੍ਹਾਂ ਬਾਜ਼ਾਰਾਂ ਤੱਕ ਨਹੀਂ ਪਹੁੰਚ ਸਕਣਗੇ।

ਭਾਰਤ ਦਾ ਸਭ...

ਵਿੱਚ ਜ਼ਮਾਨਤ ’ਤੇ ਰਿਹਾਅ ਹੋਣ ਤੋਂ ਬਾਅਦ ਆਪਣੇ ਗਿੱਟੇ ’ਤੇ ਲੱਗੇ ਇਲੈਕਟ੍ਰਾਨਿਕ ਨਿਗਰਾਨੀ ਟਰੈਕਰ ਨੂੰ ਹਟਾ ਕੇ ਫਰਾਰ ਹੋ ਗਿਆ ਸੀ। ’ਦਿ ਇੰਡੀਅਨ ਐਕਸਪ੍ਰੈਸ’ ਦੀ ਇੱਕ ਰਿਪੋਰਟ ਅਨੁਸਾਰ, ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ ਦੇ ਇੱਕ ਸੂਤਰ ਨੇ ਦੱਸਿਆ ਕਿ ਦਿੱਲੀ ਅਤੇ ਹਰਿਆਣਾ ਪੁਲਿਸ ਦੀਆਂ ਕਈ ਟੀਮਾਂ ਅਮਰੀਕਾ ਵਿੱਚ ਹਿਮਾਂਸ਼ੂ ਭਾਊ ’ਤੇ ਨਜ਼ਰ ਰੱਖ ਰਹੀਆਂ ਸਨ। ਤਕਨੀਕੀ ਨਿਗਰਾਨੀ ਅਤੇ ਮੁਖ਼ਬਰਾਂ ਤੋਂ ਮਿਲੀ ਜਾਣਕਾਰੀ ਦੇ ਆਧਾਰ ’ਤੇ ਲਾਸ ਵੇਗਾਸ ਵਿੱਚ ਉਸ ਦੇ ਲੁਕਣ ਦੀ ਥਾਂ ਦਾ ਪਤਾ ਲਗਾਇਆ ਗਿਆ। ਇਹ ਜਾਣਕਾਰੀ ਅਮਰੀਕੀ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨਾਲ ਸਾਂਝੀ ਕੀਤੀ ਗਈ, ਜਿਨ੍ਹਾਂ ਨੇ ਵੀਰਵਾਰ ਸ਼ਾਮ ਨੂੰ ਉਸ ਨੂੰ ਗ੍ਰਿਫ਼ਤਾਰ ਕਰ ਲਿਆ।

ਟਰੱਕ ਨਾਲ ਟਕਰਾਈ...

ਦੀ ਮੌਕੇ ’ਤੇ ਹੀ ਮੌਤ ਹੋ ਗਈ। ਪੁਲਿਸ ਅਨੁਸਾਰ, ਮਰਨ ਵਾਲਿਆਂ ਵਿੱਚ ਦੋ ਪੁਰਸ਼, ਤਿੰਨ ਔਰਤਾਂ ਅਤੇ ਇੱਕ ਬੱਚਾ ਸ਼ਾਮਲ ਹੈ। ਹਾਦਸੇ ਵਿੱਚ ਇੱਕ ਲੜਕੀ ਵੀ ਜ਼ਖ਼ਮੀ ਹੋਈ ਹੈ, ਜਿਸ ਦਾ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ।

ਪਾਕਿਸਤਾਨ ਵਿੱਚ ਐਲਪੀਜੀ...

7,000 ਟਨ ਐਲਪੀਜੀ ਦੀ ਲੋੜ ਹੁੰਦੀ ਹੈ। ਇਸ ਵਿੱਚੋਂ 2,000 ਤੋਂ 2,500 ਟਨ ਘਰੇਲੂ ਪੱਧਰ ’ਤੇ ਪੈਦਾ ਹੁੰਦੀ ਹੈ, ਜਦਕਿ ਬਾਕੀ ਲੋੜ ਦਰਾਮਦਾਂ ਰਾਹੀਂ ਪੂਰੀ ਕੀਤੀ ਜਾਂਦੀ ਹੈ। ਹਾਲਾਂਕਿ, ਇਰਾਕ ਅਤੇ ਓਮਾਨ ਤੋਂ ਹੋਣ ਵਾਲੀਆਂ ਦਰਾਮਦਾਂ ਵੀ ਪ੍ਰਭਾਵਿਤ ਹੋਈਆਂ ਹਨ, ਜਿਸ ਦਾ ਕਾਰਨ ’ਸਟਰੇਟ ਆਫ਼ ਹਾਰਮੁਜ਼’ ਵਿੱਚ ਈਰਾਨ ਨਾਲ ਜੁੜੇ ਹਾਲਾਤਾਂ ਕਾਰਨ ਪੈਦਾ ਹੋਈਆਂ ਰੁਕਾਵਟਾਂ ਹਨ।

ਤਿਲਕ ਤੇ ਨਿਤੀਸ਼...

ਵਿਕਟ ਹਾਸਲ ਕੀਤੀ। ਛੇ ਓਵਰਾਂ ਮਗਰੋਂ ਨਿਊਜ਼ੀਲੈਂਡ ਦਾ ਸਕੋਰ ਤਿੰਨ ਵਿਕਟਾਂ ’ਤੇ 43 ਦੌੜਾਂ ਸੀ। ਅਰਸ਼ਦੀਪ ਨੇ 18ਵੇਂ ਓਵਰ ਵਿੱਚ ਫਿਲਿਪਸ ਨੂੰ ਆਊਟ ਕਰਕੇ ਇਸ ਸਾਂਝੇਦਾਰੀ ਨੂੰ ਤੋੜਿਆ। ਫਿਲਿਪਸ ਨੇ 43 ਗੇਂਦਾਂ ਵਿੱਚ 70 ਦੌੜਾਂ ਬਣਾਈਆਂ, ਜਿਸ ਵਿੱਚ ਚਾਰ ਛੱਕੇ ਅਤੇ ਚਾਰ ਚੌਕੇ ਸ਼ਾਮਲ ਸਨ। ਨਿਤੀਸ਼ ਰੈੱਡੀ ਨੇ 19ਵੇਂ ਓਵਰ ਵਿੱਚ ਜੈਕਬਜ਼ ਨੂੰ ਆਊਟ ਕੀਤਾ। ਉਸ ਨੇ 40 ਗੇਂਦਾਂ ਵਿੱਚ ਅਰਧ ਸੈਂਕੜਾ ਜੜਿਆ। ਮਾਈਕਲ ਬ੍ਰੇਸਵੈੱਲ ਨੇ ਆਉਂਦਿਆਂ ਹੀ ਛੱਕਾ ਮਾਰਿਆ।

ਪ੍ਰਿੰਸ ਯਾਦਵ ਨੇ ਆਖ਼ਰੀ ਓਵਰ ਵਿੱਚ ਸਿਰਫ਼ ਨੌਂ ਦੌੜਾਂ ਦਿੱਤੀਆਂ। ਭਾਰਤ ਵੱਲੋਂ ਅਰਸ਼ਦੀਪ ਨੇ ਚਾਰ ਓਵਰਾਂ ਵਿੱਚ 33 ਦੌੜਾਂ ਦੇ ਕੇ ਦੋ ਵਿਕਟਾਂ ਹਾਸਲ ਕੀਤੀਆਂ ਜਦਕਿ ਪ੍ਰਿੰਸ ਯਾਦਵ ਨੇ 30 ਦੌੜਾਂ ਦੇ ਕੇ ਇੱਕ ਵਿਕਟ ਹਾਸਲ ਕੀਤੀ। ਭੁਵਨੇਸ਼ਵਰ ਕੁਮਾਰ ਨੇ ਚਾਰ ਓਵਰਾਂ ਵਿੱਚ 50 ਦੌੜਾਂ ਦੇ ਕੇ ਇੱਕ ਵਿਕਟ ਹਾਸਲ ਕੀਤੀ।

ਪੀ.ਆਰ.ਟੀ.ਸੀ., ਪਨਬੱਸ...

ਵਿਦਿਆਰਥੀਆਂ ਅਤੇ ਦਫ਼ਤਰੀ ਮੁਲਾਜ਼ਮਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਯੂਨੀਅਨ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਸਬੰਧੀ ਸਰਕਾਰ ਵੱਲੋਂ ਲਿਖਤੀ ਹੁਕਮ ਪ੍ਰਾਪਤ ਹੋਣ ਤੋਂ ਬਾਅਦ ਹੀ ਸੰਘਰਸ਼ ਖ਼ਤਮ ਕਰਨ ਦਾ ਫ਼ੈਸਲਾ ਲਿਆ ਗਿਆ ਹੈ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਪਟਿਆਲਾ ਸਥਿਤ ਪੀਆਰਟੀਸੀ ਦੇ ਮੁੱਖ ਦਫ਼ਤਰ ਦਾ ਦੌਰਾ ਕੀਤਾ ਅਤੇ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ।

ਮੀਟਿੰਗ ਮਗਰੋਂ ਟਰਾਂਸਪੋਰਟ ਮੰਤਰੀ ਨੇ ਕਿਹਾ ਕਿ ਗੱਲਬਾਤ ਬੇਹੱਦ ਸਾਕਾਰਾਤਮਕ ਮਾਹੌਲ ਵਿੱਚ ਹੋਈ ਹੈ ਅਤੇ ਸਰਕਾਰ ਨੇ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ’ਤੇ ਸਹਿਮਤੀ ਜਤਾਉਂਦਿਆਂ ਮਸਲੇ ਦਾ ਨਿਪਟਾਰਾ ਕਰ ਦਿੱਤਾ ਹੈ।

ਅੰਮ੍ਰਿਤਸਰ ਵਿੱਚ ਮੀਂਹ...

ਸਾਹਮਣਾ ਕਰ ਰਹੇ ਹਨ। ਅਜਿਹੇ ਵਿੱਚ ਬੇਮੌਸਮੀ ਮੀਂਹ ਅਤੇ ਗੜੇਮਾਰੀ ਨੇ ਉਨ੍ਹਾਂ ਦੀਆਂ ਮੁਸ਼ਕਲਾਂ ਹੋਰ ਵਧਾ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਫ਼ਸਲ ਦੀ ਪੈਦਾਵਾਰ ਲਈ ਕਿਸਾਨਾਂ ਨੂੰ ਬੀਜਾਂ, ਖਾਦਾਂ, ਕੀਟਨਾਸ਼ਕਾਂ, ਡੀਜ਼ਲ ਅਤੇ ਮਜ਼ਦੂਰੀ ਉੱਤੇ ਭਾਰੀ ਖ਼ਰਚ ਕਰਨਾ ਪੈਂਦਾ ਹੈ। ਜੇਕਰ ਫ਼ਸਲ ਨੂੰ ਮੌਸਮ ਦੀ ਮਾਰ ਪੈਂਦੀ ਹੈ ਤਾਂ ਕਿਸਾਨਾਂ ਦੀ ਆਮਦਨ ਉੱਤੇ ਸਿੱਧਾ ਅਸਰ ਪੈਂਦਾ ਹੈ ਅਤੇ ਉਨ੍ਹਾਂ ਲਈ ਖੇਤੀ ਦੇ ਖ਼ਰਚੇ ਪੂਰੇ ਕਰਨੇ ਵੀ ਔਖੇ ਹੋ ਜਾਂਦੇ ਹਨ।

ਉਨ੍ਹਾਂ ਕਿਹਾ ਕਿ ਬਾਰਿਸ਼ ਕਾਰਨ ਮੰਡੀਆਂ ਵਿੱਚ ਪਏ ਝੋਨੇ ਦੀ ਸੰਭਾਲ ਅਤੇ ਚੁਕਾਈ ਦਾ ਮਸਲਾ ਵੀ ਗੰਭੀਰ ਹੋ ਸਕਦਾ ਹੈ। ਜੇਕਰ ਮੰਡੀਆਂ ਵਿੱਚ ਪਿਆ ਝੋਨਾ ਮੀਂਹ ਦੀ ਲਪੇਟ ਵਿੱਚ ਆਉਂਦਾ ਹੈ ਤਾਂ ਉਸ ਦੀ ਗੁਣਵੱਤਾ ਪ੍ਰਭਾਵਿਤ ਹੋਣ ਦਾ ਖ਼ਦਸ਼ਾ ਰਹਿੰਦਾ ਹੈ। ਇਸ ਦੇ ਨਾਲ ਹੀ ਜੇਕਰ ਮੀਂਹ ਕਾਰਨ ਖ਼ਰੀਦ ਅਤੇ ਚੁਕਾਈ ਦਾ ਕੰਮ ਰੁਕਦਾ ਹੈ ਤਾਂ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਹੋਰ ਉਡੀਕ ਕਰਨੀ ਪੈ ਸਕਦੀ ਹੈ। ਮੰਡੀਆਂ ਵਿੱਚ ਪਹਿਲਾਂ ਹੀ ਫ਼ਸਲ ਦੀ ਚੁਕਾਈ ਨੂੰ ਲੈ ਕੇ ਬਣੇ ਹਾਲਾਤ ਦਰਮਿਆਨ ਮੌਸਮ ਦੀ ਖ਼ਰਾਬੀ ਨੇ ਕਿਸਾਨਾਂ ਦੀਆਂ ਚਿੰਤਾਵਾਂ ਹੋਰ ਵਧਾ ਦਿੱਤੀਆਂ ਹਨ।

ਕਿਸਾਨਾਂ ਨੇ ਮੰਗ ਕੀਤੀ ਕਿ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਪ੍ਰਭਾਵਿਤ ਖੇਤਾਂ ਦਾ ਜਾਇਜ਼ਾ ਲਿਆ ਜਾਵੇ ਅਤੇ ਨੁਕਸਾਨ ਦਾ ਸਹੀ ਮੁਲਾਂਕਣ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਫ਼ਸਲਾਂ ਦਾ ਨੁਕਸਾਨ ਹੋਇਆ ਹੈ ਤਾਂ ਪ੍ਰਭਾਵਿਤ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਮੰਡੀਆਂ ਵਿੱਚ ਪਏ ਝੋਨੇ ਨੂੰ ਮੀਂਹ ਤੋਂ ਬਚਾਉਣ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣ ਅਤੇ ਫ਼ਸਲ ਦੀ ਚੁਕਾਈ ਵਿੱਚ ਤੇਜ਼ੀ ਲਿਆਂਦੀ ਜਾਵੇ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਪਿੰਡ ਕੁਨੈਲ ਦੇ ਵਿਕਾਸ ਲਈ ਡਿਪਟੀ ਸਪੀਕਰ ਰੌੜੀ ਨੇ ਦਿੱਤੀ 12.35 ਲੱਖ ਰੁਪਏ ਦੀ ਗ੍ਰਾਂਟ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ/ਹੁਸ਼ਿਆਰਪੁਰ
(ਬਲਵੀਰ ਚੌਂਪੜਾ)



ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਪਿੰਡ ਕੁਨੈਲ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪਿੰਡ ਵਿੱਚ ਸੋਲਰ ਸਿਸਟਮ ਲਗਾਉਣ ਲਈ 12.35 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਸਿੱਧਾ ਸੰਪਰਕ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ, ਲੋੜਾਂ ਅਤੇ ਪਿੰਡ ਦੇ ਵਿਕਾਸ ਨਾਲ ਸਬੰਧਤ ਮੁੱਦਿਆਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਮੁੱਖ ਤਰਜੀਹ ਹੈ।

ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਲੋਕ ਮਿਲਣੀਆਂ ਲੋਕਾਂ ਦੀਆਂ ਲੋੜਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਸੁਝਾਵਾਂ ਅਨੁਸਾਰ ਵਿਕਾਸ ਕਾਰਜਾਂ ਦੀ ਯੋਜਨਾਬੰਦੀ ਕਰਨ ਦਾ ਇੱਕ ਅਹਿਮ ਮਾਧਿਅਮ ਹਨ। ਇਨ੍ਹਾਂ ਮਿਲਣੀਆਂ ਰਾਹੀਂ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਅਤੇ ਮੰਗਾਂ ਸਿੱਧੇ ਤੌਰ 'ਤੇ ਰੱਖਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣ ਨਾਲ ਇਲਾਕੇ ਦੀਆਂ ਅਸਲ ਲੋੜਾਂ ਦਾ ਪਤਾ ਲੱਗਦਾ ਹੈ ਅਤੇ ਵਿਕਾਸ ਕਾਰਜਾਂ ਨੂੰ ਸਹੀ ਦਿਸ਼ਾ ਵਿੱਚ ਅੱਗੇ ਵਧਾਉਣ ਵਿੱਚ ਮਦਦ ਮਿਲਦੀ ਹੈ।

ਉਨ੍ਹਾਂ ਕਿਹਾ ਕਿ ਹਲਕਾ ਗੜ੍ਹਸ਼ੰਕਰ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਤਰਜੀਹ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਪਿੰਡਾਂ ਦੀਆਂ ਲੋੜਾਂ ਅਨੁਸਾਰ ਵੱਖ-ਵੱਖ ਪ੍ਰੋਜੈਕਟਾਂ ਲਈ ਗ੍ਰਾਂਟਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਹੱਲ ਕਰਨ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਣਾ ਚਾਹੀਦਾ ਹੈ ਅਤੇ ਪਿੰਡਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨਾ ਸਮੇਂ ਦੀ ਅਹਿਮ ਲੋੜ ਹੈ।

ਡਿਪਟੀ ਸਪੀਕਰ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸੂਰਜੀ ਊਰਜਾ ਦੀ ਵਰਤੋਂ ਵਧਾਉਣਾ ਬਹੁਤ ਮਹੱਤਵਪੂਰਨ ਹੈ। ਸੋਲਰ ਸਿਸਟਮ ਵਰਗੇ ਪ੍ਰੋਜੈਕਟ ਊਰਜਾ ਦੇ ਬਦਲਵੇਂ ਸਰੋਤਾਂ ਨੂੰ ਉਤਸ਼ਾਹਿਤ ਕਰਨ ਅਤੇ ਰਵਾਇਤੀ ਬਿਜਲੀ 'ਤੇ ਨਿਰਭਰਤਾ ਘਟਾਉਣ ਵਿੱਚ ਸਹਾਇਕ ਸਾਬਤ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਅਜਿਹੇ ਪ੍ਰੋਜੈਕਟਾਂ ਨੂੰ ਉਤਸ਼ਾਹਿਤ ਕਰਨਾ ਵਿਕਾਸ ਦੇ ਨਾਲ-ਨਾਲ ਵਾਤਾਵਰਨ ਦੀ ਸੰਭਾਲ ਦੇ ਪੱਖੋਂ ਵੀ ਲਾਹੇਵੰਦ ਹੈ।

ਉਨ੍ਹਾਂ ਦੱਸਿਆ ਕਿ ਪਿੰਡ ਕੁਨੈਲ ਵਿਖੇ ਸੋਲਰ ਸਿਸਟਮ ਲਈ 12.35 ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰਨਾ ਪਿੰਡ ਵਿੱਚ ਲੋੜੀਂਦੀਆਂ ਸਹੂਲਤਾਂ ਨੂੰ ਬਿਹਤਰ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਲਈ ਲੋਕਾਂ ਦਾ ਸਹਿਯੋਗ ਵੀ ਬਹੁਤ ਜ਼ਰੂਰੀ ਹੈ। ਜਦੋਂ ਸਰਕਾਰ ਅਤੇ ਪਿੰਡ ਵਾਸੀ ਆਪਸੀ ਤਾਲਮੇਲ ਨਾਲ ਕੰਮ ਕਰਦੇ ਹਨ ਤਾਂ ਵਿਕਾਸ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਉਦੇਸ਼ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਦੇ ਹੱਲ ਲਈ ਲੋੜੀਂਦੇ ਯਤਨ ਕਰਨਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਲੋਕਾਂ ਦੀ ਰਾਇ ਅਤੇ ਸੁਝਾਅ ਮਹੱਤਵਪੂਰਨ ਹਨ, ਕਿਉਂਕਿ ਸਥਾਨਕ ਲੋਕ ਆਪਣੇ ਪਿੰਡ ਦੀਆਂ ਲੋੜਾਂ ਨੂੰ ਬਿਹਤਰ ਢੰਗ ਨਾਲ ਜਾਣਦੇ ਹਨ। ਇਸ ਲਈ ਵਿਕਾਸ ਕਾਰਜਾਂ ਵਿੱਚ ਲੋਕਾਂ ਦੀ ਭਾਗੀਦਾਰੀ ਨੂੰ ਅਹਿਮੀਅਤ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕਾ ਗੜ੍ਹਸ਼ੰਕਰ ਦੇ ਪਿੰਡਾਂ ਵਿੱਚ ਲੋੜੀਂਦੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਯਤਨ ਲਗਾਤਾਰ ਜਾਰੀ ਰਹਿਣਗੇ। ਇਸ ਮੌਕੇ ਪਿੰਡ ਦੀ ਗ੍ਰਾਮ ਪੰਚਾਇਤ ਅਤੇ ਸਮੂਹ ਪਿੰਡ ਵਾਸੀ ਹਾਜ਼ਰ ਸਨ।

ਗੁਰੂ ਰਵਿਦਾਸ ਜੀ ਦਾ ਪਵਿੱਤਰ ਅਸਥਾਨ ਗੁਰੂ ਜੀ ਦੀਆਂ ਸਿੱਖਿਆਵਾਂ, ਸਮਾਜਿਕ ਬਰਾਬਰੀ ਅਤੇ ਮਨੁੱਖੀ ਏਕਤਾ ਦੇ ਸੰਦੇਸ਼ ਨੂੰ ਸਮਰਪਿਤ-ਪ੍ਰਗਟ ਸਿੰਘ

ਪੈ.ਗਾਮ-ਏ-ਜਗਤ
ਨਵਾਂਸ਼ਹਿਰ, 24 ਅਕਤੂਬਰ
(ਗੁਰਬਖਸ਼ ਸਿੰਘ ਮਹੇ)

- **ਗੁਰੂ ਰਵਿਦਾਸ ਮਹਾਰਾਜ ਜੀ ਦੀ ਚਰਨਛੋਹ ਪ੍ਰਾਪਤ ਧਰਤੀ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ ਸ੍ਰ: ਪ੍ਰਗਟ ਸਿੰਘ ਹੋਏ ਨਤਮਸਤਕ**



ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਚਰਨਛੋਹ ਪ੍ਰਾਪਤ ਪਵਿੱਤਰ ਧਰਤੀ ਚਰਨਛੋਹ ਗੰਗਾ, ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ ਪ੍ਰਗਟ ਸਿੰਘ ਸਾਥੀਆਂ ਸਮੇਤ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨੇ ਗੁਰੂ ਰਵਿਦਾਸ ਮਹਾਰਾਜ ਜੀ ਦੀ ਪਵਿੱਤਰ ਯਾਦ ਨੂੰ ਨਮਨ ਕਰਦਿਆਂ ਸਰਬੱਤ ਦੇ ਭਲੇ, ਸਮਾਜਿਕ ਸਾਂਝ ਅਤੇ ਮਨੁੱਖਤਾ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਉਨ੍ਹਾਂ ਆਖਿਆ ਕਿ ਇਹ ਪਵਿੱਤਰ ਅਸਥਾਨ ਗੁਰੂ ਜੀ ਦੀਆਂ ਸਿੱਖਿਆਵਾਂ, ਸਮਾਜਿਕ ਬਰਾਬਰੀ ਅਤੇ ਮਨੁੱਖੀ ਏਕਤਾ ਦੇ ਸੰਦੇਸ਼ ਨੂੰ ਸਮਰਪਿਤ ਹੈ, ਇੱਥੇ ਨਤਮਸਤਕ ਹੋਣ ਵਾਲੀਆਂ ਸੰਗਤਾਂ ਗੁਰੂ ਜੀ ਦੇ ਦਿਖਾਏ ਮਾਰਗ 'ਤੇ ਚੱਲਣ ਅਤੇ ਸਮਾਜ ਵਿਚ ਆਪਸੀ ਪਿਆਰ ਤੇ ਸਤਿਕਾਰ ਦੀ ਭਾਵਨਾ ਮਜ਼ਬੂਤ ਕਰਨ ਦਾ ਸੰਕਲਪ ਲੈਂਦੀਆਂ ਹਨ, ਗੁਰੂ ਰਵਿਦਾਸ ਮਹਾਰਾਜ ਜੀ ਨੇ ਆਪਣੀ ਬਾਣੀ ਰਾਹੀਂ ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਵਿਤਕਰਿਆਂ ਤੋਂ ਮੁਕਤ ਸਮਾਜ ਦੀ ਕਲਪਨਾ ਪੇਸ਼ ਕੀਤੀ।

ਉਨ੍ਹਾਂ ਦੀਆਂ ਸਿੱਖਿਆਵਾਂ ਮਨੁੱਖ ਨੂੰ ਆਪਸੀ ਭਾਈਚਾਰੇ, ਸੱਚਾਈ, ਨਿਮਰਤਾ ਅਤੇ ਮਿਹਨਤ ਨਾਲ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਦਿੰਦੀਆਂ ਹਨ। ਸ੍ਰੀ ਚਰਨਛੋਹ ਗੰਗਾ ਵਿਖੇ ਨਤਮਸਤਕ ਹੋਣਾ ਗੁਰੂ ਜੀ ਦੀਆਂ ਸਿੱਖਿਆਵਾਂ ਪ੍ਰਤੀ ਸ਼ਰਧਾ ਅਤੇ ਸਤਿਕਾਰ ਦਾ ਪ੍ਰਤੀਕ ਹੈ। ਗੁਰੂ ਘਰ ਦੀ ਕਮੇਟੀ ਦੇ ਚੇਅਰਮੈਨ ਸ੍ਰੀ ਨਾਜਰ ਰਾਮ ਮਾਨ ਅਤੇ ਪ੍ਰਧਾਨ ਸੰਤ ਸੁਰਿੰਦਰ ਦਾਸ ਜੀ ਨੇ ਆਖਿਆ ਕਿ ਇਸ ਪਵਿੱਤਰ ਅਸਥਾਨ 'ਤੇ ਦੇਸ਼-ਵਿਦੇਸ਼ ਤੋਂ ਸੰਗਤਾਂ ਗੁਰੂ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨ ਲਈ ਪਹੁੰਚਦੀਆਂ ਹਨ ਅਤੇ ਉਨ੍ਹਾਂ ਦੀ ਬਾਣੀ ਤੋਂ ਜੀਵਨ ਨੂੰ ਸਹੀ ਦਿਸ਼ਾ ਦੇਣ ਦੀ ਪ੍ਰੇਰਨਾ ਲੈਂਦੀਆਂ ਹਨ। ਪੰਜਾਬ ਦੀ ਧਾਰਮਿਕ ਅਤੇ ਸਮਾਜਿਕ ਵਿਰਾਸਤ ਵਿਚ ਸ੍ਰੀ ਖੁਰਾਲਗੜ੍ਹ ਸਾਹਿਬ ਦਾ ਵਿਸ਼ੇਸ਼ ਸਥਾਨ ਹੈ। ਗੁਰੂ ਰਵਿਦਾਸ ਮਹਾਰਾਜ ਜੀ ਦੀ ਵਿਚਾਰਧਾਰਾ ਸਮਾਜ ਵਿਚ ਬਰਾਬਰੀ, ਸਨਮਾਨ ਅਤੇ ਭਾਈਚਾਰਕ ਸਾਂਝ ਸਥਾਪਤ ਕਰਨ ਦਾ ਰਾਹ ਦਿਖਾਉਂਦੀ ਹੈ। ਉਨ੍ਹਾਂ ਦਾ ਸੰਦੇਸ਼ ਸਮੁੱਚੀ ਮਨੁੱਖਤਾ ਨੂੰ ਇੱਕਜੁੱਟ ਹੋ ਕੇ ਨਿਆਂਪੂਰਨ ਅਤੇ ਸਦਭਾਵਨਾ ਭਰਿਆ ਸਮਾਜ ਸਿਰਜਣ ਦੀ ਪ੍ਰੇਰਨਾ ਦਿੰਦਾ ਹੈ, ਇਸ ਮੌਕੇ ਤੇ ਪ੍ਰਧਾਨ ਸ੍ਰ: ਪ੍ਰਗਟ ਸਿੰਘ ਅਤੇ ਉਨ੍ਹਾਂ ਦੇ ਨਾਲ ਆਏ ਨੁਮਾਇੰਦਿਆਂ ਦਾ ਗੁਰੂ ਘਰ ਦੀ ਕਮੇਟੀ ਵਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਸਾਬਕਾ ਮੈਂਬਰ ਗਿਆਨ ਚੰਦ ਦਿਵਾਲੀ ਯੂ ਕੇ, ਸੰਤ ਕਰਮ ਚੰਦ, ਬਾਬਾ ਦਿਆਲ ਚੰਦ, ਮਨਜੀਤ ਮੁੱਗੋਵਾਲ, ਸਵਾਗਤੀ ਕਮੇਟੀ ਦੇ ਮੁਖੀ ਸ੍ਰੀ ਜਗਦੀਸ਼ ਕੁਮਾਰ, ਮਨਜੀਤ ਮੁੱਗੋਵਾਲ, ਸੰਤ ਕਰਮ ਚੰਦ, ਪ੍ਰੈੱਸ ਸਕੱਤਰ ਗੁਰਬਖਸ਼ ਸਿੰਘ ਮਹੇ, ਸੁਖਚੈਨ ਸਿੰਘ ਕਾਲਾ ਪੰਜਾਬ ਪ੍ਰਧਾਨ, ਸੰਤ ਗਿਰਧਾਰੀ ਲਾਲ ਮੁੱਖ ਗਰੰਥੀ, ਸੋਮ ਨਾਥ ਗੰਗੜ, ਤਾਰਾ ਚੰਦ, ਜਰਨੈਲ ਸਿੰਘ ਕੁੱਲੇਵਾਲ, ਹਰਭਜਨ ਬਸੀ, ਮਹਿੰਦਰ ਸਿੰਘ ਬਸੀ, ਰਾਮ ਸਿੰਘ ਖੁਰਾਲੀ, ਦਲਵੀਰ ਰਾਜੂ, ਸੁਰਜੀਤ ਖਾਨਪੁਰੀ, ਬਿਜੇਸ਼ਵਰ ਕੁਮਾਰ, ਨਰਿੰਦਰ ਮਿਸਤਰੀ, ਟਿੰਕੂ ਅਡੋਨ, ਮਹੇਸ਼ ਸੂਦ, ਪੀ ਐਲ ਸੂਦ, ਡਾਕਟਰ ਸਤਪਾਲ, ਮਾਸਟਰ ਰਾਮ ਦਾਸ ਸਮੇਤ ਕੁੱਝ ਹੋਰ ਆਗੂ ਵੀ ਹਾਜ਼ਰ ਸਨ।

ਚੋਣ ਕਮਿਸ਼ਨ ਕੇਂਦਰ ਦੀ ਭਾਜਪਾ ਸਰਕਾਰ ਦੇ ਅਧੀਨ ਰਾਜਨੀਤਿਕ ਸੰਸਥਾ ਵਾਂਗ ਕੰਮ ਕਰ ਰਿਹਾ ਹੈ: ਡਾ. ਨੱਛਤਰ ਪਾਲ

ਸਾਡੇ ਪੁਰਖਿਆਂ ਨੇ ਲੰਬੇ ਸੰਘਰਸ਼ ਤੋਂ ਬਾਅਦ ਦਿਵਾਇਆ ਵੋਟ ਦਾ ਅਧਿਕਾਰ: ਬਸਪਾ ਵਿਧਾਇਕ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

ਬਹੁਜਨ ਸਮਾਜ ਪਾਰਟੀ ਦੇ ਵਿਧਾਇਕ ਡਾ. ਨੱਛਤਰ ਪਾਲ ਨੇ ਪੰਜਾਬ ਵਿਧਾਨ ਸਭਾ ਵਿੱਚ ਕੈਬਨਿਟ ਮੰਤਰੀ ਸਰਦਾਰ ਹਰਪਾਲ ਸਿੰਘ ਚੀਮਾ ਵੱਲੋਂ ਲਿਆਂਦੇ ਮਤੇ ਦਾ ਸਮਰਥਨ ਕਰਦਿਆਂ ਚੋਣ ਕਮਿਸ਼ਨ ਦੀ ਨਿਰਪੱਖਤਾ 'ਤੇ ਸਵਾਲ ਚੁੱਕੇ। ਉਨ੍ਹਾਂ ਦੋਸ਼ ਲਾਇਆ ਕਿ ਭਾਰਤ ਦਾ ਚੋਣ ਕਮਿਸ਼ਨ ਕੇਂਦਰ ਦੀ ਭਾਜਪਾ ਸਰਕਾਰ ਦੇ ਅਧੀਨ ਇੱਕ ਰਾਜਨੀਤਿਕ ਸੰਸਥਾ ਵਾਂਗ ਕੰਮ ਕਰ ਰਿਹਾ ਹੈ, ਜਿਸ ਨਾਲ ਲੋਕਾਂ ਦਾ ਲੋਕਤੰਤਰਿਕ ਪ੍ਰਣਾਲੀ ਵਿੱਚ ਭਰੋਸਾ ਪ੍ਰਭਾਵਿਤ ਹੋ ਰਿਹਾ ਹੈ।

ਡਾ. ਨੱਛਤਰ ਪਾਲ ਨੇ ਕਿਹਾ ਕਿ ਬਸਪਾ ਦੀ ਕੌਮੀ ਪ੍ਰਧਾਨ ਅਤੇ ਉੱਤਰ ਪ੍ਰਦੇਸ਼ ਦੀ ਸਾਬਕਾ ਮੁੱਖ ਮੰਤਰੀ ਭੈਣ ਕੁਮਾਰੀ ਮਾਇਆਵਤੀ ਨੇ ਵੀ ਈਵੀਐਮ ਮਸ਼ੀਨਾਂ, ਵੀਵੀਪੈਟ ਪਰਚੀਆਂ ਦੇ ਮਿਲਾਨ ਅਤੇ ਵਿਸ਼ੇਸ਼ ਵਿਆਪਕ ਵੋਟਰ ਸੂਚੀ ਸੋਧ (ਐੱਸਆਈਆਰ) ਰਾਹੀਂ ਵੋਟਰਾਂ ਦੇ ਅਧਿਕਾਰਾਂ ਨਾਲ ਜੁੜੇ ਮੁੱਦੇ ਉਠਾਏ ਹਨ। ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਵਿੱਚੋਂ ਵੱਡੀ ਗਿਣਤੀ ਵਿੱਚ ਵੋਟਾਂ ਕੱਟੇ ਜਾਣ ਦੇ ਦੋਸ਼ਾਂ ਕਾਰਨ ਲੋਕਾਂ ਵਿੱਚ ਚੋਣ ਕਮਿਸ਼ਨ ਪ੍ਰਤੀ ਬੇਭਰੋਸਗੀ ਵਧ ਰਹੀ ਹੈ। ਵਿਧਾਇਕ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇ ਅਨੁਛੇਦ 324, 325 ਅਤੇ 326 ਚੋਣ ਪ੍ਰਕਿਰਿਆ ਅਤੇ ਵੋਟ ਦੇ ਅਧਿਕਾਰ ਨਾਲ ਸਬੰਧਤ ਮਹੱਤਵਪੂਰਨ ਵਿਵਸਥਾਵਾਂ ਪ੍ਰਦਾਨ ਕਰਦੇ ਹਨ। ਚੋਣ ਕਮਿਸ਼ਨ ਦੀ ਜ਼ਿੰਮੇਵਾਰੀ ਹੈ ਕਿ ਚੋਣਾਂ ਨਿਰਪੱਖ ਢੰਗ ਨਾਲ ਕਰਵਾਈਆਂ ਜਾਣ ਅਤੇ ਯੋਗ ਨਾਗਰਿਕਾਂ ਨੂੰ ਬਿਨਾਂ ਕਿਸੇ ਜਾਤ, ਧਰਮ ਜਾਂ ਲਿੰਗ ਦੇ ਭੇਦਭਾਵ ਤੋਂ ਵੋਟਰ ਸੂਚੀ ਵਿੱਚ ਸ਼ਾਮਲ ਕਰਨ ਲਈ ਉਚਿਤ ਪ੍ਰਬੰਧ ਕੀਤੇ ਜਾਣ। ਡਾ. ਨੱਛਤਰ ਪਾਲ ਨੇ ਵੋਟ ਦੇ ਅਧਿਕਾਰ ਦੇ ਇਤਿਹਾਸ ਦਾ ਜ਼ਿਕਰ ਕਰਦਿਆਂ ਕਿਹਾ ਕਿ ਅੱਜ ਮਿਲਿਆ ਵੋਟ ਦਾ ਹੱਕ ਸਾਡੇ ਪੁਰਖਿਆਂ ਅਤੇ ਰਹਿਬਰਾਂ ਦੇ ਲੰਬੇ ਸੰਘਰਸ਼ ਦਾ ਨਤੀਜਾ ਹੈ। ਉਨ੍ਹਾਂ ਦੱਸਿਆ ਕਿ ਬਰਤਾਨਵੀ ਸ਼ਾਸਨ ਦੌਰਾਨ ਵੋਟ ਪਾਉਣ ਦਾ ਅਧਿਕਾਰ ਸੀਮਤ ਵਰਗਾਂ ਤੱਕ ਹੀ ਸੀ ਅਤੇ ਜਾਇਦਾਦ, ਟੈਕਸ ਤੇ ਵਿੱਦਿਅਕ ਯੋਗਤਾ ਵਰਗੀਆਂ ਸ਼ਰਤਾਂ ਲਾਗੂ ਸਨ। ਇਸ ਕਾਰਨ ਆਮ ਲੋਕਾਂ ਅਤੇ ਔਰਤਾਂ ਦੇ ਵੱਡੇ ਹਿੱਸੇ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਰਹਿਣਾ ਪਿਆ।



ਉਨ੍ਹਾਂ ਛਤਰਪਤੀ ਸ਼ਾਹੂ ਮਹਾਰਾਜ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਅਤੇ ਆਦਿ ਧਰਮ ਲਹਿਰ ਦੇ ਬਾਨੀ ਬਾਬੂ ਮੰਗੂ ਰਾਮ ਜੀ ਦੇ ਯੋਗਦਾਨ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਦੀ ਅਗਵਾਈ ਵਿੱਚ ਸੰਵਿਧਾਨ ਦੀ ਰਚਨਾ ਰਾਹੀਂ ਹਰ ਬਾਲਗ ਨਾਗਰਿਕ ਨੂੰ ਬਰਾਬਰ ਵੋਟ ਦਾ ਅਧਿਕਾਰ ਮਿਲਿਆ। ਇਹ ਅਧਿਕਾਰ ਸਮਾਜਿਕ ਬਰਾਬਰੀ ਅਤੇ ਲੋਕਤੰਤਰ ਦੀ ਮਜ਼ਬੂਤੀ ਦਾ ਅਹਿਮ ਆਧਾਰ ਹੈ।

ਉਨ੍ਹਾਂ ਕਿਹਾ ਕਿ ਜੇਕਰ ਵੱਡੀ ਗਿਣਤੀ ਵਿੱਚ ਲੋਕ ਵੋਟ ਦੇ ਅਧਿਕਾਰ ਤੋਂ ਵਾਂਝੇ ਰਹਿ ਜਾਂਦੇ ਹਨ ਤਾਂ ਲੋਕਤੰਤਰ ਪ੍ਰਤੀ ਬੇਭਰੋਸਗੀ ਅਤੇ ਅਸੰਤੋਸ਼ ਵਧ ਸਕਦਾ ਹੈ। ਇਸ ਲਈ ਵੋਟਰ ਸੂਚੀਆਂ ਦੀ ਪਾਰਦਰਸ਼ਤਾ ਅਤੇ ਚੋਣ ਕਮਿਸ਼ਨ ਦੀ ਨਿਰਪੱਖਤਾ ਯਕੀਨੀ ਬਣਾਉਣੀ ਬੇਹੱਦ ਜ਼ਰੂਰੀ ਹੈ। ਡਾ. ਨੱਛਤਰ ਪਾਲ ਨੇ ਕਿਹਾ ਕਿ ਸਦਨ ਨੂੰ ਲੋਕਾਂ ਦੇ ਵੋਟ ਦੇ ਅਧਿਕਾਰ ਦੀ ਰਾਖੀ ਲਈ ਆਵਾਜ਼ ਉਠਾਉਣੀ ਚਾਹੀਦੀ ਹੈ। ਉਨ੍ਹਾਂ ਇਨ੍ਹਾਂ ਮੁੱਦਿਆਂ ਦੇ ਮੱਦੇਨਜ਼ਰ ਮਤੇ ਦਾ ਸਮਰਥਨ ਕੀਤਾ।

ਪ੍ਰਕਾਸ਼ ਪੁਰਬ ਨੂੰ ਸਮਰਪਿਤ ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ 27 ਅਕਤੂਬਰ ਨੂੰ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

- **ਯੂ.ਕੇ. ਨਿਵਾਸੀ ਅਲੀਪੁਰ ਦੇ ਢੇਸੀ ਪਰਿਵਾਰ ਵੱਲੋਂ ਲਗਾਤਾਰ ਕੀਤੀ ਜਾਵੇਗੀ ਅੱਠਵੇਂ ਮੁਫ਼ਤ ਅਪ੍ਰੇਸ਼ਨ ਕੈਂਪ ਦੀ ਸੇਵਾ**

ਯੂ.ਕੇ. ਵਿਚ ਰਹਿ ਰਹੇ ਅਲੀਪੁਰ ਦੇ ਢੇਸੀ ਪਰਿਵਾਰ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਵੰਬਰ 2019 ਵਿੱਚ ਅੱਖਾਂ ਦੇ ਮੁਫਤ ਆਪਰੇਸ਼ਨ ਕੈਂਪ ਦੀ ਆਰੰਭ ਕੀਤੀ ਗਈ ਸੇਵਾ ਲਗਾਤਾਰ ਜਾਰੀ ਹੈ। ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਨਵਾਂਸ਼ਹਿਰ ਵੱਲੋਂ ਹਰ ਸਾਲ ਕਰਵਾਏ ਜਾਂਦੇ ਮਹਾਨ ਕੀਰਤਨ ਦਰਬਾਰ ਮੌਕੇ ਅੱਖਾਂ ਦਾ ਮੁਫਤ ਅਪ੍ਰੇਸ਼ਨ ਲਗਵਾਇਆ ਜਾਂਦਾ ਹੈ ਜਿਸ ਵਿੱਚ ਹਰ ਸਾਲ ਸੈਂਕੜਿਆਂ ਦੀ ਗਿਣਤੀ ਵਿੱਚ ਲੋੜਵੰਦ ਲੋਕਾਂ ਦੇ ਅੱਖਾਂ ਦੇ ਆਪਰੇਸ਼ਨ ਮੁਫ਼ਤ ਕੀਤੇ ਜਾਂਦੇ ਹਨ। ਇਸ ਵਾਰ ਇਹ ਕੈਂਪ ਮਹਾਨ ਕੀਰਤਨ ਦਰਬਾਰ ਤੋਂ ਪਹਿਲਾਂ ਹੀ 27 ਅਕਤੂਬਰ ਦਿਨ ਮੰਗਲਵਾਰ ਨੂੰ ਮਿਊਂਸਿਪਲ ਪਬਲਿਕ ਪਾਰਕ ਕਨਾਲ ਰੋਡ ਨਵਾਂ ਸ਼ਹਿਰ ਵਿਖੇ ਅਯੋਜਿਤ ਕੀਤਾ ਜਾ ਰਿਹਾ ਹੈ।

ਇਹ ਜਾਣਕਾਰੀ ਸਾਂਝੀ ਕਰਦੇ ਹੋਏ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਅਤੇ ਉਪ ਮੁੱਖ ਸੇਵਾਦਾਰ ਦੀਦਾਰ ਸਿੰਘ ਨੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਨੂੰ ਸਮਰਪਿਤ ਮਹਾਨ ਕੀਰਤਨ ਦਰਬਾਰਾਂ ਦੀ ਲੜੀ ਆਰੰਭ ਕੀਤੀ ਗਈ ਸੀ ਅਤੇ ਢੇਸੀ ਪਰਿਵਾਰ ਵੱਲੋਂ ਵੀ ਲਗਾਤਾਰ ਹਰ ਸਾਲ ਇਸ ਮੌਕੇ ਤੇ ਅੱਖਾਂ ਦੇ ਮੁਫਤ ਅਪ੍ਰੇਸ਼ਨ ਕੈਂਪ ਦੀ ਸੇਵਾ ਕੀਤੀ ਜਾਂਦੀ ਹੈ।

ਉਹਨਾਂ ਦੱਸਿਆ ਕਿ ਯੂ.ਕੇ. ਨਿਵਾਸੀ ਸ: ਸੋਹਣ ਸਿੰਘ ਢੇਸੀ, ਸਵ: ਸ: ਮੋਹਨ ਸਿੰਘ ਢੇਸੀ, ਦੀਦਾਰ ਸਿੰਘ ਢੇਸੀ ਅਤੇ ਬਲਵੀਰ ਸਿੰਘ ਢੇਸੀ ਭਰਾਵਾਂ ਵੱਲੋਂ ਵੀ ਨਵੰਬਰ 2019 ਤੋਂ ਇਹ ਸੇਵਾ ਪਹਿਲੀ ਵਾਰ ਕੀਤੀ ਗਈ ਸੀ ਅਤੇ ਵਾਹਿਗੁਰੂ ਦੀ ਕਿਰਪਾ ਸਦਕਾ ਪਰਿਵਾਰ ਲਗਾਤਾਰ ਹਰ ਸਾਲ ਅੱਖਾਂ ਦੇ ਮੁਫਤ ਅਪ੍ਰੇਸ਼ਨ ਕੈਂਪ ਦੀ ਸੇਵਾ ਕਰਦਾ ਆ ਰਿਹਾ ਹੈ। ਉਹਨਾਂ ਦੱਸਿਆ ਕਿ ਇਸ ਸਾਲ ਪਹਿਲੀ ਵਾਰ ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਵੱਲੋਂ ਇਹ ਕੈਂਪ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਦਫ਼ਤਰ ਦੀ ਬਜਾਏ ਮਿਊਂਸਿਪਲ ਪਬਲਿਕ ਪਾਰਕ ਵਿਖੇ ਨਵੇਂ ਉਸਾਰੇ ਗਏ ਕਮਰਿਆਂ ਵਿਚ ਸਵੇਰੇ 09:00 ਵਜੇ ਤੋਂ ਕੈਂਪ ਅਰੰਭ ਜਾਵੇਗਾ।

ਉਨ੍ਹਾਂ ਦੱਸਿਆ ਕਿ ਅੱਖਾਂ ਦੀ ਜਾਂਚ 27 ਅਕਤੂਬਰ ਨੂੰ ਕੀਤੀ ਜਾਵੇਗੀ ਅਤੇ ਅਪ੍ਰੇਸ਼ਨ ਯੋਗ ਪਾਏ ਗਏ ਮਰੀਜ਼ਾਂ ਦੇ ਅਪਰੇਸ਼ਨ ਅਗਲੇ ਦਿਨ ਮਨਦੀਪ ਆਈ ਹਸਪਤਾਲ ਨਵਾਂਸ਼ਹਿਰ ਵਿਖੇ ਕੀਤੇ ਜਾਣਗੇ ਜਿਸ ਲਈ ਤਰੀਖਾਂ ਜਾਂਚ ਦੌਰਾਨ ਹੀ ਦਿੱਤੀਆਂ ਜਾਣਗੀਆਂ।


ਉਹਨਾਂ ਨੇ ਇਲਾਕੇ ਭਰ ਦੇ ਲੋੜਵੰਦਾਂ ਨੂੰ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਅਪੀਲ ਕੀਤੀ।

ਇਸ ਮੌਕੇ ਉਨ੍ਹਾਂ ਦੇ ਨਾਲ ਉੱਤਮ ਸਿੰਘ ਸੇਠੀ, ਹਕੀਕਤ ਸਿੰਘ, ਡਾ: ਭਗਵਾਨ ਸਿੰਘ, ਜਸਵਿੰਦਰ ਸਿੰਘ ਸੈਣੀ, ਬਲਦੇਵ ਸਿੰਘ, ਰਮਨੀਕ ਸਿੰਘ, ਜਗਦੀਪ ਸਿੰਘ, ਇੰਦਰਜੀਤ ਸਿੰਘ ਬਾਹੜਾ, ਜਗਜੀਤ ਸਿੰਘ ਬਾਟਾ, ਰਾਮਪਾਲ ਰਾਏ, ਬਖਸ਼ੀਸ਼ ਸਿੰਘ ਸੈਣੀ, ਬਾਬਾ ਗਿਆਨ ਸਿੰਘ, ਗੁਰਪਾਲ ਸਿੰਘ ਆਦਿਕ ਸੁਸਾਇਟੀ ਦੇ ਹੋਰ ਮੈਂਬਰ ਵੀ ਮੌਜੂਦ ਸਨ।

ਅੱਖਾਂ ਦੀਆਂ ਬਿਮਾਰੀਆਂ ਬਾਰੇ ਜਾਗਰੂਕਤਾ ਤੇ ਲੋੜਵੰਦਾਂ ਦੀ ਮਦਦ 'ਤੇ ਵਿਸ਼ੇਸ਼ ਚਰਚਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਅੱਖਾਂ ਮਨੁੱਖੀ ਜੀਵਨ ਦੀਆਂ ਸਭ ਤੋਂ ਅਨਮੋਲ ਨੇਮਤਾਂ ਵਿੱਚੋਂ ਇੱਕ ਹਨ। ਅੱਖਾਂ ਦੀ ਸਹੀ ਦੇਖਭਾਲ, ਸਮੇਂ ਸਿਰ ਜਾਂਚ ਅਤੇ ਢੁਕਵੇਂ ਇਲਾਜ ਨਾਲ ਕਈ ਗੰਭੀਰ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ। ਇਸੇ ਮਹੱਤਵਪੂਰਨ ਵਿਸ਼ੇ ਨੂੰ ਲੈ ਕੇ ਅੱਖਾਂ ਦੇ ਮਾਹਿਰ ਡਾਕਟਰ ਨਵਨੀਤ ਗੁਲਜ਼ਾਰ ਸਿੰਘ ਚੱਗਰ ਨਾਲ ਸੀਨੀਅਰ ਸੰਵਾਦਦਾਤਾ ਦਲਜੀਤ ਅਜਨੋਹਾ ਨੇ ਇੱਕ ਵਿਸ਼ੇਸ਼ ਗੱਲਬਾਤ ਕੀਤੀ।



ਇਸ ਵਿਸ਼ੇਸ਼ ਗੱਲਬਾਤ ਦੌਰਾਨ ਅੱਖਾਂ ਨਾਲ ਸਬੰਧਤ ਵੱਖ-ਵੱਖ ਬਿਮਾਰੀਆਂ, ਉਨ੍ਹਾਂ ਦੇ ਲੱਛਣਾਂ, ਬਚਾਅ ਦੇ ਉਪਾਵਾਂ ਅਤੇ ਸਮੇਂ ਸਿਰ ਇਲਾਜ ਦੇ ਮਹੱਤਵ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਨਾਲ ਹੀ ਲੋੜਵੰਦ ਲੋਕਾਂ ਨੂੰ ਅੱਖਾਂ ਦੇ ਇਲਾਜ ਲਈ ਦਿੱਤੀ ਜਾਣ ਵਾਲੀ ਸਹਾਇਤਾ ਤੇ ਸਮਾਜ ਦੇ ਆਰਥਿਕ ਪੱਖੋਂ ਕਮਜ਼ੋਰ ਵਰਗਾਂ ਤੱਕ ਸਿਹਤ ਸਹੂਲਤਾਂ ਪਹੁੰਚਾਉਣ ਦੀਆਂ ਕੋਸ਼ਿਸ਼ਾਂ ਬਾਰੇ ਵੀ ਵਿਚਾਰ ਸਾਂਝੇ ਕੀਤੇ ਗਏ।

ਗੱਲਬਾਤ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਅੱਖਾਂ ਦੀ ਰੋਸ਼ਨੀ ਨਾਲ ਜੁੜੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਨਿਯਮਤ ਨੇਤਰ ਜਾਂਚ, ਡਾਕਟਰ ਦੀ ਸਲਾਹ ਦੀ ਪਾਲਣਾ ਅਤੇ ਸਮੇਂ ਸਿਰ ਇਲਾਜ ਅੱਖਾਂ ਨੂੰ ਸਿਹਤਮੰਦ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਇਸ ਵਿਸ਼ੇਸ਼ ਗੱਲਬਾਤ ਦਾ ਉਦੇਸ਼ ਲੋਕਾਂ ਨੂੰ ਅੱਖਾਂ ਦੀ ਸਿਹਤ ਪ੍ਰਤੀ ਜਾਗਰੂਕ ਕਰਨਾ ਅਤੇ ਲੋੜਵੰਦ ਵਿਅਕਤੀਆਂ ਦੀ ਸਹਾਇਤਾ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਨੂੰ ਸਮਾਜ ਦੇ ਸਾਹਮਣੇ ਲਿਆਉਣਾ ਹੈ। ਇਹ ਸੰਵਾਦ ਸਿਹਤ ਜਾਗਰੂਕਤਾ ਦੇ ਨਾਲ-ਨਾਲ ਸਮਾਜ ਸੇਵਾ ਦੇ ਮਹੱਤਵ ਨੂੰ ਵੀ ਉਜਾਗਰ ਕਰਦਾ ਹੈ।

ਖਾਲਸਾ ਕਾਲਜ ਮਾਹਿਲਪੁਰ ਵਿੱਚ ਹੋ ਰਹੇ ਜ਼ੋਨਲ ਅਤੇ ਇੰਟਰ ਜ਼ੋਨਲ ਯੁਵਕ ਅਤੇ ਵਿਰਾਸਤੀ ਮੇਲੇ ਦੀਆਂ ਤਿਆਰੀਆਂ ਜ਼ੋਰਾਂ ਤੇ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)



ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਧੀਨ ਹੁਸ਼ਿਆਰਪੁਰ (ਜ਼ੋਨ -5) ਤਹਿਤ ਆਉਂਦੇ 30 ਕਾਲਜਾਂ ਦੇ ਵਿਦਿਆਰਥੀਆਂ ਦੀਆਂ ਵੱਖ ਵੱਖ ਸਿਰਜਣਾਤਮਿਕ, ਕਲਾਤਮਿਕ ਅਤੇ ਵਿਰਾਸਤੀ ਗਤੀਵਿਧੀਆਂ ਨਾਲ ਸਬੰਧਤ ਜ਼ੋਨਲ ਯੁਵਕ ਤੇ ਵਿਰਾਸਤੀ ਮੇਲਾ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਬੰਧਾਂ ਅਧੀਨ ਚੱਲਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਮਿਤੀ 3 ਨਵੰਬਰ ਤੋਂ ਉਤਸ਼ਾਹ ਨਾਲ ਸ਼ੁਰੂ ਹੋ ਰਿਹਾ ਹੈ ਜਿਸ ਦੇ ਕੁਸ਼ਲ ਪ੍ਰਬੰਧਾਂ ਸਬੰਧੀ ਕਾਲਜ ਵਿੱਚ ਜੋਸ਼ ਨਾਲ ਤਿਆਰੀਆਂ ਚੱਲ ਰਹੀਆਂ ਹਨ। ਦੱਸਣਯੋਗ ਹੈ ਕਿ ਕਾਲਜ ਵਿੱਚ ਜ਼ੋਨਲ ਯੁਵਕ ਮੇਲਾ 3 ਤੋਂ 6 ਨਵੰਬਰ ਤੱਕ ਚੱਲਗਾ ਜਿਸ ਉਪਰੰਤ ਜ਼ੋਨਲ ਯੁਵਕ ਮੇਲੇ ਦੇ ਜੇਤੂ ਵਿਦਿਆਰਥੀਆਂ ਦੀ ਅਗਲੀ ਪ੍ਰਤੀਯੋਗਤਾ ਇਸੇ ਸੰਸਥਾ ਵਿੱਚ ਇੰਟਰ ਜ਼ੋਨਲ ਯੁਵਕ ਤੇ ਵਿਰਾਸਤੀ ਮੇਲੇ ਵਜੋਂ ਮਿਤੀ 10 ਨਵੰਬਰ ਤੋਂ ਆਰੰਭ ਹੋ ਕੇ 13 ਨਵੰਬਰ ਤੱਕ ਚੱਲਗੀ। ਇਸ ਬਾਰੇ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਦੱਸਿਆ ਕਿ ਖਾਲਸਾ ਕਾਲਜ ਮਾਹਿਲਪੁਰ ਵਿੱਚ ਪਹਿਲੀ ਵਾਰ ਜ਼ੋਨਲ ਅਤੇ ਇੰਟਰ ਜ਼ੋਨਲ ਯੁਵਕ ਮੇਲੇ ਦਾ ਆਯੋਜਨ ਹੋਣਾ ਇਤਿਹਾਸ ਸਿਰਜੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ. ਚੰਡੀਗੜ੍ਹ ਵੱਲੋਂ ਇਨ੍ਹਾਂ ਯੁਵਕ ਮੇਲਿਆਂ ਲਈ ਖਾਲਸਾ ਕਾਲਜ ਮਾਹਿਲਪੁਰ ਦੀ ਚੋਣ ਕਰਨੀ ਇਸ ਸੰਸਥਾ ਦੀ ਕੁਸ਼ਲ ਪ੍ਰਬੰਧਕੀ ਸਮਰੱਥਾ ਵਿੱਚ ਭਰੋਸੇਯੋਗਤਾ ਨੂੰ ਦਰਸਾਂਦਾ ਫੈਸਲਾ ਹੈ। ਜ਼ੋਨਲ ਯੁਵਕ ਮੇਲੇ ਦੇ ਮੁਖ ਮਹਿਮਾਨ ਵਜੋਂ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਸ਼ਿਰਕਤ ਕਰਨਗੇ। ਉਨ੍ਹਾਂ ਕਿਹਾ ਕਿ ਇਹ ਯੁਵਕ ਮੇਲੇ ਕਾਲਜ ਦੇ ਬਾਨੀ ਸੰਸਥਾਪਕ ਸੰਤ ਬਾਬਾ ਹਰੀ ਸਿੰਘ ਕਹਾਰਪੁਰੀ ਅਤੇ ਕਾਲਜ ਦੇ ਬਾਨੀ ਪ੍ਰਿੰਸੀਪਲ ਹਰਭਜਨ ਸਿੰਘ ਦੀ ਸੁਨਹਿਰੀ ਯਾਦ ਨੂੰ ਸਮਰਪਿਤ ਹੋਣਗੇ ਜਿੱਥੇ ਵਿਦਿਆਰਥੀਆਂ ਦੇ ਲੋਕ ਨਾਚ , ਸੰਗੀਤ, ਥੀਏਟਰ, ਵਿਚਾਰ ਚਰਚਾ, ਭਾਸ਼ਣ,ਸਿਰਜਣਾ ਸਮੇਤ ਵੱਖ ਵੱਖ ਸਭਿਆਚਾਰਕ ਤੇ ਵਿਰਾਸਤੀ ਕਲਾਵਾਂ ਦੇ ਮੁਕਾਬਲੇ ਆਕਰਸ਼ਣ ਦਾ ਕੇਂਦਰ ਹੋਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਯੁਵਕ ਮੇਲਿਆਂ ਦਾ ਥੀਮ 'ਪ੍ਰਤੀਯੋਗਤਾ ਤੋਂ ਪਾਰ ; ਸਿਰਜਣਾ ਅਤੇ ਆਪਸੀ ਮਿਲਵਰਤਨ ਦਾ ਜਸ਼ਨ' ਹੈ ਜਿਸਦਾ ਅਰਥ ਵਿਦਿਆਰਥੀਆਂ ਨੂੰ ਜਿੱਤ ਹਾਰ ਤੋਂ ਪਾਰ ਜਾ ਕੇ ਆਪਣੀ ਸਿਰਜਣਾ ਦੁਆਰਾ ਹੋਰ ਵਿਦਿਆਰਥੀਆਂ ਨਾਲ ਸਾਂਝ, ਸਦਭਾਵਨਾ ਅਤੇ ਸਹਿਹੋਂਦ ਦਾ ਮੰਚ ਮੁਹੱਈਆ ਕਰਵਾਉਣਾ ਹੈ। ਇਸ ਮੌਕੇ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਪੈਟਰਨ ਡਾ ਜੰਗ ਬਹਾਦਰ ਸਿੰਘ ਰਾਏ, ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਜਨਰਲ ਸਕੱਤਰ ਪ੍ਰੋ ਅਪਿੰਦਰ ਸਿੰਘ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਯੁਵਕ ਭਲਾਈ ਵਿਭਾਗ ਤੇ ਡਾਇਰੈਕਟਰ ਡਾ ਸੁਖਜਿੰਦਰ ਰਿਸ਼ੀ, ਉਪ ਪ੍ਰਿੰਸੀਪਲ ਅਰਾਧਨਾ ਦੁੱਗਲ, ਯੁਵਕ ਮੇਲੇ ਦੇ ਪ੍ਰਬੰਧਕੀ ਸਕੱਤਰ ਡਾ ਵਿਕਰਾਂਤ ਸਿੰਘ ਰਾਣਾ ਨੇ ਇਨ੍ਹਾਂ ਯੁਵਕ ਮੇਲਿਆਂ ਨੂੰ ਵਿਦਿਆਰਥੀਆਂ ਦੀ ਬਹੁਪੱਖੀ ਸ਼ਖ਼ਸੀਅਤ ਦੀ ਉਸਾਰੀ ਲਈ ਅਹਿਮ ਮੰਚ ਦੱਸਿਆ ਅਤੇ ਵਿਦਿਆਰਥੀਆਂ ਨੂੰ ਵੱਖ ਵੱਖ ਵੰਨਗੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਪ੍ਰੇਰਨਾ ਦਿੱਤੀ।

ਜ਼ਿਲ੍ਹਾ ਭਾਸ਼ਾ ਦ.ਫ਼ਤਰ ਨੇ ਕਰਵਾਏ ਪੰਜਾਬੀ ਸਾਹਿਤ ਸਿਰਜਣ ਅਤੇ ਕਾਵਿ ਗਾਇਨ ਮੁਕਾਬਲੇ

ਪੈ.ਗਾਮ-ਏ-ਜਗਤ
ਪਟਿਆਲਾ, 24 ਅਕਤੂਬਰ
(ਪਰਮਜੀਤ ਸਿੰਘ ਪਰਵਾਨਾ)

- **ਪਹਿਲੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀ ਅਗਲੇ ਮਹੀਨੇ ਰਾਜ ਪੱਧਰੀ ਮੁਕਾਬਲਿਆਂ ਵਿੱਚ ਭਾਗ ਲੈਣਗੇ**



ਜ਼ਿਲ੍ਹਾ ਭਾਸ਼ਾ ਦਫ਼ਤਰ ਪਟਿਆਲਾ ਨੇ ਹਰ ਸਾਲ ਦੀ ਤਰ੍ਹਾਂ ਜ਼ਿਲ੍ਹਾ ਪੱਧਰੀ ਪੰਜਾਬੀ ਸਾਹਿਤ ਸਿਰਜਣ ਅਤੇ ਕਾਵਿ ਗਾਇਨ ਮੁਕਾਬਲੇ ਕਰਵਾਏ। ਇਨ੍ਹਾਂ ਮੁਕਾਬਲਿਆਂ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਬਾਰਵੀਂ ਪੱਧਰ ਤਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਸਮਾਗਮ ਵਿੱਚ ਜ਼ਿਲ੍ਹਾ ਸਿੱਖਿਆ ਅ.ਫ਼ਸਰ (ਸੈ) ਮਮਤਾ ਖੁਰਾਣਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਨ੍ਹਾਂ ਮੁਕਾਬਲਿਆਂ ਵਿੱਚ ਚਾਰ ਵੰਨਗੀਆਂ ਲੇਖ ਰਚਨਾ, ਕਹਾਣੀ ਰਚਨਾ, ਕਵਿਤਾ ਰਚਨਾ ਅਤੇ ਕਵਿਤਾ ਗਾਇਨ ਸ਼ਾਮਲ ਸਨ। ਜ਼ਿਲ੍ਹਾ ਖੋਜ ਅ.ਫ਼ਸਰ ਡਾ. ਮਨਜਿੰਦਰ ਸਿੰਘ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈਣ ਆਏ ਮਹਿਮਾਨਾਂ, ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਸਵਾਗਤ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਲੇਖ ਰਚਨਾ ਵੰਨਗੀ ਵਿੱਚੋਂ ਪਹਿਲਾ ਸਥਾਨ ਜਾਸਮੀਨ, ਮਾਡਰਨ ਨਾਭਾ ਪਬਲਿਕ ਸਕੂਲ ਨਾਭਾ, ਦੂਜਾ ਸਥਾਨ ਜਸਮੀਨ ਕੌਰ, ਸਰਕਾਰੀ ਸਕੂਲ ਦੌਣ ਕਲਾਂ ਅਤੇ ਤੀਜਾ ਸਥਾਨ ਰੁਹੀਨ ਅਰੋੜਾ, ਆਵਰ ਲੇਡੀ ਆਫ ਫਾਤਿਮਾ ਕੋਨਵੈਂਟ ਸਕੂਲ ਨੇ ਪ੍ਰਾਪਤ ਕੀਤਾ।

ਕਹਾਣੀ ਰਚਨਾ ਵਿੱਚੋਂ ਪਹਿਲਾ ਸਥਾਨ ਖੁਸ਼ਪ੍ਰੀਤ ਕੌਰ, ਭਾਈ ਕਾਹਨ ਸਿੰਘ ਨਾਭਾ ਸਕੂਲ, ਦੂਜਾ ਸਥਾਨ ਜਪਲੀਨ ਕੌਰ, ਡੀ.ਏ.ਵੀ ਦੁਲੱਦੀ ਗੇਟ ਨਾਭਾ ਅਤੇ ਤੀਜਾ ਸਥਾਨ ਹਰਪ੍ਰੀਤ ਕੌਰ ਸਰਕਾਰੀ ਸਕੂਲ ਵਜੀਦਪੁਰ ਨੇ ਪ੍ਰਾਪਤ ਕੀਤਾ। ਕਵਿਤਾ ਰਚਨਾ ਮੁਕਾਬਲੇ ਵਿੱਚ ਪਹਿਲਾ ਸਥਾਨ ਕਿਰਨਜੋਤ ਕੌਰ, ਸਕੂਲ ਸਿਵਲ ਲਾਇਨਜ਼, ਦੂਜਾ ਸਥਾਨ ਜਸ਼ਨਪ੍ਰੀਤ ਸਿੰਘ, ਮੈਰੀਟੋਰੀਅਸ ਸਕੂਲ ਪਟਿਆਲਾ ਅਤੇ ਤੀਜਾ ਸਥਾਨ ਸ਼ਾਹਬਾਜ਼ ਸਿੰਘ, ਮਾਡਲ ਸਕੂਲ ਪੰਜਾਬੀ ਯੂਨੀਵਰਸਿਟੀ ਨੇ ਪ੍ਰਾਪਤ ਕੀਤਾ। ਇਸ ਤਰ੍ਹਾਂ ਕਵਿਤਾ ਗਾਇਨ ਵਿੱਚੋਂ ਪਹਿਲਾ ਸਥਾਨ ਹਰਮੀਨ ਕੌਰ, ਮਾਤਾ ਗੁਜਰੀ ਸਕੂਲ ਦੇਵੀਗੜ੍ਹ, ਦੂਜਾ ਸਥਾਨ ਨਵਨੀਤ ਕੌਰ ਤੇ ਤੀਜਾ ਸਥਾਨ ਏਕਮਜੋਤ ਸਿੰਘ, ਅਲਾਇੰਸ ਇੰਟਰਨੈਸ਼ਨਲ ਸਕੂਲ ਬਨੂੜ ਨੇ ਪ੍ਰਾਪਤ ਕੀਤਾ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਅ.ਫ਼ਸਰ ਮਮਤਾ ਖੁਰਾਣਾ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਸਮੂਹ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਨੇ ਮਾਂ ਬੋਲੀ ਪੰਜਾਬੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਭਾਸ਼ਾ ਵਿਭਾਗ ਪੰਜਾਬ ਵੱਲੋਂ ਵਿਦਿਆਰਥੀਆਂ ਲਈ ਕੀਤੇ ਜਾਂਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਨ੍ਹਾਂ ਮੁਕਾਬਲਿਆਂ ਵਿੱਚ ਜੱਜਾਂ ਦੀ ਭੂਮਿਕਾ ਡਾ.ਪੁਸ਼ਪਿੰਦਰ ਕੌਰ, ਬਲਵਿੰਦਰ ਸੰਧੂ, ਤਿਰਲੋਚਨ ਤੋਚੀ ਅਤੇ ਸਤਨਾਮ ਪੰਜਾਬੀ ਨੇ ਨਿਭਾਈ। ਜ਼ਿਲ੍ਹਾ ਭਾਸ਼ਾ ਦਫ਼ਤਰ ਨੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ। ਇਸ ਤੋਂ ਇਲਾਵਾ 7 ਅਕਤੂਬਰ 2026 ਨੂੰ ਹੋਏ ਕੁਇਜ਼ ਮੁਕਾਬਲਿਆਂ (ਵਰਗ ੳ, ਅ, ੲ) ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲਿਆਂ ਨੂੰ ਮੈਡਲ ਅਤੇ ਸਰਟੀਫਿਕੇਟ ਵੰਡੇ ਗਏ। ਇਹਨਾਂ ਮੁਕਾਬਲਿਆਂ ਦੇ ਅੰਤਰਗਤ ਵਰਗ 'ੳ' ਵਿਚ ਅੱਠਵੀਂ ਸ਼੍ਰੇਣੀ ਤਕ, ਵਰਗ 'ਅ' ਵਿਚ ਨੌਵੀਂ ਤੋਂ ਬਾਰ੍ਹਵੀਂ ਤਕ ਅਤੇ ਵਰਗ 'ੲ' ਵਿੱਚ ਕਾਲਜ ਪੱਧਰ ਦੇ 25 ਸਾਲ ਦੀ ਉਮਰ ਤਕ ਦੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀ ਸ਼ਾਮਲ ਸਨ। ਇਨ੍ਹਾਂ ਮੁਕਾਬਲਿਆਂ ਵਿੱਚੋਂ 'ੳ' ਵਰਗ ਵਿੱਚ ਪਹਿਲਾ ਸਥਾਨ ਤਮੰਨਿਆ ਕੌਰ, ਕੁਲਾਰਾਂ, ਦੂਜਾ ਸਥਾਨ ਮੁਹੰਮਦ ਆਦਿਲ, ਹਾਈ ਸਕੂਲ ਚੌਰਾ ਅਤੇ ਤੀਜਾ ਸਥਾਨ ਐਂਬਰੀਨ ਕੌਰ, ਆਵਰ ਲੇਡੀ ਆਫ ਫਾਤਿਮਾ ਕਾਨਵੈਂਟ ਸਕੂਲ, ਪਟਿਆਲਾ ਵਰਗ 'ਅ' ਵਿੱਚੋਂ ਪਹਿਲਾ ਸਥਾਨ ਜਸ਼ਨਪ੍ਰੀਤ ਸਿੰਘ, ਪਬਲਿਕ ਕਾਲਜੀਏਟ ਸਕੂਲ, ਸਮਾਣਾ, ਦੂਜਾ ਸਥਾਨ ਖੁਸ਼ਮਨ ਕੌਰ, ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਫਾਰ ਗਰਲਜ਼ ਆਕੜ, ਤੀਜਾ ਸਥਾਨ ਕਾਰਜਨੀਤ ਕੌਰ, ਪੀ ਐਮ. ਸ਼੍ਰੀ ਹਾਈ ਸਕੂਲ, ਢਕਾਂਨਸੂ ਕਲਾਂ ਅਤੇ ਵਰਗ 'ੲ' ਵਿੱਚੋਂ ਪਹਿਲਾ ਸਥਾਨ ਹਰਕੀਰਤ ਕੌਰ, ਪਬਲਿਕ ਕਾਲਜ, ਸਮਾਣਾ, ਦੂਜਾ ਸਥਾਨ ਹਰਮਨਦੀਪ ਕੌਰ, ਪਬਲਿਕ ਕਾਲਜ, ਸਮਾਣਾ ਪਟਿਆਲਾ ਅਤੇ ਤੀਜਾ ਸਥਾਨ ਹਰਮਨਜੋਤ ਕੌਰ, ਜਨਰਲ ਸ਼ਿਵਦੇਵ ਸਿੰਘ ਦੀਵਾਨ ਗੁਰਬਚਨ ਸਿੰਘ ਖਾਲਸਾ ਕਾਲਜ, ਪਟਿਆਲਾ ਨੇ ਹਾਸਲ ਕੀਤਾ। ਮੰਚ ਸੰਚਾਲਨ ਗੁਰਮੇਲ ਸਿੰਘ ਖੋਜ ਸਹਾਇਕ ਨੇ ਕੀਤਾ।

ਪੀ.ਐੱਸ.ਪੀ.ਸੀ.ਐੱਲ. ਨੇ ਕੀਤਾ ਮਾਸਿਕ ਇਨੋਵੇਸ਼ਨ ਮੁਕਾਬਲੇ ਦੇ ਜੇਤੂਆਂ ਦਾ ਸਨਮਾਨ

ਪੈ.ਗਾਮ-ਏ-ਜਗਤ
ਪਟਿਆਲਾ, 24 ਅਕਤੂਬਰ
(ਪਰਮਜੀਤ ਸਿੰਘ ਪਰਵਾਨਾ)



ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐੱਸਪੀਸੀਐੱਲ) ਵੱਲੋਂ ਆਪਣੇ ਮਾਸਿਕ ਇਨੋਵੇਸ਼ਨ ਮੁਕਾਬਲੇ ਅਕਤੂਬਰ 2026 ਦੇ ਜੇਤੂਆਂ ਨੂੰ ਸਨਮਾਨਤ ਕਰਨ ਲਈ ਇਨਾਮ ਵੰਡ ਸਮਾਰੋਹ ਪੀਐੱਸਈਬੀ ਅ.ਫ਼ਸਰਜ਼ ਕਲੱਬ ਵਿਖੇ ਕਰਵਾਇਆ ਗਿਆ। ਇਸ ਸਮਾਰੋਹ ਦਾ ਉਦੇਸ਼ ਪੀਐੱਸਪੀਸੀਐੱਲ ਦੇ ਕੰਮਕਾਜ ਅਤੇ ਕਾਰਜਕੁਸ਼ਲਤਾ ਨੂੰ ਹੋਰ ਬਿਹਤਰ ਬਣਾਉਣ ਲਈ ਨਵੀਨਤਮ ਵਿਚਾਰਾਂ ਅਤੇ ਉਸਾਰੂ ਸੁਝਾਵਾਂ ਨੂੰ ਉਤਸ਼ਾਹਿਤ ਕਰਨਾ ਸੀ। ਇਸ ਮੌਕੇ ਤਰੁਨਪ੍ਰੀਤ ਸਿੰਘ ਸੌਂਦ, ਬਿਜਲੀ ਮੰਤਰੀ, ਪੰਜਾਬ ਅਤੇ ਗੁਰਕਿਰਤ ਕਿਰਪਾਲ ਸਿੰਘ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ (ਸੀਐੱਮਡੀ), ਪੀਐੱਸਪੀਸੀਐੱਲ/ਪੀਐੱਸਟੀਸੀਐੱਲ ਨੇ ਸ਼ਿਰਕਤ ਕੀਤੀ ਅਤੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸੰਸਥਾ ਵਿੱਚ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਉਨ੍ਹਾਂ ਦੇ ਯੋਗਦਾਨ ਵਾਸਤੇ ਪ੍ਰੇਰਿਤ ਕੀਤਾ। ਇਹ ਮੁਕਾਬਲਾ ਪੀਐੱਸਪੀਸੀਐੱਲ, ਦੇ ਅਧਿਕਾਰੀਆ ਅਤੇ ਕਰਮਚਾਰੀਆਂ ਨੂੰ ਨਵੀਨਤਮ ਵਿਚਾਰਾਂ, ਵਿਹਾਰਕ ਸੁਝਾਵਾਂ ਅਤੇ ਹੱਲਾਂ ਨੂੰ ਸਾਂਝਾ ਕਰਨ ਲਈ ਇੱਕ ਮੰਚ ਪ੍ਰਦਾਨ ਕਰਦਾ ਹੈ, ਜਿਸ ਦਾ ਉਦੇਸ਼ ਕਾਰਜਕੁਸ਼ਲਤਾ ਵਿੱਚ ਵਾਧਾ ਕਰਨਾ, ਖਪਤਕਾਰ ਸੇਵਾਵਾਂ ਨੂੰ ਬਿਹਤਰ ਬਣਾਉਣਾ, ਪਾਰਦਰਸ਼ਤਾ ਨੂੰ ਮਜ਼ਬੂਤ ਕਰਨਾ ਅਤੇ ਬਿਜਲੀ ਖੇਤਰ ਦੀਆਂ ਗਤੀਵਿਧੀਆਂ ਦੇ ਪ੍ਰਬੰਧਨ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣਾ ਹੈ।

- **ਪੰਜਾਬ ਦੇ ਵਿਕਾਸ ਅਤੇ ਖ਼ੁਸ਼ਹਾਲੀ ਵਿੱਚ ਪੀ.ਐੱਸ.ਪੀ.ਸੀ.ਐੱਲ. ਦੇ ਅਧਿਕਾਰੀਆ ਅਤੇ ਕਰਮਚਾਰੀਆਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ : ਤਰੁਨਪ੍ਰੀਤ ਸਿੰਘ ਸੌਂਦ**

ਬਿਜਲੀ ਮੰਤਰੀ ਪੰਜਾਬ ਵੱਲੋਂ ਪੀਐੱਸਪੀਸੀਐੱਲ, ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਪੰਜਾਬ ਦੀਆਂ ਵਧਦੀਆਂ ਬਿਜਲੀ ਲੋੜਾਂ ਨੂੰ ਪੂਰਾ ਕਰਨ ਲਈ ਕਾਰਪੋਰੇਸ਼ਨ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਕੀਤੇ ਜਾ ਰਹੇ ਸਮਰਪਿਤ ਯਤਨਾਂ ਦੀ ਪ੍ਰਸ਼ੰਸਾ ਕੀਤੀ। ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਸਾਰਿਆਂ ਨੂੰ ਪੂਰੀ ਲਗਨ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਆਪਣੇ ਫਰਜ਼ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਵਿਕਾਸ ਅਤੇ ਖ਼ੁਸ਼ਹਾਲੀ ਵਿੱਚ ਅਧਿਕਾਰੀਆ ਅਤੇ ਕਰਮਚਾਰੀਆਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਪੀਐੱਸਪੀਸੀਐੱਲ ਦੇ ਅਧਿਕਾਰੀਆ ਅਤੇ ਕਰਮਚਾਰੀਆਂ ਦੀ ਸਮੂਹਿਕ ਵਚਨਬੱਧਤਾ ਤੇ ਸਖ਼ਤ ਮਿਹਨਤ ਸਦਕਾ ਕਾਰਪੋਰੇਸ਼ਨ ਨੇ ਲਗਭਗ 17,500 ਮੈਗਾਵਾਟ ਦੀ ਰਿਕਾਰਡ ਬਿਜਲੀ ਮੰਗ ਨੂੰ ਪੂਰਾ ਕਰਨ ਦੇ ਨਾਲ-ਨਾਲ ਖੇਤੀਬਾੜੀ ਖਪਤਕਾਰਾਂ ਨੂੰ ਨਿਰਧਾਰਤ ਅੱਠ ਘੰਟੇ ਬਿਜਲੀ ਸਪਲਾਈ ਯਕੀਨੀ ਬਣਾਈ ਅਤੇ ਲੋੜ ਅਨੁਸਾਰ 12 ਤੋਂ 15 ਘੰਟਿਆਂ ਤਕ ਵਾਧੂ ਸਪਲਾਈ ਵੀ ਦਿੱਤੀ। ਇਸ ਦੇ ਨਾਲ ਹੀ ਘਰੇਲੂ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹਈਆ ਕਰਵਾਈ ਗਈ।

ਇਸ ਸਮਾਰੋਹ ਵਿੱਚ ਪੀਐੱਸਪੀਸੀਐੱਲ ਅਤੇ ਪੀਐੱਸਟੀਸੀਐੱਲ ਦੇ ਸੀਨੀਅਰ ਅਧਿਕਾਰੀਆਂ ਨੇ ਵੀ ਸ਼ਿਰਕਤ ਕੀਤੀ। ਇਨ੍ਹਾਂ ਵਿੱਚ ਇੰਜੀ. ਪੁਨਰਦੀਪ ਸਿੰਘ ਬਰਾੜ, ਡਾਇਰੈਕਟਰ ਜਨਰੇਸ਼ਨ, ਪੀਐੱਸਪੀਸੀਐੱਲ; ਇੰਜੀ. ਇੰਦਰਪਾਲ ਸਿੰਘ, ਡਾਇਰੈਕਟਰ ਡਿਸਟ੍ਰੀਬਿਊਸ਼ਨ, ਪੀਐੱਸਪੀਸੀਐੱਲ; ਇੰਜੀ. ਹਰਸ਼ਚਰਨ ਕੌਰ ਤ੍ਰੇਹਨ ਡਾਇਰੈਕਟਰ ਕਮਰਸ਼ੀਅਲ, ਪੀਐੱਸਪੀਸੀਐੱਲ; ਸੀ.ਏ. ਵਿਨੋਦ ਬਾਂਸਲ, ਡਾਇਰੈਕਟਰ ਫਾਇਨਾਂਸ, ਪੀਐੱਸਟੀਸੀਐੱਲ ਅਤੇ ਇੰਜੀ. ਸੰਜੀਵ ਸੂਦ, ਡਾਇਰੈਕਟਰ ਟੈਕਨੀਕਲ, ਪੀਐੱਸਟੀਸੀਐੱਲ ਸ਼ਾਮਲ ਸਨ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਭਗਵਾਨ ਸ਼੍ਰੀ ਰਾਮ ਚੰਦਰ ਜੀ, ਸ਼੍ਰੀ ਕ੍ਰਿਸ਼ਨ ਜੀ ਦੇ ਮਾਨਵਤਾਵਾਦੀ ਸਿਧਾਂਤਾਂ ਸਬੰਧੀ ਕੁਇਜ਼ ਮੁਕਾਬਲੇ ਕਰਵਾਏ : ਪਵਨ ਗੋਇਲ

ਪਟਿਆਲਾ, 24 ਅਕਤੂਬਰ
(ਪੈ.ਗਾਮ-ਏ-ਜਗਤ)

ਬੱਚਿਆਂ, ਨਾਬਾਲਗਾਂ ਅਤੇ ਨੌਜਵਾਨਾਂ ਦੇ ਦਿਲ, ਦਿਮਾਗ, ਭਾਵਨਾਵਾਂ ਵਿਚਾਰਾਂ ਵਿੱਚ ਦੇਸ਼, ਸਮਾਜ, ਮਾਨਵਤਾ ਮਾਪਿਆਂ, ਮਜ਼ਲੂਮਾਂ, ਧਰਤੀ ਮਾਂ ਅਤੇ ਵਾਤਾਵਰਨ ਦੀ ਸੁਰੱਖਿਆ, ਸਨਮਾਨ, ਖੁਸ਼ਹਾਲੀ, ਉਨਤੀਆਂ , ਹਿੱਤ ਗੁਰੂਆਂ, ਮਾਪਿਆਂ, ਬਜ਼ੁਰਗਾਂ ਦੇ ਹੁਕਮਾਂ ਅਨੁਸਾਰ ਮਹਾਨ ਕੁਰਬਾਨੀਆਂ, ਤਿਆਗ, ਸੰਘਰਸ਼ ਕਰਨ ਵਾਲੇ ਭਗਵਾਨ ਸ਼੍ਰੀ ਰਾਮ ਚੰਦਰ ਜੀ, ਭਗਵਾਨ ਸ਼੍ਰੀ ਕ੍ਰਿਸ਼ਨ ਜੀ, ਦੂਜੇ ਅਵਤਾਰਾਂ ਗੁਰੂਆਂ ਅਤੇ ਯੋਧਿਆਂ ਨਾਲ ਸ਼ਸ਼ੋਭਿਤ ਗ੍ਰੰਥਾਂ ਦੀਆਂ ਕਥਾ ਕਹਾਣੀਆਂ ਬਾਰੇ ਗਿਆਨ ਦੇਣ ਹਿੱਤ ਗੋਇਲ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਸ੍ਰੀ ਪਵਨ ਗੋਇਲ, ਰੈੱਡ ਕਰਾਸ ਦੇ ਸੇਵਾ



ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਸ਼੍ਰੀ ਕਾਕਾ ਰਾਮ ਵਰਮਾ ਵਲੋਂ ਅੰਤਰ ਸਕੂਲ ਕੁਇੰਜ਼ ਮੁਕਾਬਲੇ ਟੈਨੀ ਜੇਮਜ਼ ਪਬਲਿਕ ਸਕੂਲ ਪਟਿਆਲਾ ਵਿਖੇ ਡਾਇਰੈਕਟਰ ਡਾਕਟਰ ਰਾਕੇਸ਼ ਗੌਤਮ ਦੀ ਅਗਵਾਈ ਹੇਠ ਕਰਵਾਏ ਜਿਨਾਂ ਵਿੱਚ 18 ਸਕੂਲਾਂ ਦੀਆਂ ਟੀਮਾਂ ਤੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਦਿੱਤੇ ਅਤੇ ਇਨ੍ਹਾਂ ਅਵਤਾਰਾਂ, ਗੁਰੂਆਂ ਬਾਰੇ ਹੋਰ ਵੀ ਵੱਧ ਜਾਣਕਾਰੀਆਂ ਪ੍ਰਾਪਤ ਕੀਤੀਆਂ। ਇਨ੍ਹਾਂ ਮੁਕਾਬਲਿਆ ਵਿੱਚ ਟੈਨੀ ਜੇਮਜ਼, ਵੀਰ ਹਕੀਕਤ ਰਾਏ, ਆਰੀਆਂ ਸਕੂਲ, ਗ੍ਰੀਨ ਵੈਲ, ਮਹਿੰਦਰਾ ਕੰਨਿਆ, ਸਕੂਲਾਂ ਦੀਆਂ ਟੀਮਾਂ ਜੇਤੂ ਰਹੀਆਂ ਜਿਨ੍ਹਾਂ ਨੂੰ ਗੋਲਡ, ਸਿਲਵਰ, ਬਰਾਊਂਜ਼ ਮੈਡਲ ਦੇਕੇ ਅਤੇ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਵੀ ਸਰਟੀਫਿਕੇਟ ਅਤੇ ਇਨਾਮ ਦੇਕੇ ਸਨਮਾਨਿਤ ਕੀਤਾ ਗਿਆ। ਟੈਨੀ ਜੇਮਜ਼ ਪਬਲਿਕ ਸਕੂਲ ਵਲੋਂ ਸੱਭ ਤੋਂ ਵੱਧ ਇਨਾਮ ਜਿੱਤਣ ਹਿੱਤ ਰਾਵਿੰਦਰ ਕੌਰ ਸਿੱਧੂ ਵਲੋਂ ਵੀਰ ਦਵਿੰਦਰ ਸਿੰਘ ਯਾਦਗਾਰੀ ਰਨਿੰਗ ਟਰਾਫੀ ਦੇਕੇ ਸਨਮਾਨਿਤ ਕੀਤਾ। ਸਕੂਲਾਂ ਦੇ ਅਧਿਆਪਕਾਂ ਨੇ ਪ੍ਰਸੰਸਾ ਅਤੇ ਧੰਨਵਾਦ ਕਰਦੇ ਹੋਏ ਬੇਨਤੀ ਕੀਤੀ ਕਿ ਇਸ ਤਰ੍ਹਾਂ ਦੇ ਮੁਕਾਬਲੇ ਹੋਰ ਸਕੂਲਾਂ ਵਿਖੇ ਕਰਵਾਏ ਜਾਣ ਤਾਂ ਜ਼ੋ ਵਿਦਿਆਰਥੀਆਂ ਅਤੇ ਲੋਕਾਂ ਨੂੰ ਅਧਿਕਾਰਾਂ, ਹੱਕਾਂ ਲਈ ਜੰਗਾਂ ਲੜਣ ਖ਼ੂਨ ਵਹਾਉਣ ਦੀ ਥਾਂ ਆਪਣੇ ਫ਼ਰਜ਼ਾਂ, ਜ਼ੁਮੇਵਾਰੀਆਂ, ਸੰਸਕਾਰਾਂ ਮਰਿਆਦਾਵਾਂ, ਸਬਰ ਸ਼ਾਂਤੀ, ਨਿਮਰਤਾ ਸ਼ਹਿਨਸ਼ੀਲਤਾ ਅਨੁਸ਼ਾਸਨ, ਆਗਿਆ ਪਾਲਣ ਇਮਾਨਦਾਰੀ ਨਿਭਾਉਣ ਦੀ ਮਹੱਤਤਾ ਖੁਸ਼ੀਆਂ ਸਨਮਾਨ ਬਾਰੇ ਸਮਝ ਆਵੇ।

ਪੀ.ਐੱਸ.ਪੀ.ਸੀ.ਐੱਲ. ਵੱਲੋਂ ਪਟਿਆਲਾ ਵਿਖੇ ਮਾਸਿਕ ਇਨੋਵੇਸ਼ਨ ਮੁਕਾਬਲੇ ਦੇ ਜੇਤੂਆਂ ਦਾ ਸਨਮਾਨ

ਪਟਿਆਲਾ, 24 ਅਕਤੂਬਰ
(ਪੈ.ਗਾਮ-ਏ-ਜਗਤ)

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐੱਸਪੀਸੀਐੱਲ) ਵੱਲੋਂ ਆਪਣੇ ਮਾਸਿਕ ਇਨੋਵੇਸ਼ਨ ਮੁਕਾਬਲੇ ਅਕਤੂਬਰ 2026 ਦੇ ਜੇਤੂਆਂ ਨੂੰ ਸਨਮਾਨਿਤ ਕਰਨ ਲਈ ਇਨਾਮ ਵੰਡ ਸਮਾਰੋਹ ਪੀਐੱਸਈਬੀ ਅਫ਼ਸਰਜ਼ ਕਲੱਬ, ਪਾਵਰ ਕਲੋਨੀ-1, ਮਾਡਲ ਟਾਊਨ, ਪਟਿਆਲਾ ਵਿਖੇ ਕਰਵਾਇਆ ਗਿਆ। ਇਸ ਸਮਾਰੋਹ ਦਾ ਉਦੇਸ਼ ਪੀਐੱਸਪੀਸੀਐੱਲ ਦੇ ਕੰਮਕਾਜ ਅਤੇ ਕਾਰਜਕੁਸ਼ਲਤਾ ਨੂੰ ਹੋਰ ਬਿਹਤਰ ਬਣਾਉਣ ਲਈ ਨਵੀਨਤਮ ਵਿਚਾਰਾਂ ਅਤੇ ਉਸਾਰੂ ਸੁਝਾਵਾਂ ਨੂੰ ਉਤਸ਼ਾਹਿਤ ਕਰਨਾ ਸੀ।

ਇਸ ਮੌਕੇ ਸ. ਤਰੁਨਪ੍ਰੀਤ ਸਿੰਘ ਸੌਂਦ, ਬਿਜਲੀ ਮੰਤਰੀ, ਪੰਜਾਬ ਅਤੇ ਇੰਜੀ. ਗੁਰਕਿਰਤ ਕਿਰਪਾਲ ਸਿੰਘ, ਆਈ.ਏ.ਐੱਸ., ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ (ਸੀਐੱਮਡੀ), ਪੀਐੱਸਪੀਸੀਐੱਲ/ਪੀਐੱਸਟੀਸੀਐੱਲ, ਨੇ ਸ਼ਿਰਕਤ ਕੀਤੀ ਅਤੇ ਅਧਿਕਾਰੀਆ ਅਤੇ ਕਰਮਚਾਰੀਆਂ ਨੂੰ ਸੰਸਥਾ ਵਿੱਚ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਉਨ੍ਹਾਂ ਦੇ ਯੋਗਦਾਨ ਵਾਸਤੇ ਪ੍ਰੇਰਿਤ ਕੀਤਾ।

ਇਹ ਮੁਕਾਬਲਾ ਪੀਐੱਸਪੀਸੀਐੱਲ, ਦੇ ਅਧਿਕਾਰੀਆ ਅਤੇ ਕਰਮਚਾਰੀਆਂ ਨੂੰ ਨਵੀਨਤਮ ਵਿਚਾਰਾਂ, ਵਿਹਾਰਕ ਸੁਝਾਵਾਂ ਅਤੇ ਹੱਲਾਂ ਨੂੰ ਸਾਂਝਾ ਕਰਨ ਲਈ ਇੱਕ ਮੰਚ ਪ੍ਰਦਾਨ ਕਰਦਾ ਹੈ, ਜਿਸ ਦਾ ਉਦੇਸ਼ ਕਾਰਜਕੁਸ਼ਲਤਾ ਵਿੱਚ ਵਾਧਾ ਕਰਨਾ, ਖਪਤਕਾਰ ਸੇਵਾਵਾਂ ਨੂੰ ਬਿਹਤਰ ਬਣਾਉਣਾ, ਪਾਰਦਰਸ਼ਤਾ ਨੂੰ ਮਜ਼ਬੂਤ ਕਰਨਾ ਅਤੇ ਬਿਜਲੀ ਖੇਤਰ ਦੀਆਂ ਗਤੀਵਿਧੀਆਂ ਦੇ ਪ੍ਰਬੰਧਨ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣਾ ਹੈ।

ਮੁਕਾਬਲੇ ਦੇ ਜੇਤੂਆਂ ਨੂੰ ਉਨ੍ਹਾਂ ਦੇ ਨਵੀਨਤਮ ਯੋਗਦਾਨ ਅਤੇ ਕੀਮਤੀ ਸੁਝਾਵਾਂ ਲਈ ਪੀਐੱਸਪੀਸੀਐੱਲ ਮੈਨੇਜਮੈਂਟ ਵੱਲੋਂ ਸਨਮਾਨਿਤ ਕੀਤਾ ਗਿਆ। ਇਹ ਪਹਿਲਕਦਮੀ ਰਚਨਾਤਮਕ ਸੋਚ,ਅਧਿਕਾਰੀਆ ਅਤੇ ਕਰਮਚਾਰੀਆਂ ਦੀ ਸਰਗਰਮ ਭਾਗੀਦਾਰੀ ਅਤੇ ਕੰਮਕਾਜ ਵਿੱਚ ਨਿਰੰਤਰ ਸੁਧਾਰ ਲਈ ਪੀਐੱਸਪੀਸੀਐੱਲ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

ਬਿਜਲੀ ਮੰਤਰੀ ਪੰਜਾਬ ਵੱਲੋ ਪੀਐੱਸਪੀਸੀਐੱਲ, ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਪੰਜਾਬ ਦੀਆਂ ਵਧਦੀਆਂ ਬਿਜਲੀ ਲੋੜਾਂ ਨੂੰ ਪੂਰਾ ਕਰਨ ਲਈ ਕਾਰਪੋਰੇਸ਼ਨ ਦੇ ਅਧਿਕਾਰੀਆ ਅਤੇ ਕਰਮਚਾਰੀਆਂ ਵੱਲੋਂ ਕੀਤੇ ਜਾ ਰਹੇ ਸਮਰਪਿਤ ਯਤਨਾਂ ਦੀ ਪ੍ਰਸ਼ੰਸਾ ਕੀਤੀ। ਅਧਿਕਾਰੀਆ ਅਤੇ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਸਾਰਿਆਂ ਨੂੰ ਪੂਰੀ ਲਗਨ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਆਪਣੇ ਫਰਜ਼ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਵਿਕਾਸ ਅਤੇ ਖ਼ੁਸ਼ਹਾਲੀ ਵਿੱਚ ਅਧਿਕਾਰੀਆ ਅਤੇ ਕਰਮਚਾਰੀਆਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਅਤੇ ਪੀਐੱਸਪੀਸੀਐੱਲ ਦੇ ਅਧਿਕਾਰੀਆ ਅਤੇ ਕਰਮਚਾਰੀਆਂ ਦੀ ਸਮੂਹਿਕ ਵਚਨਬੱਧਤਾ ਤੇ ਸਖ਼ਤ ਮਿਹਨਤ ਸਦਕਾ ਕਾਰਪੋਰੇਸ਼ਨ ਨੇ ਲਗਭਗ 17,500 ਮੈਗਾਵਾਟ ਦੀ ਰਿਕਾਰਡ ਬਿਜਲੀ ਮੰਗ ਨੂੰ ਪੂਰਾ ਕਰਨ ਦੇ ਨਾਲ-ਨਾਲ ਖੇਤੀਬਾੜੀ ਖਪਤਕਾਰਾਂ ਨੂੰ ਨਿਰਧਾਰਤ ਅੱਠ ਘੰਟੇ ਬਿਜਲੀ ਸਪਲਾਈ ਯਕੀਨੀ ਬਣਾਈ ਅਤੇ ਲੋੜ ਅਨੁਸਾਰ 12 ਤੋਂ 15 ਘੰਟਿਆਂ ਤੱਕ ਵਾਧੂ ਸਪਲਾਈ ਵੀ ਦਿੱਤੀ। ਇਸ ਦੇ ਨਾਲ ਹੀ ਘਰੇਲੂ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਈ ਗਈ।

ਉਨ੍ਹਾਂ ਨੇ ਅੱਗੇ ਕਿਹਾ ਕਿ ਐਲ ਨੀਨੋ ਦੇ ਪ੍ਰਭਾਵ ਅਤੇ ਕੇਂਦਰੀ ਖੇਤਰ ਤੋਂ ਕੋਲੇ ਦੀ ਉਪਲਬਧਤਾ ਵਿੱਚ ਆ ਰਹੀਆਂ ਰੁਕਾਵਟਾਂ ਵਰਗੀਆਂ ਚੁਣੌਤੀਆਂ ਦੇ ਬਾਵਜੂਦ ਪੀਐੱਸਪੀਸੀਐੱਲ ਨੇ ਪ੍ਰਭਾਵਸ਼ਾਲੀ ਯੋਜਨਾਬੰਦੀ ਅਤੇ ਆਪਣੇ ਕਰਮਚਾਰੀਆਂ ਦੇ ਸਮਰਪਿਤ ਯਤਨਾਂ ਸਦਕਾ ਸੂਬੇ ਦੀ ਬਿਜਲੀ ਸਪਲਾਈ ਨੂੰ ਸਫ਼ਲਤਾਪੂਰਵਕ ਸੰਭਾਲਿਆ। ਉਨ੍ਹਾਂ ਨੇ ਪੰਜਾਬ ਦੇ ਬਿਜਲੀ ਖੇਤਰ ਨੂੰ ਮਜ਼ਬੂਤ ਕਰਨ ਵਿੱਚ ਕਰਮਚਾਰੀਆਂ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਨਵੀਨਤਮ ਵਿਚਾਰਾਂ ਅਤੇ ਉਸਾਰੂ ਸੁਝਾਵਾਂ ਰਾਹੀਂ ਸੰਸਥਾ ਦੀ ਕਾਰਜਕੁਸ਼ਲਤਾ ਵਧਾਉਣ ਅਤੇ ਪੰਜਾਬ ਦੇ ਲੋਕਾਂ ਨੂੰ ਹੋਰ ਬਿਹਤਰ ਤੇ ਭਰੋਸੇਯੋਗ ਬਿਜਲੀ ਸੇਵਾਵਾਂ ਪ੍ਰਦਾਨ ਕਰਨ ਲਈ ਨਿਰੰਤਰ ਸਮਰਪਣ ਨਾਲ ਕੰਮ ਕਰਦੇ ਰਹਿਣ ਵਾਸਤੇ ਪ੍ਰੇਰਿਤ ਕੀਤਾ।

ਸਮਾਗਮ ਨੂੰ ਸੰਬੋਧਨ ਕਰਦਿਆਂ ਇੰਜੀ. ਗੁਰਕਿਰਤ ਕਿਰਪਾਲ ਸਿੰਘ, ਆਈ.ਏ.ਐੱਸ., ਸੀਐੱਮਡੀ, ਪੀਐੱਸਪੀਸੀਐੱਲ, ਨੇ ਸੰਸਥਾ ਨੂੰ ਵਧੇਰੇ ਕੁਸ਼ਲ, ਜਵਾਬਦੇਹ ਅਤੇ ਖਪਤਕਾਰ-ਪੱਖੀ ਬਣਾਉਣ ਵਿੱਚ ਨਵੀਨਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਮਾਸਿਕ ਇਨੋਵੇਸ਼ਨ ਮੁਕਾਬਲੇ ਦੀ ਸ਼ੁਰੂਆਤ ਪੀਐੱਸਪੀਸੀਐੱਲ ਦੇ ਅਧਿਕਾਰੀਆ ਅਤੇ ਕਰਮਚਾਰੀਆਂ ਦੇ ਨਵੇਂ ਵਿਚਾਰਾਂ ਅਤੇ ਵਿਹਾਰਕ ਸੁਝਾਵਾਂ ਨੂੰ ਉਤਸ਼ਾਹਿਤ ਕਰਨ, ਉਨ੍ਹਾਂ ਦੀ ਸਿਰਜਣਾਤਮਕਤਾ ਨੂੰ ਮਾਨਤਾ ਦੇਣ ਅਤੇ ਸੰਸਥਾ ਦੇ ਵਿਕਾਸ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਉਣ ਦੇ ਉਦੇਸ਼ ਨਾਲ ਕੀਤੀ ਗਈ ਹੈ।

ਉਨ੍ਹਾਂ ਅੱਗੇ ਕਿਹਾ ਕਿ ਅਧਿਕਾਰੀਆ ਅਤੇ ਕਰਮਚਾਰੀਆਂ ਦੇ ਨਵੀਨਤਮ ਯੋਗਦਾਨ ਲਈ ਉਨ੍ਹਾਂ ਨੂੰ ਸਨਮਾਨਿਤ ਕਰਨਾ ਪੀਐੱਸਪੀਸੀਐੱਲ ਮੈਨੇਜਮੈਂਟ ਦੀ ਯੋਗਤਾ ਨੂੰ ਮਾਨਤਾ ਦੇਣ, ਕਰਮਚਾਰੀਆਂ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਅਤੇ ਅਜਿਹਾ ਮਾਹੌਲ ਸਿਰਜਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ, ਜਿੱਥੇ ਲਾਭਦਾਇਕ ਵਿਚਾਰਾਂ ਨੂੰ ਅਮਲੀ ਰੂਪ ਦੇ ਕੇ ਕਾਰਪੋਰੇਸ਼ਨ ਅਤੇ ਇਸ ਦੇ ਖਪਤਕਾਰਾਂ ਦੇ ਹਿੱਤ ਵਿੱਚ ਸੁਧਾਰ ਲਿਆਂਦਾ ਜਾ ਸਕੇ। ਇਸ ਸਮਾਰੋਹ ਵਿੱਚ ਪੀਐੱਸਪੀਸੀਐੱਲ ਅਤੇ ਪੀਐੱਸਟੀਸੀਐੱਲ ਦੇ ਸੀਨੀਅਰ ਅਧਿਕਾਰੀਆਂ ਨੇ ਵੀ ਸ਼ਿਰਕਤ ਕੀਤੀ। ਇਨ੍ਹਾਂ ਵਿੱਚ ਇੰਜੀ. ਪੁਨਰਦੀਪ ਸਿੰਘ ਬਰਾੜ, ਡਾਇਰੈਕਟਰ ਜਨਰੇਸ਼ਨ, ਪੀਐੱਸਪੀਸੀਐੱਲ; ਇੰਜੀ. ਇੰਦਰਪਾਲ ਸਿੰਘ, ਡਾਇਰੈਕਟਰ ਡਿਸਟ੍ਰੀਬਿਊਸ਼ਨ, ਪੀਐੱਸਪੀਸੀਐੱਲ; ਇੰਜੀ. ਹਰਸ਼ਚਰਨ ਕੌਰ ਤ੍ਰੇਹਨ ਡਾਇਰੈਕਟਰ ਕਮਰਸ਼ੀਅਲ, ਪੀਐੱਸਪੀਸੀਐੱਲ; ਸੀ.ਏ. ਵਿਨੋਦ ਬਾਂਸਲ, ਡਾਇਰੈਕਟਰ ਫਾਇਨਾਂਸ, ਪੀਐੱਸਟੀਸੀਐੱਲ ਅਤੇ ਇੰਜੀ. ਸੰਜੀਵ ਸੂਦ, ਡਾਇਰੈਕਟਰ ਟੈਕਨੀਕਲ, ਪੀਐੱਸਟੀਸੀਐੱਲ ਸ਼ਾਮਲ ਸਨ।

ਮਾਸਿਕ ਇਨੋਵੇਸ਼ਨ ਮੁਕਾਬਲਾ ਨਵੀਨਤਾ ਦੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ, ਯੋਗਤਾ ਨੂੰ ਮਾਨਤਾ ਦੇਣ ਅਤੇ ਪੀਐੱਸਪੀਸੀਐੱਲ ਤੇ ਪੰਜਾਬ ਦੇ ਬਿਜਲੀ ਖੇਤਰ ਦੇ ਨਿਰੰਤਰ ਵਿਕਾਸ ਲਈ ਕਰਮਚਾਰੀਆਂ ਦੇ ਸਾਰਥਕ ਯੋਗਦਾਨ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਯੂ.ਪੀ.ਐੱਸ.ਸੀ. 'ਚ ਸਫ਼ਲ 11 ਸਿੱਖ ਵਿਦਿਆਰਥੀਆਂ ਦਾ ਸ਼੍ਰੋਮਣੀ ਕਮੇਟੀ ਵੱਲੋਂ ਇੱਕ-ਇੱਕ ਲੱਖ ਰੁਪਏ ਨਾਲ ਸਨਮਾਨ

ਪੈ.ਗਾਮ-ਏ-ਜਗਤ
ਅੰਮ੍ਰਿਤਸਰ, 24 ਅਕਤੂਬਰ
(ਹਰਮਿੰਦਰ ਸਿੰਘ ਨਾਗਪਾਲ)

- ਸਿੱਖ ਨੌਜਵਾਨ ਉੱਚ ਅਹੁਦਿਆਂ 'ਤੇ ਪਹੁੰਚ ਕੇ ਗੁਰਮਤਿ ਵਿਚਾਰਧਾਰਾ ਅਨੁਸਾਰ ਨਿਭਾਉਣ ਸੇਵਾਵਾਂ: ਐਡਵੋਕੇਟ ਧਾਮੀ

ਯੂਪੀਐੱਸਸੀ ਦੀ ਸਾਲ 2025 ਦੀ ਪ੍ਰੀਖਿਆ ਵਿੱਚ ਸਫ਼ਲਤਾ ਹਾਸਲ ਕਰਕੇ ਉੱਚ ਪ੍ਰਸ਼ਾਸਕੀ ਸੇਵਾਵਾਂ ਲਈ ਚੁਣੇ ਗਏ 11 ਸਿੱਖ ਵਿਦਿਆਰਥੀਆਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੱਕ-ਇੱਕ ਲੱਖ ਰੁਪਏ ਦੀ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਉਪਰਾਲੇ ਦਾ ਮਕਸਦ ਹੋਣਹਾਰ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਿੱਖ ਸਿਧਾਂਤਾਂ 'ਤੇ ਪਹਿਰਾ ਦਿੰਦਿਆਂ ਦੇਸ਼ ਅਤੇ ਸਮਾਜ ਦੀ ਸੇਵਾ ਲਈ ਪ੍ਰੇਰਿਤ ਕਰਨਾ ਹੈ।



ਸਨਮਾਨਿਤ ਹੋਣ ਵਾਲੇ ਵਿਦਿਆਰਥੀਆਂ ਵਿੱਚ ਸਿਮਰਨਦੀਪ ਕੌਰ, ਰਸਨੀਤ ਕੌਰ, ਸੁਨਾਵਰਦੀਪ ਸਿੰਘ, ਨਵਨੀਤ ਕੌਰ, ਮਨਪ੍ਰੀਤ ਕੌਰ, ਸਰਬਰਾਜ ਸਿੰਘ, ਹਰਮਨਪ੍ਰੀਤ ਸਿੰਘ ਸੋਢੀ, ਜਪਲੀਨ ਕੌਰ, ਜਸਪ੍ਰੀਤ ਕੌਰ, ਕੰਵਰਪਾਲ ਸਿੰਘ ਅਤੇ ਸੰਦੀਪ ਸਿੰਘ ਸ਼ਾਮਲ ਹਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਫ਼ਲ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਉਨ੍ਹਾਂ ਦੀ ਸਖ਼ਤ ਮਿਹਨਤ, ਲਗਨ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪੇ ਅਤੇ ਅਧਿਆਪਕ ਵੀ ਵਧਾਈ ਦੇ ਹੱਕਦਾਰ ਹਨ। ਇਹ ਸਫ਼ਲਤਾ ਹੋਰ ਨੌਜਵਾਨਾਂ ਨੂੰ ਵੱਡੇ ਟੀਚੇ ਮਿੱਥਣ ਅਤੇ ਦ੍ਰਿੜ੍ਹ ਇਰਾਦੇ ਨਾਲ ਮਿਹਨਤ ਕਰਨ ਲਈ ਪ੍ਰੇਰਿਤ ਕਰੇਗੀ।

ਐਡਵੋਕੇਟ ਧਾਮੀ ਨੇ ਕਿਹਾ ਕਿ ਉੱਚ ਅਹੁਦਿਆਂ 'ਤੇ ਪਹੁੰਚਣ ਵਾਲੇ ਸਿੱਖ ਨੌਜਵਾਨਾਂ ਨੂੰ ਗੁਰਮਤਿ ਦੇ ਸੇਵਾ, ਸੱਚਾਈ, ਨਿਮਰਤਾ ਅਤੇ ਲੋਕ ਭਲਾਈ ਦੇ ਸਿਧਾਂਤਾਂ ਅਨੁਸਾਰ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਸਿੱਖ ਨੌਜਵਾਨ ਇਮਾਨਦਾਰੀ ਅਤੇ ਨਿਰਪੱਖਤਾ ਨਾਲ ਸੇਵਾਵਾਂ ਨਿਭਾਉਂਦਿਆਂ ਕੌਮ ਅਤੇ ਦੇਸ਼ ਦਾ ਮਾਣ ਵਧਾਉਣ। ਉਨ੍ਹਾਂ ਨੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਇਹ ਨੌਜਵਾਨ ਹਮੇਸ਼ਾ ਗੁਰਮਤਿ ਨਾਲ ਜੁੜੇ ਰਹਿਣ ਅਤੇ ਸਮਾਜ ਦੀ ਭਲਾਈ ਲਈ ਕੰਮ ਕਰਨ।

ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ। ਚੰਡੀਗੜ੍ਹ ਵਿਖੇ ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਅਕੈਡਮੀ ਰਾਹੀਂ ਹਰ ਸਾਲ 25 ਯੋਗ ਸਿੱਖ ਵਿਦਿਆਰਥੀਆਂ ਨੂੰ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ, ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ, ਬਹਾਦਰਗੜ੍ਹ, ਪਟਿਆਲਾ ਵਿਖੇ ਨਿਆਂਇਕ ਸੇਵਾਵਾਂ ਦੀ ਤਿਆਰੀ ਲਈ ਵੀ ਹਰ ਸਾਲ 25 ਵਿਦਿਆਰਥੀਆਂ ਨੂੰ ਸਿਖਲਾਈ ਦੇਣ ਦਾ ਪ੍ਰਬੰਧ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਯਤਨਾਂ ਦਾ ਮੁੱਖ ਉਦੇਸ਼ ਆਰਥਿਕ ਮੁਸ਼ਕਲਾਂ ਕਾਰਨ ਪਿੱਛੇ ਰਹਿ ਜਾਣ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਅੱਗੇ ਵਧਣ ਦੇ ਮੌਕੇ ਦੇਣਾ ਹੈ। ਮੁੱਢਲੀ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਅਗਲੀ ਤਿਆਰੀ ਲਈ ਵੀ ਲੋੜ ਅਨੁਸਾਰ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਲਈ ਪ੍ਰੇਰਣਾ ਦਾ ਸਰੋਤ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ, ਅਧਿਕਾਰੀਆਂ ਅਤੇ ਵਿਦਿਆਰਥੀਆਂ ਦੇ ਪਰਿਵਾਰਕ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

ਉੱਘੇ ਪੰਜਾਬੀ ਕਵੀ ਅਜਾਇਬ ਸਿੰਘ ਹੁੰਦਲ ਦੇ ਦੇਹਾਂਤ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਵੱਲੋਂ ਅਫ਼ਸੋਸ ਦਾ ਪ੍ਰਗਟਾਵਾ

ਲੁਧਿਆਣਾ, 24 ਅਕਤੂਬਰ (ਪੈ.ਗਾਮ-ਏ-ਜਗਤ)



ਵੇਰਕਾ ਦੇ ਜੰਮਪਲ ਤੇ ਅੰਮ੍ਰਿਤਸਰ ਦੇ ਸਿਰਕੱਢ ਵਕੀਲ ਤੇ ਸ਼੍ਰੋਮਣੀ ਪੰਜਾਬੀ ਕਵੀ ਅਜਾਇਬ ਸਿੰਘ ਹੁੰਦਲ ਦੇ ਦੇਹਾਂਤ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ। ਅਜਾਇਬ ਸਿੰਘ ਹੁੰਦਲ ਦਾ ਜਨਮ 7 ਦਸੰਬਰ 1939 ਦਾ ਹੋਣ ਕਾਰਨ ਇਸ ਵੇਲੇ ਲਗਪਗ 86 ਸਾਲ ਦੇ ਸਨ। ਆਪਣਾ ਕਾਵਿ ਸਫ਼ਰ ਉਨ੍ਹਾਂ ਪੰਜਾਬੀ ਗ਼ਜ਼ਲਗੋ ਵਜੋਂ ਆਰੰਭਿਆ ਪਰ ਮਗਰੋਂ ਉਹ ਆਜ਼ਾਦ ਕਵਿਤਾ ਲਿਖਣ ਲੱਗ ਪਏ। ਵੇਰਕਾ ਰਹਿੰਦਿਆਂ ਉਹ ਪੰਜਾਬੀ ਨਾਵਲਕਾਰ ਮੋਹਨ ਕਾਹਲੋਂ ਦੇ ਪੱਕੇ ਸਾਥੀ ਸਨ। ਉਨ੍ਹਾਂ ਦੀਆਂ ਪ੍ਰਮੁੱਖ ਲਿਖਤਾਂ ਵਿੱਚ ਅਜੇ ਨਾ ਗਿਣ (ਗ਼ਜ਼ਲਾਂ)ਫ਼ੈਸਲੇ ਤੋਂ ਬਾਅਦ (1983)ਮਿੱਟੀ ਸਾਹਵੇਂ ਖੜ੍ਹਾ ਵਾਰਿਸ (1991) ਆਪਣਾ ਆਪਣਾ ਕੁਰੂਕਸ਼ੇਤਰ (1996)ਕਚਹਿਰੀ ਵਿੱਚ ਖੜ?ਰਾ ਦਰਖ਼ਤ (1992) ਪ੍ਰਮੁੱਖ ਹਨ। ਭਾਸ਼ਾ ਵਿਭਾਗ ਪੰਜਾਬ ਨੇ ਵੀ ਆਪ ਨੂੰ ਸ਼੍ਰੋਮਣੀ ਪੰਜਾਬੀ ਕਵੀ ਵਜੋਂ ਸਨਮਾਨਿਤ ਕੀਤਾ ਸੀ।

ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਪਿੰਡ ਫਿਰੋਜ਼ਪੁਰ ਬੰਗੜ, ਤਕੀਪੁਰ ਅਤੇ ਪੜੌਲ ਵਿਖੇ ਦਿਖਾਈ ਗਈ

ਮਾਜਰੀ, 24 ਅਕਤੂਬਰ (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉਨ੍ਹਾਂ ਦੇ ਜੀਵਨ, ਸਿੱਖਿਆਵਾਂ ਅਤੇ ਸਮਾਜ ਨੂੰ ਦਿੱਤੀ ਮਹਾਨ ਦੇਣ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਦੇ ਉਦੇਸ਼ ਨਾਲ ਵਿਸ਼ੇਸ਼ ਡਾਕੂਮੈਂਟਰੀ ਫਿਲਮ ਦਿਖਾਈ ਜਾ ਰਹੀ ਹੈ। ਇਸੇ ਲੜੀ ਤਹਿਤ ਮਾਜਰੀ ਬਲਾਕ ਦੇ ਪਿੰਡ ਫਿਰੋਜ਼ਪੁਰ ਬੰਗੜ, ਤਕੀਪੁਰ ਅਤੇ ਪੜੌਲ ਵਿਖੇ ਐਲ.ਈ.ਡੀ. ਸਕਰੀਨ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਫਿਲਮ ਦਿਖਾਈ ਗਈ। ਉਪ ਮੰਡਲ ਮੈਜਿਸਟ੍ਰੇਟ, ਖਰੜ ਸ੍ਰੀ ਗੁਰਮੀਤ ਸਿੰਘ ਨੇ ਸੰਗਤਾਂ ਨੂੰ ਇਸ ਦਸਤਾਵੇਜ਼ੀ ਨੂੰ ਵੱਧ ਚੜ੍ਹ ਕੇ ਵੇਖਣ ਦੀ ਅਪੀਲ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਸਮੁੱਚੀ ਮਨੁੱਖਤਾ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਨੇ ਸਮਾਜ ਨੂੰ ਬਰਾਬਰਤਾ, ਆਪਸੀ ਭਾਈਚਾਰੇ, ਮਾਨਵਤਾ, ਸੱਚਾਈ ਅਤੇ ਨੇਕ ਕਰਮਾਂ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀ ਬਾਣੀ ਮਨੁੱਖ ਨੂੰ ਜਾਤ-ਪਾਤ, ਵਿਤਕਰੇ ਅਤੇ ਸਮਾਜਿਕ ਬੁਰਾਈਆਂ ਤੋਂ ਉੱਪਰ ਉੱਠ ਕੇ ਇੱਕ ਸਾਂਝੇ ਅਤੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਕਰਨ ਲਈ ਪ੍ਰੇਰਿਤ ਕਰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਉਪਰਾਲਿਆਂ ਦਾ ਮੁੱਖ ਉਦੇਸ਼ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਫਲਸਫ਼ੇ ਨਾਲ ਜੋੜਨਾ ਹੈ। ਐਲ.ਈ.ਡੀ. ਸਕਰੀਨਾਂ ਰਾਹੀਂ ਪਿੰਡਾਂ ਵਿੱਚ ਦਿਖਾਈ ਜਾ ਰਹੀ ਇਹ ਡਾਕੂਮੈਂਟਰੀ ਲੋਕਾਂ ਨੂੰ ਗੁਰੂ ਸਾਹਿਬ ਦੇ ਜੀਵਨ, ਉਨ੍ਹਾਂ ਦੀ ਵਿਚਾਰਧਾਰਾ ਅਤੇ ਸਮਾਜ ਸੁਧਾਰ ਵਿੱਚ ਪਾਏ ਯੋਗਦਾਨ ਬਾਰੇ ਜਾਣਕਾਰੀ ਦੇਣ ਦਾ ਇੱਕ ਮਹੱਤਵਪੂਰਨ ਸਾਧਨ ਹੈ।

ਸੁਨਾਮੀ ਗੇਟ ਵਿਖੇ ਐਂਟੀ ਬੈਗਿੰਗ ਟਾਸਕ ਟੀਮ ਵੱਲੋਂ ਚੈਕਿੰਗ; ਸੜਕ 'ਤੇ ਘੁੰਮਦਾ ਬੱਚਾ ਮਿਲਿਆ

ਸੰਗਰੂਰ, 24 ਅਕਤੂਬਰ
(ਪੈ.ਗਾਮ-ਏ-ਜਗਤ)

ਜ਼ਿਲ੍ਹਾ ਸੰਗਰੂਰ ਵਿੱਚ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਬੱਚਿਆਂ ਨੂੰ ਭੀਖ ਮੰਗਣ ਤੋਂ ਰੋਕਣ ਦੇ ਉਦੇਸ਼ ਨਾਲ ਐਂਟੀ ਬੈਗਿੰਗ ਟਾਸਕ ਟੀਮ ਵੱਲੋਂ ਸੁਨਾਮੀ ਗੇਟ ਵਿਖੇ ਚੈਕਿੰਗ ਕੀਤੀ ਗਈ। ਇਸ ਦੌਰਾਨ ਇੱਕ ਬੱਚਾ ਸੜਕ 'ਤੇ ਬਿਨਾਂ ਕਿਸੇ ਸਪੱਸ਼ਟ ਉਦੇਸ਼ ਦੇ ਘੁੰਮਦਾ ਹੋਇਆ ਪਾਇਆ ਗਿਆ। ਟੀਮ ਵੱਲੋਂ ਬੱਚੇ ਦੀ ਸਥਿਤੀ ਦਾ ਜਾਇਜ਼ਾ ਲੈਂਦਿਆਂ ਉਸ ਦੀ ਸੁਰੱਖਿਆ ਅਤੇ ਭਲਾਈ ਨੂੰ ਧਿਆਨ ਵਿੱਚ ਰੱਖ ਕੇ ਲੋੜੀਂਦੀ ਕਾਰਵਾਈ ਕੀਤੀ ਗਈ।



ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਪ੍ਰਦੀਪ ਸਿੰਘ ਗਿੱਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬੱਚਿਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਵਿਭਾਗੀ ਟੀਮਾਂ ਵੱਲੋਂ ਨਿਗਰਾਨੀ ਅਤੇ ਜਾਂਚ ਦੀ ਕਾਰਵਾਈ ਕੀਤੀ ਜਾ ਰਹੀ ਹੈ। ਅਜਿਹੀਆਂ ਚੈਕਿੰਗਾਂ ਦਾ ਮੁੱਖ ਉਦੇਸ਼ ਬੱਚਿਆਂ ਨੂੰ ਅਸੁਰੱਖਿਅਤ ਹਾਲਾਤ ਤੋਂ ਬਚਾਉਣਾ ਅਤੇ ਉਨ੍ਹਾਂ ਨੂੰ ਲੋੜ ਅਨੁਸਾਰ ਸੁਰੱਖਿਆ ਅਤੇ ਸਹਾਇਤਾ ਪ੍ਰਦਾਨ ਕਰਨਾ ਹੈ। ਚੈਕਿੰਗ ਦੌਰਾਨ ਸਿੱਖਿਆ ਵਿਭਾਗ ਤੋਂ ਸ੍ਰੀ ਸ਼ਸ਼ੀ ਭੂਸ਼ਨ, ਸਿਹਤ ਵਿਭਾਗ ਤੋਂ ਡਾ. ਪ੍ਰਣਵ ਕੁਮਾਰ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਸੰਗਰੂਰ ਤੋਂ ਸ੍ਰੀ ਗਗਨਦੀਪ ਗਰਗ ਅਤੇ ਸ੍ਰੀ ਰੁਪਿੰਦਰ ਸਿੰਘ ਮੌਜੂਦ ਸਨ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਜੇਕਰ ਉਨ੍ਹਾਂ ਦੇ ਧਿਆਨ ਵਿੱਚ ਕੋਈ ਬੱਚਾ ਅਸੁਰੱਖਿਅਤ ਹਾਲਾਤਾਂ ਵਿੱਚ, ਬੇਸਹਾਰਾ ਜਾਂ ਸੜਕਾਂ 'ਤੇ ਭਟਕਦਾ ਹੋਇਆ ਆਉਂਦਾ ਹੈ, ਤਾਂ ਇਸ ਸਬੰਧੀ ਤੁਰੰਤ ਸਬੰਧਤ ਵਿਭਾਗ ਜਾਂ ਬਾਲ ਸਹਾਇਤਾ ਹੈਲਪਲਾਈਨ 1098 'ਤੇ ਸੂਚਨਾ ਦਿੱਤੀ ਜਾਵੇ, ਤਾਂ ਜੋ ਬੱਚੇ ਨੂੰ ਸਮੇਂ ਸਿਰ ਲੋੜੀਂਦੀ ਸਹਾਇਤਾ ਅਤੇ ਸੁਰੱਖਿਆ ਮੁਹੱਈਆ ਕਰਵਾਈ ਜਾ ਸਕੇ।

ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਜਤਿੰਦਰ ਸਿੰਘ ਸ਼ੰਟੀ ਵੱਲੋਂ ਜ਼ੀਰਾ ਦਾ ਦੌਰਾ

ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਕਮਿਸ਼ਨ ਵਚਨਬੱਧ: ਜਤਿੰਦਰ ਸਿੰਘ ਸ਼ੰਟੀ

ਜ਼ੀਰਾ/ਫਿਰੋਜ਼ਪੁਰ, 24 ਅਕਤੂਬਰ
(ਪੈ.ਗਾਮ-ਏ-ਜਗਤ/ਗੁਰਮੇਜ ਸਿੰਘ)



ਪੰਜਾਬ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਅਤੇ ਪਦਮ ਸ਼੍ਰੀ ਪੁਰਸਕਾਰ ਜੇਤੂ ਜਤਿੰਦਰ ਸਿੰਘ ਸ਼ੰਟੀ ਨੇ ਜ਼ੀਰਾ ਦੇ ਜਨ ਕਲਿਆਣ ਭਵਨ ਵਿਖੇ ਜਨਤਕ ਸੁਣਵਾਈ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ ਉਨ੍ਹਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਸ਼ਿਕਾਇਤਾਂ ਦੇ ਢੁੱਕਵੇਂ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਰੱਖਿਆ ਕਰਨਾ ਅਤੇ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨਾ ਕਮਿਸ਼ਨ ਦੀ ਮੁੱਖ ਤਰਜੀਹ ਹੈ।

ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਕਮਿਸ਼ਨ ਵੱਲੋਂ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਲੋਕਾਂ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਮਨੁੱਖੀ ਅਧਿਕਾਰਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਤਹਿਤ ਸਮਾਜ ਸੇਵੀ ਸੰਸਥਾਵਾਂ, ਸੀਨੀਅਰ ਨਾਗਰਿਕਾਂ, ਵਕੀਲਾਂ, ਡਾਕਟਰਾਂ, ਵਿਦਿਆਰਥੀਆਂ ਅਤੇ ਵਪਾਰੀਆਂ ਨਾਲ ਵੀ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਨਤਕ ਸੁਣਵਾਈਆਂ ਦਾ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣਾ ਹੈ।

ਉਨ੍ਹਾਂ ਸਿਹਤ ਸੇਵਾਵਾਂ ਨਾਲ ਸਬੰਧਤ ਮਨੁੱਖੀ ਅਧਿਕਾਰਾਂ ਬਾਰੇ ਕਿਹਾ ਕਿ ਕੋਈ ਵੀ ਹਸਪਤਾਲ ਬਕਾਇਆ ਬਿੱਲ ਦੇ ਆਧਾਰ 'ਤੇ ਮਰੀਜ਼ ਜਾਂ ਮ੍ਰਿਤਕ ਦੇਹ ਨੂੰ ਬੰਧਕ ਨਹੀਂ ਬਣਾ ਸਕਦਾ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਜਾਰੀ ਹਦਾਇਤਾਂ ਦੀ ਪਾਲਣਾ ਕਰਨਾ ਜ਼ਰੂਰੀ ਹੈ। ਉਨ੍ਹਾਂ ਹੁਕਮਾਂ ਦੀ ਕਾਪੀ ਮੁੱਖ ਮੈਡੀਕਲ ਅਫ਼ਸਰ ਨੂੰ ਸੌਂਪਦਿਆਂ ਜ਼ਿਲ੍ਹੇ ਦੇ ਹਸਪਤਾਲਾਂ ਵਿੱਚ ਜਾਗਰੂਕਤਾ ਪੋਸਟਰ ਲਗਾਉਣ ਲਈ ਕਿਹਾ।

ਉਨ੍ਹਾਂ ਚਿਤਾਵਨੀ ਦਿੱਤੀ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਸਬੰਧੀ ਸ਼ਿਕਾਇਤਾਂ ਦਰਜ ਕਰਵਾਉਣ ਲਈ ਵਟਸਐਪ ਹੈਲਪਲਾਈਨ ਨੰਬਰ 98554-75547 ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਰਾਹੀਂ 24 ਘੰਟੇ ਸ਼ਿਕਾਇਤ ਭੇਜੀ ਜਾ ਸਕਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਅਣਡਿੱਠਾ ਕਰਨਾ ਅਤੇ ਰਿਹਾਇਸ਼ੀ ਸੋਸਾਇਟੀਆਂ ਵੱਲੋਂ ਕੀਤੇ ਵਾਅਦੇ ਪੂਰੇ ਨਾ ਕਰਨਾ ਵੀ ਗੰਭੀਰ ਮਸਲੇ ਹਨ, ਜਿਨ੍ਹਾਂ 'ਤੇ ਕਮਿਸ਼ਨ ਵੱਲੋਂ ਕਾਰਵਾਈ ਕੀਤੀ ਜਾ ਸਕਦੀ ਹੈ। ਇਸ ਮੌਕੇ ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਅਤੇ ਵਲੰਟੀਅਰਾਂ ਦੀ ਸ਼ਲਾਘਾ ਕੀਤੀ, ਜੋ ਨਸ਼ਿਆਂ ਵਿਰੁੱਧ ਮੁਹਿੰਮ ਅਤੇ ਕੁਦਰਤੀ ਆਫ਼ਤਾਂ ਦੌਰਾਨ ਲੋਕਾਂ ਦੀ ਸਹਾਇਤਾ ਕਰਦੇ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਡਾ. ਅਮਨਦੀਪ ਕੌਰ, ਐੱਸਡੀਐੱਮ ਜ਼ੀਰਾ ਸੂਰਜ, ਐੱਸਪੀ ਐੱਚ ਬਲਜੀਤ ਸਿੰਘ, ਤਹਿਸੀਲਦਾਰ ਵਿਨੋਦ ਕੁਮਾਰ, ਨਾਇਬ ਤਹਿਸੀਲਦਾਰ ਪਰਮਪਾਲ ਸਿੰਘ, ਕੋਰ ਗਰੁੱਪ ਦੇ ਮੈਂਬਰਾਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸ਼ਮੂਲੀਅਤ ਕੀਤੀ।

ਵਿਧਾਇਕ ਰਜਨੀਸ਼ ਕੁਮਾਰ ਦਹੀਆ ਦੁਆਰਾ ਸੀਵਰਜ਼ ਅਤੇ ਟਰੀਟਮੈਂਟ ਪਲਾਂਟ ਦਾ ਉਦਘਾਟਨ

ਪੈ.ਗਾਮ-ਏ-ਜਗਤ/ਮਮਦੋਟ
24 ਅਕਤੂਬਰ (ਗੁਰਮੇਜ ਸਿੰਘ)

ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਵਿਧਾਇਕ ਐਡਵੋਕੇਟ ਰਜਨੀਸ਼ ਕੁਮਾਰ ਦਹੀਆ ਨੇ ਅੱਜ ਮਮਦੋਟ ਵਿੱਖੇ ਬਣੇ ਸੀਵਰੇਜ ਸਪਲਾਈ ਅਤੇ ਟਰੀਟਮੈਂਟ ਪਲਾਂਟ ਦਾ ਉਦਘਾਟਨ ਕੀਤਾ ਇਸ ਮੌਕੇ ਤੇ ਉਹਨਾਂ ਬੋਲਦਿਆਂ ਹੋਇਆਂ ਕਿਹਾ ਕਿ ਇਸ ਤੇ 19.62 ਕਰੋੜ ਦੀ ਲਾਗਤ ਆਈ ਹੈ ਅਤੇ ਇਸ ਨਾਲ ਮਮਦੋਟ ਨਿਵਾਸੀਆਂ ਨੂੰ ਪਾਣੀ ਦੀ ਨਿਕਾਸੀ ਲਈ ਵੱਡੀ ਸਹੂਲਤ ਮਿਲੇਗੀ।



ਉਹਨਾਂ ਕਿਹਾ ਕਿ ਇਹ ਪ੍ਰੋਜੈਕਟ ਪਿਛਲੇ 10 ਸਾਲਾਂ ਤੋਂ ਵੱਖ-ਵੱਖ ਸਰਕਾਰਾਂ ਦੇ ਅਧੀਨ ਲਮਕਿਆ ਪਿਆ ਸੀ ਜਦੋਂ 2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ ਤਾਂ ਉਹਨਾਂ ਨੇ ਨਿੱਜੀ ਦਿਲਚਸਪੀ ਲੈ ਕੇ ਇਸ ਪ੍ਰੋਜੈਕਟ ਨੂੰ ਪੂਰਾ ਕਰਵਾਇਆ ਹੈ ।

ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਮੁਮਦੋਟ ਨਿਵਾਸੀਆਂ ਦੇ ਪੀਣ ਵਾਲੇ ਸਾਫ ਪਾਣੀ ਲਈ 9.60 ਕਰੋੜ ਦੀ ਲਾਗਤ ਨਾਲ ਪਾਣੀ ਸਪਲਾਈ ਦੀ ਪਾਈਪ ਪਾਈ ਜਾਵੇਗੀ ਅਤੇ ਨਾਲ ਹੀ ਇਕ ਲੱਖ ਲੀਟਰ ਗੈਲਨ ਦੀ ਇੱਕ ਨਵੀਂ ਟੈਂਕੀ ਮਮਦੋਟ ਨੂੰ ਦਿੱਤੀ ਜਾਵੇਗੀ ਇਸ ਪੀਣ ਵਾਲੇ ਸਾਫ ਪਾਣੀ ਦੇ ਪ੍ਰੋਜੈਕਟ ਦਾ ਵੀ ਕੰਮ ਅੱਜ ਹਲਕਾ ਵਿਧਾਇਕ ਨੇ ਸ਼ੁਰੂ ਕਰਵਾਇਆ । ਇਸ ਸਾਰੇ ਪ੍ਰੋਗਰਾਮ ਮੌਕੇ ਇੱਕ ਸਾਦਾ ਅਤੇ ਪ੍ਰਭਾਵਸ਼ਾਲੀ ਪ੍ਰੋਗਰਾਮ ਕਰਵਾਇਆ ਗਿਆ।

ਜਿਸ ਵਿੱਚ ਹੋਰਨਾਂ ਤੋਂ ਇਲਾਵਾ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਸੁਰਿੰਦਰ ਕੁਮਾਰ ਸੋਨੂ ਸੇਠੀ ਐਮ ਸੀ ,ਮੇਜਰ ਸਿੰਘ ਬੁਰਜੀ ਮੈਂਬਰ ਜ਼ਿਲ੍ਹਾ ਪਰਿਸ਼ਦ, ਸੰਦੀਪ ਕੁਮਾਰ ਸੋਨੀ ਵਾਰਡ ਨੰਬਰ ਪੰਜ ਮਮਦੋਟ, ਤਰਸੇਮ ਸਿੰਘ ਸੋਨੂ ਛੱਪੜ, ਡਾਕਟਰ ਦਲਜੀਤ ਸਿੰਘ ਜੋਸਨ ਰਹੀਮੇ ਕੇ ,ਜਗੀਰ ਸਿੰਘ ਹਜ਼ਾਰਾਂ ਸਿੰਘ ਵਾਲਾ,ਮਿਹਰ ਸਿੰਘ ਸਰਪੰਚ ਦੋਨਾਂ ਰਹਿਮਤ ਵਾਲਾ, ਬਲਵੀਰ ਸਿੰਘ ਜੱਲੋ ਕੇ, ਬਲਵਿੰਦਰ ਸਿੰਘ ਜਲੋ ਕੇ, ਅਜਮੇਰ ਸਿੰਘ ਸਰਪੰਚ ਮੁਰਕ ਵਾਲਾ, ਡਾਕਟਰ ਰਣਜੀਤ ਸਿੰਘ ਸਰਪੰਚ ਤਰਾਂ ਵਾਲਾ , ਸੁਖਦੇਵ ਸਿੰਘ ਸਰਪੰਚ ਲਖਮੀਰ ਕੇ ਹਿਠਾੜ,ਸੁਭਾਸ਼ ਬੱਤਾ,ਸੁਖਚੈਨ ਸਿੰਘ ਘੋਗਾ, ਗੁਰਪ੍ਰੀਤ ਸਿੰਘ ਐਮ ਸੀ, ਪ੍ਰਿਤਪਾਲ ਸਿੰਘ ਐਕਸੀਅਨ ਸੀਵਰੇਜ ਬੋਰਡ, ਗੁਲਸ਼ਨ ਕੁਮਾਰ ਐਸਡੀਓ ਸੀਵਰੇਜ ਬੋਰਡ, ਵਿਕੇਸ਼ ਕੁਮਾਰ ਜੇ ਈ ਸੀਵਰੇਜ ਬੋਰਡ ਅਤੇ ਹੋਰ ਬਹੁਤ ਸਾਰੇ ਪੰਚ ਸਰਪੰਚ ਅਤੇ ਆਗੂ ਹਾਜ਼ਰ ਸਨ।

ਪਟਿਆਲਾ ਦੀ ਨੌਜਵਾਨ ਕਵਿੱਤਰੀ ਨੰਦਿਕਾ ਦੀ ਪਹਿਲੀ ਕਾਵਿ-ਪੁਸਤਕ ਐਮਾਜ਼ਾਨ 'ਤੇ ਹੋਈ ਰਿਲੀਜ਼

ਪੈ.ਗਾਮ-ਏ-ਜਗਤ
ਪਟਿਆਲਾ, 24 ਅਕਤੂਬਰ
(ਪਰਮਜੀਤ ਸਿੰਘ ਪਰਵਾਨਾ)

ਸ਼ਹਿਰ ਦੀ ਹੋਣਹਾਰ ਨੌਜਵਾਨ ਕਵਿੱਤਰੀ ਨੰਦਿਕਾ ਨੇ ਆਪਣੀ ਪਹਿਲੀ ਕਾਵਿ-ਪੁਸਤਕ "Things That Make Life Worth Remembering : A Book of Poetry" ਰਾਹੀਂ ਸਾਹਿਤਕ ਖੇਤਰ ਵਿੱਚ ਕਦਮ ਰੱਖਿਆ ਹੈ। ਇਹ ਪੁਸਤਕ ਜੀਵਨ ਦੀਆਂ ਖ਼ੂਬਸੂਰਤ ਯਾਦਾਂ, ਸੁਪਨਿਆਂ, ਸੰਘਰਸ਼, ਸ਼ੁਕਰਗੁਜ਼ਾਰੀ ਅਤੇ ਰਿਸ਼ਤਿਆਂ ਦੀ ਅਹਿਮੀਅਤ ਨੂੰ ਬਿਆਨ ਕਰਦੀ ਹੈ। ਨੰਦਿਕਾ ਇਸ ਸਮੇਂ ਦਿੱਲੀ ਪਬਲਿਕ ਸਕੂਲ (ਡੀਪੀਐੱਸ), ਪਟਿਆਲਾ ਵਿੱਚ ਗਿਆਰ੍ਹਵੀਂ ਜਮਾਤ ਦੀ ਨਾਨ-ਮੈਡੀਕਲ ਦੀ ਵਿਦਿਆਰਥਣ ਹੈ। ਪਰਿਵਾਰ ਵਿੱਚ



ਪਹਿਲਾਂ ਕੋਈ ਸਾਹਿਤਕ ਪਿਛੋਕੜ ਨਾ ਹੋਣ ਦੇ ਬਾਵਜੂਦ, ਉਸ ਨੇ ਆਪਣੀ ਸੋਚ, ਰੋਜ਼ਾਨਾ ਜੀਵਨ ਦੀਆਂ ਘਟਨਾਵਾਂ ਨੂੰ ਬਾਰੀਕੀ ਨਾਲ ਦੇਖਣ ਦੀ ਕਲਾ ਅਤੇ ਲਿਖਣ ਦੇ ਸ਼ੌਕ ਨਾਲ ਆਪਣੀ ਵੱਖਰੀ ਪਛਾਣ ਬਣਾਈ ਹੈ। ਪੁਸਤਕ ਵਿੱਚ ਕੁੱਲ 23 ਕਵਿਤਾਵਾਂ ਸ਼ਾਮਲ ਹਨ, ਜੋ ਨੰਦਿਕਾ ਨੇ ਆਪਣੇ ਪਰਿਵਾਰਕ ਮੈਂਬਰਾਂ, ਅਧਿਆਪਕਾਂ ਅਤੇ ਜੀਵਨ ਵਿੱਚ ਪ੍ਰੇਰਨਾ ਦੇਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਮਰਪਿਤ ਕੀਤੀਆਂ ਹਨ। ਨੰਦਿਕਾ ਦੇ ਪਿਤਾ ਇੰਜੀਨੀਅਰ ਗਗਨ ਚੋਪੜਾ ਪੀਐੱਸਪੀਸੀਐੱਲ ਵਿੱਚ ਡਿਪਟੀ ਚੀਫ਼ ਇੰਜੀਨੀਅਰ/ ਆਈਟੀ ਵਜੋਂ ਸੇਵਾਵਾਂ ਨਿਭਾ ਰਹੇ ਹਨ, ਜਦਕਿ ਉਨ੍ਹਾਂ ਦੀ ਮਾਤਾ ਵੰਦਨਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਭਾਦਸੋਂ ਵਿਖੇ ਕੈਮਿਸਟਰੀ ਦੀ ਲੈਕਚਰਾਰ ਹਨ। ਇਹ ਪੁਸਤਕ ਨੈਕਸਟ ਟੌਪਰ ਦੇ ਡਿਗਰਾਜ ਸਰ ਨੂੰ ਸਮਰਪਿਤ ਕੀਤੀ ਗਈ ਹੈ, ਜੋ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਹਨ। ਪੁਸਤਕ ਨੂੰ ਪ੍ਰਕਾਸ਼ਿਤ ਕਰਨ ਦੇ ਸਫ਼ਰ ਵਿੱਚ ਡਾ. ਕੁਲਦੀਪ ਸਿੰਘ ਦੇ ਮਾਰਗਦਰਸ਼ਨ ਅਤੇ ਹੌਸਲਾ-ਅਫ਼ਜ਼ਾਈ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ ਹੈ। ਇਸ ਮੌਕੇ ਆਪਣੀ ਖ਼ੁਸ਼ੀ ਸਾਂਝੀ ਕਰਦਿਆਂ ਨੰਦਿਕਾ ਦੇ ਪਰਿਵਾਰ ਨੇ ਕਿਹਾ ਕਿ ਇਹ ਪੁਸਤਕ ਸਿਰਫ਼ ਰਚਨਾਤਮਕ ਪ੍ਰਗਟਾਵਾ ਨਹੀਂ, ਸਗੋਂ ਨੌਜਵਾਨ ਪੀੜ੍ਹੀ ਲਈ ਇੱਕ ਪ੍ਰੇਰਨਾਦਾਇਕ ਸੰਦੇਸ਼ ਵੀ ਹੈ। ਆਸ ਪ੍ਰਗਟਾਈ ਕਿ ਨੰਦਿਕਾ ਦੀਆਂ ਕਵਿਤਾਵਾਂ ਪਾਠਕਾਂ ਨੂੰ ਨਿਡਰ ਹੋ ਕੇ ਸੁਪਨੇ ਦੇਖਣ, ਆਪਣੇ ਆਲੇ-ਦੁਆਲੇ ਦੇ ਲੋਕਾਂ ਦੀ ਕਦਰ ਕਰਨ ਅਤੇ ਚੰਗੇ ਨਤੀਜਿਆਂ ਲਈ ਸਬਰ ਰੱਖਣ ਦੀ ਪ੍ਰੇਰਣਾ ਦੇਣਗੀਆਂ।

ਰੋਟੇਰੀਅਨ ਡੀ.ਪੀ ਗੁਲ੍ਹਾਟੀ ਦਾ ਸਨਮਾਨ

ਪੈ.ਗਾਮ-ਏ-ਜਗਤ
ਅੰਬਾਲਾ, 24 ਅਕਤੂਬਰ (ਆਰ.ਸਿੰਘ)

ਦੂਰ ਸੰਚਾਰ ਵਿਭਾਗ ਤੋਂ ਬਤੌਰ ਡਿਪਟੀ ਜਨਰਲ ਮੈਨੇਜਰ ਵਜੋਂ ਸੇਵਾ ਮੁਕਤ, ਰੋਟਰੀ ਕਲੱਬ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਸਹਾਇਕ ਗਵਰਨਰ ਰੋਟੇਰੀਅਨ ਧਰਮਪਾਲ ਗੁਲ੍ਹਾਟੀ ਦਾ ਅੱਜ ਉਨ੍ਹਾਂ ਦੇ 75 ਵੇਂ ਜਨਮ ਦਿਨ ਤੇ ਬੀਐਸਐਨਐਲ ਵਿਚ ਦਿੱਤੀਆਂ ਗਈਆਂ ਬਿਹਤਰ ਸੇਵਾਵਾਂ ਬਦਲੇ ਬੀਐਸਐਨਐਲ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਸਨਮਾਨ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਨੂੰ ਕੰਟਰੋਲਰ ਆਫ ਕਮਿਊਨੀਕੇਸ਼ਨ ਅਕਾਊਂਟਸ ਦੂਰ ਸੰਚਾਰ ਵਿਭਾਗ ਹਰਿਆਣਾ ਸ਼੍ਰੀਮਤੀ ਸ਼ਿਲਪੀ ਸਿਨਹਾ



ਵੱਲੋਂ ਪ੍ਰਦਾਨ ਕੀਤਾ ਗਿਆ। ਸਨਮਾਨ ਮਿਲਣ ਤੇ ਆਪਣੇ ਸੰਬੋਧਨ ਵਿਚ ਡੀ.ਪੀ.ਗੁਲ੍ਹਾਟੀ ਨੇ ਕਿਹਾ ਕਿ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਮਿਲੀ ਸ਼ਲਾਘਾ ਅਤੇ ਸਨਮਾਨ ਪ੍ਰਾਪਤ ਕਰਕੇ ਬਹੁਤ ਮਾਣ ਅਤੇ ਨਿਮਰਤਾ ਮਹਿਸੂਸ ਕਰ ਰਿਹਾ ਹਾਂ। ਉਨ੍ਹਾਂ ਇਸ ਸਨਮਾਨ ਲਈ ਮੁੱਖ ਮਹਿਮਾਨ ਸ਼੍ਰੀਮਤੀ ਸ਼ਿਲਪੀ ਸਿਨਹਾ , ਸਰਪ੍ਰਸਤ ਪ੍ਰਾਣ ਨਾਥ ਸ਼ਰਮਾ, ਪ੍ਰਧਾਨ ਸੁਭਾਸ਼ ਚੰਦਰ ਲਾਂਬਾ, ਜਨਰਲ ਸਕੱਤਰ ਦਿਨੇਸ਼ ਬਹਿਲ , ਸਰਪ੍ਰਸਤ ਰਾਜਿੰਦਰ ਸਿੰਘ ਨੇਗੀ ਅਤੇ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ, 'ਮੇਰੇ ਇਸ ਪਲਾਟੀਨਮ ਜਨਮ ਦਿਨ ਤੇ ਸਾਥੀਆਂ ਅਤੇ ਦੋਸਤਾਂ ਵੱਲੋਂ ਮਿਲਿਆ ਹੌਸਲਾ ਅਤੇ ਅਸੀਸਾਂ ਮੈਨੂੰ ਸਮਾਜ ਵਿੱਚ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਯੋਗਦਾਨ ਪਾਉਂਦੇ ਰਹਿਣ ਲਈ ਪ੍ਰੇਰਿਤ ਕਰਦੀਆਂ ਹਨ।

ਅਕਾਲੀ-ਭਾਜਪਾ ਦਾ ਸੰਭਾਵੀ ਗਠਜੋੜ 'ਜ਼ੀਰੋ ਜਮ੍ਹਾਂ ਜ਼ੀਰੋ': ਬਰਿੰਦਰ ਕੁਮਾਰ ਗੋਇਲ

ਕਿਸਾਨ ਅੰਦੋਲਨ ਦੀਆਂ ਸ਼ਹਾਦਤਾਂ ਲਈ ਜ਼ਿੰਮੇਵਾਰ ਧਿਰਾਂ ਨੂੰ ਪੰਜਾਬੀ ਮੁਆਫ਼ ਨਹੀਂ ਕਰਨਗੇ: ਕੈਬਨਿਟ ਮੰਤਰੀ

ਲਹਿਰਾਗਾਗਾ, 24 ਅਕਤੂਬਰ (ਪੈ.ਗਾਮ-ਏ-ਜਗਤ)



ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਵਿਚਾਲੇ ਮੁੜ ਗਠਜੋੜ ਦੀਆਂ ਚਰਚਾਵਾਂ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਸ ਦਾ ਸਿਆਸੀ ਨਤੀਜਾ 'ਜ਼ੀਰੋ ਜਮ?ਹਾਂ ਜ਼ੀਰੋ' ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਵਿਕਾਸ, ਲੋਕ ਭਲਾਈ ਅਤੇ ਜ਼ਮੀਨੀ ਪੱਧਰ 'ਤੇ ਕੀਤੇ ਕੰਮਾਂ ਨੂੰ ਤਰਜੀਹ ਦਿੰਦੇ ਹਨ। ਉਹ ਆਮ ਆਦਮੀ ਕਲੀਨਿਕ ਦੇ ਦੌਰੇ ਮਗਰੋਂ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ।

ਗੋਇਲ ਨੇ ਕਿਹਾ ਕਿ ਦੋਵਾਂ ਪਾਰਟੀਆਂ ਦਾ ਗਠਜੋੜ ਕਰਨਾ ਜਾਂ ਨਾ ਕਰਨਾ ਉਨ੍ਹਾਂ ਦਾ ਅੰਦਰੂਨੀ ਫ਼ੈਸਲਾ ਹੈ, ਪਰ ਇਸ ਨਾਲ ਲੋਕਾਂ ਦੀ ਉਨ੍ਹਾਂ ਦੀ ਪਿਛਲੀ ਕਾਰਗੁਜ਼ਾਰੀ ਬਾਰੇ ਰਾਇ ਨਹੀਂ ਬਦਲੇਗੀ। ਉਨ੍ਹਾਂ ਦੋਸ਼ ਲਾਇਆ ਕਿ ਲੰਮਾ ਸਮਾਂ ਸੱਤਾ ਵਿੱਚ ਰਹਿਣ ਦੇ ਬਾਵਜੂਦ ਦੋਵਾਂ ਧਿਰਾਂ ਨੇ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਲੋੜੀਂਦੀ ਭੂਮਿਕਾ ਨਹੀਂ ਨਿਭਾਈ।

ਕਿਸਾਨ ਅੰਦੋਲਨ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਨੇ ਦਾਅਵਾ ਕੀਤਾ ਕਿ ਸੰਘਰਸ਼ ਦੌਰਾਨ 750 ਤੋਂ ਵੱਧ ਕਿਸਾਨਾਂ ਦੀਆਂ ਜਾਨਾਂ ਗਈਆਂ। ਉਨ੍ਹਾਂ ਕਿਹਾ ਕਿ ਕਿਸਾਨ ਪਰਿਵਾਰਾਂ ਵੱਲੋਂ ਝੱਲੇ ਦੁੱਖ ਨੂੰ ਪੰਜਾਬ ਦੇ ਲੋਕ ਭੁਲਾ ਨਹੀਂ ਸਕਦੇ ਅਤੇ ਉਹ ਇਸ ਲਈ ਜ਼ਿੰਮੇਵਾਰ ਧਿਰਾਂ ਨੂੰ ਮੁਆਫ਼ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿਹਤ, ਸਿੱਖਿਆ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਕੰਮ ਕਰ ਰਹੀ ਹੈ।

ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਦੌਰੇ ਬਾਰੇ ਟਿੱਪਣੀ ਕਰਦਿਆਂ ਗੋਇਲ ਨੇ ਅੱਠ ਮਜ਼ਦੂਰਾਂ ਦੀ ਮੌਤ ਅਤੇ 12 ਵਿਅਕਤੀਆਂ ਦੇ ਜ਼ਖ਼ਮੀ ਹੋਣ ਦੀ ਘਟਨਾ 'ਤੇ ਦੁੱਖ ਪ੍ਰਗਟ ਕੀਤਾ। ਉਨ੍ਹਾਂ ਸੋਸ਼ਲ ਮੀਡੀਆ 'ਤੇ ਸਾਹਮਣੇ ਆਈਆਂ ਤਸਵੀਰਾਂ ਦਾ ਹਵਾਲਾ ਦਿੰਦਿਆਂ ਚੰਨੀ ਵੱਲੋਂ ਗੁਲਦਸਤੇ ਸਵੀਕਾਰ ਕਰਨ ਦੇ ਢੰਗ 'ਤੇ ਸਵਾਲ ਚੁੱਕੇ ਅਤੇ ਕਿਹਾ ਕਿ ਅਜਿਹੇ ਸੋਗਮਈ ਮੌਕਿਆਂ 'ਤੇ ਆਗੂਆਂ ਨੂੰ ਸੰਵੇਦਨਸ਼ੀਲਤਾ ਵਰਤਣੀ ਚਾਹੀਦੀ ਹੈ।

ਲਹਿਰਾਗਾਗਾ ਵਿੱਚ ਮੈਡੀਕਲ ਕਾਲਜ ਸਥਾਪਤ ਕਰਨ ਬਾਰੇ ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਇਲਾਕੇ ਦੇ ਲੋਕਾਂ ਲਈ ਮਹੱਤਵਪੂਰਨ ਹੈ। ਉਨ੍ਹਾਂ ਦੋਸ਼ਾਂ ਨੂੰ ਰੱਦ ਕਰਦਿਆਂ ਕਿਹਾ ਕਿ ਬੰਦ ਪਏ ਪੁਰਾਣੇ ਇੰਜੀਨੀਅਰਿੰਗ ਕਾਲਜ ਦੀ ਇਮਾਰਤ ਨੂੰ ਮੈਡੀਕਲ ਸਿੱਖਿਆ ਅਤੇ ਸਿਹਤ ਸੇਵਾਵਾਂ ਲਈ ਵਰਤਣ ਦਾ ਉਪਰਾਲਾ ਕੀਤਾ ਗਿਆ ਹੈ। ਇਸ ਨਾਲ ਲਹਿਰਾਗਾਗਾ ਸਮੇਤ ਆਸ-ਪਾਸ ਦੇ ਇਲਾਕਿਆਂ ਅਤੇ ਹਰਿਆਣਾ ਦੇ ਲੋਕਾਂ ਨੂੰ ਵੀ ਲਾਭ ਮਿਲ ਸਕਦਾ ਹੈ। ਗੋਇਲ ਨੇ ਦੱਸਿਆ ਕਿ ਸਥਾਨਕ ਕਮਿਊਨਿਟੀ ਹੈਲਥ ਸੈਂਟਰ ਵਿੱਚ ਜੈਨ ਸਮਾਜ ਦੇ ਸਹਿਯੋਗ ਨਾਲ ਗੋਡੇ ਬਦਲਣ ਅਤੇ ਲੈਪਰੋਸਕੋਪੀ ਰਾਹੀਂ ਅਪਰੇਸ਼ਨ ਮੁਫ਼ਤ ਕੀਤੇ ਜਾ ਰਹੇ ਹਨ। ਉਨ੍ਹਾਂ ਅਨੁਸਾਰ ਨਿੱਜੀ ਹਸਪਤਾਲਾਂ ਵਿੱਚ ਇਨ੍ਹਾਂ ਅਪਰੇਸ਼ਨਾਂ 'ਤੇ 70 ਤੋਂ 80 ਹਜ਼ਾਰ ਰੁਪਏ ਤੱਕ ਖ਼ਰਚ ਆ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਲੋਕਾਂ ਨੂੰ ਘਰਾਂ ਨੇੜੇ ਸਿਹਤ ਸਹੂਲਤਾਂ ਦੇਣਾ ਹੈ ਅਤੇ ਵਿਰੋਧੀ ਆਗੂਆਂ ਨੂੰ ਲੋਕ ਹਿੱਤ ਦੇ ਪ੍ਰਾਜੈਕਟਾਂ ਬਾਰੇ ਤੱਥਾਂ ਦੇ ਆਧਾਰ 'ਤੇ ਗੱਲ ਕਰਨੀ ਚਾਹੀਦੀ ਹੈ।

ਐਸ.ਡੀ. ਕਾਲਜ ਨੇ 49ਵੇਂ ਜ਼ੋਨਲ ਯੁਵਕ ਉਤਸਵ 'ਚ 28 ਪਹਿਲੇ ਸਥਾਨ ਹਾਸਲ ਕਰਕੇ ਲਗਾਤਾਰ 48ਵੀਂ ਵਾਰ ਜਿੱਤੀ ਓਵਰਆਲ ਸ਼ੀਲਡ

- ਪੰਜ ਪ੍ਰਮੁੱਖ ਸ਼੍ਰੇਣੀਆਂ ਦੀਆਂ ਸ਼ੀਲਡਾਂ 'ਤੇ ਵੀ ਕੀਤਾ ਕਬਜ਼ਾ

ਪੈ.ਗਾਮ-ਏ-ਜਗਤ/ਅੰਬਾਲਾ 24 ਅਕਤੂਬਰ (ਆਰ. ਸਿੰਘ)



ਸਨਾਤਨ ਧਰਮ ਕਾਲਜ (ਐਸ.ਡੀ. ਕਾਲਜ), ਅੰਬਾਲਾ ਕੈਂਟ ਨੇ ਕੁਰੂਕਸ਼ੇਤਰ ਯੂਨੀਵਰਸਿਟੀ ਵੱਲੋਂ ਜੀ.ਐਮ.ਐਨ. ਕਾਲਜ, ਅੰਬਾਲਾ ਕੈਂਟ ਵਿਖੇ ਕਰਵਾਏ ਗਏ ਤਿੰਨ ਰੋਜ਼ਾ 49ਵੇਂ ਅੰਬਾਲਾ ਜ਼ੋਨਲ ਯੁਵਕ ਉਤਸਵ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਲਗਾਤਾਰ 48ਵੀਂ ਵਾਰ ਓਵਰਆਲ ਸ਼ੀਲਡ ਜਿੱਤ ਕੇ ਇਤਿਹਾਸ ਰਚਿਆ ਹੈ। ਕਾਲਜ ਦੇ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ 28 ਪਹਿਲੇ, 9 ਦੂਜੇ ਅਤੇ 3 ਤੀਜੇ ਸਥਾਨ ਹਾਸਲ ਕਰਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ। ਇਸ ਦੇ ਨਾਲ ਹੀ ਸਾਹਿਤਕ, ਡਰਾਮਾ, ਸੰਗੀਤ, ਨ੍ਰਿਤ ਅਤੇ ਲਲਿਤ ਕਲਾ ਦੀਆਂ ਪੰਜੇ ਪ੍ਰਮੁੱਖ ਸ਼ੀਲਡਾਂ ਵੀ ਕਾਲਜ ਨੇ ਆਪਣੇ ਨਾਮ ਕੀਤੀਆਂ।

ਕਾਲਜ ਦੀ ਪ੍ਰਿੰਸੀਪਲ ਡਾ. ਅਲਕਾ ਸ਼ਰਮਾ ਨੇ ਇਸ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ, ਨਿਯਮਤ ਅਭਿਆਸ ਅਤੇ ਅਧਿਆਪਕਾਂ ਦੇ ਮਾਰਗਦਰਸ਼ਨ ਸਦਕਾ ਇਹ ਮਾਣਮੱਤੀ ਸਫ਼ਲਤਾ ਹਾਸਲ ਹੋਈ ਹੈ। ਉਨ੍ਹਾਂ ਕਿਹਾ ਕਿ ਲਗਾਤਾਰ 48ਵੀਂ ਵਾਰ ਓਵਰਆਲ ਟਰਾਫ਼ੀ ਜਿੱਤਣਾ ਕਾਲਜ ਲਈ ਬੇਹੱਦ ਮਾਣ ਵਾਲੀ ਗੱਲ ਹੈ।

ਯੁਵਕ ਉਤਸਵ ਦੇ ਤਿੰਨੋਂ ਦਿਨ ਕਾਲਜ ਦੇ ਵਿਦਿਆਰਥੀਆਂ ਨੇ ਹਰਿਆਣਵੀ ਲੋਕ ਸੱਭਿਆਚਾਰ, ਸੰਗੀਤ, ਨਾਚ, ਚਿੱਤਰਕਲਾ, ਸਾਹਿਤ ਅਤੇ ਨਾਟਕ ਦੀਆਂ ਪੇਸ਼ਕਾਰੀਆਂ ਰਾਹੀਂ ਦਰਸ਼ਕਾਂ ਅਤੇ ਨਿਰਣਾਇਕਾਂ ਨੂੰ ਪ੍ਰਭਾਵਿਤ ਕੀਤਾ। ਆਖ਼ਰੀ ਦਿਨ ਹਿੰਦੀ ਭਾਸ਼ਣ ਮੁਕਾਬਲੇ ਵਿੱਚ ਦੂਜਾ, ਹਰਿਆਣਵੀ ਸਮੂਹ ਗਾਇਨ ਵਿੱਚ ਤੀਜਾ ਅਤੇ ਪੱਛਮੀ ਸੋਲੋ ਗਾਇਨ ਤੇ ਪੱਛਮੀ ਸਾਜ਼-ਸੰਗੀਤ ਸੋਲੋ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਨਾਟਕ ਮੁਕਾਬਲੇ ਵਿੱਚ ਸ਼ਾਨਦਾਰ ਅਦਾਕਾਰੀ ਲਈ ਵਿਦਿਆਰਥਣ ਸ੍ਰਿਸ਼ਟੀ ਰਾਣਾ ਨੂੰ ਸਰਵੋਤਮ ਅਦਾਕਾਰਾ ਦੇ ਸਨਮਾਨ ਨਾਲ ਨਿਵਾਜਿਆ ਗਿਆ।

ਪ੍ਰਿੰਸੀਪਲ ਡਾ. ਅਲਕਾ ਸ਼ਰਮਾ ਨੇ ਸਫ਼ਲ ਵਿਦਿਆਰਥੀਆਂ, ਸੱਭਿਆਚਾਰਕ ਟੀਮ ਅਤੇ ਮਾਰਗਦਰਸ਼ਕ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਐਸ.ਡੀ. ਕਾਲਜ ਦੀ ਪਛਾਣ ਸਿਰਫ਼ ਅਕਾਦਮਿਕ ਖੇਤਰ ਤੱਕ ਸੀਮਤ ਨਹੀਂ, ਸਗੋਂ ਕਲਾ, ਸਾਹਿਤ, ਸੰਗੀਤ ਅਤੇ ਸੱਭਿਆਚਾਰ ਦੇ ਖੇਤਰਾਂ ਵਿੱਚ ਵੀ ਕਾਲਜ ਨੇ ਵਿਸ਼ੇਸ਼ ਸਥਾਨ ਬਣਾਇਆ ਹੈ।

ਕਾਲਜ ਦੀ ਸੱਭਿਆਚਾਰਕ ਗਤੀਵਿਧੀਆਂ ਦੀ ਡੀਨ ਡਾ. ਦਿਵਿਆ ਜੈਨ ਅਤੇ ਸਹਿ-ਡੀਨ ਡਾ. ਨੀਤੂ ਬਖ਼ਸ਼ੀ ਨੇ ਵੀ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਯੁਵਕ ਉਤਸਵ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਸ਼ਖ਼ਸੀਅਤ ਵਿਕਾਸ ਅਤੇ ਅਗਵਾਈ ਦੇ ਗੁਣਾਂ ਨੂੰ ਨਿਖਾਰਨ ਲਈ ਮਹੱਤਵਪੂਰਨ ਮੰਚ ਹਨ। ਉਨ੍ਹਾਂ ਸਮੁੱਚੀ ਸੱਭਿਆਚਾਰਕ ਟੀਮ ਦੇ ਯੋਗਦਾਨ ਦੀ ਵੀ ਪ੍ਰਸ਼ੰਸਾ ਕੀਤੀ। ਇਹ ਇਤਿਹਾਸਕ ਜਿੱਤ ਕਾਲਜ ਪਰਿਵਾਰ ਲਈ ਮਾਣ ਦਾ ਪਲ ਬਣੀ ਅਤੇ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਪ੍ਰੇਰਿਤ ਕਰਨ ਵਾਲੀ ਸਾਬਤ ਹੋਈ।

ਐਸ.ਬੀ.ਆਈ. ਨੇ ਆਰਸੇਟੀ ਪਟਿਆਲਾ ਵਿਖੇ 'ਜਨ ਸੁਰੱਖਿਆ ਸੈਚੁਰੇਸ਼ਨ ਮੁਹਿੰਮ' ਪ੍ਰੋਗਰਾਮ ਕਰਵਾਇਆ

- ਔਰਤਾਂ ਦੇ ਉੱਦਮ ਅਤੇ ਪੇਂਡੂ ਰੋਜ਼ੀ-ਰੋਟੀ ਨੂੰ ਹੁਲਾਰਾ ਦੇਣ ਲਈ 25 ਸਵੈ-ਸਹਾਇਤਾ ਸਮੂਹਾਂ ਨੂੰ ਕਰਜ਼ਾ ਮਨਜ਼ੂਰੀ ਪੱਤਰ ਵੰਡੇ

ਪੈ.ਗਾਮ-ਏ-ਜਗਤ ਪਟਿਆਲਾ, 24 ਅਕਤੂਬਰ (ਪਰਮਜੀਤ ਸਿੰਘ ਪਰਵਾਨਾ)



ਸਟੇਟ ਬੈਂਕ ਆਫ਼ ਇੰਡੀਆ ਨੇ ਗ੍ਰਾਮ ਪੰਚਾਇਤ ਜਸੋਵਾਲ ਲਈ, ਐਸਬੀਆਈ ਦੇ 'ਦਿਹਾਤੀ ਸਵੈ-ਰੁਜ਼ਗਾਰ ਸਿਖਲਾਈ ਸੰਸਥਾਨ' (ਆਰਸੇਟੀ), ਪਟਿਆਲਾ ਵਿਖੇ ਰਾਜ-ਪੱਧਰੀ 'ਜਨ ਸੁਰੱਖਿਆ ਸੈਚੁਰੇਸ਼ਨ ਮੁਹਿੰਮ' ਪ੍ਰੋਗਰਾਮ ਕਰਵਾਇਆ। 31 ਦਸੰਬਰ, 2026 ਤਕ ਚੱਲਣ ਵਾਲੀ ਇਸ ਮੁਹਿੰਮ ਦਾ ਉਦੇਸ਼ ਹਰੇਕ ਯੋਗ ਨਾਗਰਿਕ ਤਕ ਸਮਾਜਿਕ ਸੁਰੱਖਿਆ ਲਾਭ ਪਹੁੰਚਾਉਣਾ ਹੈ।

ਇਸ ਮੌਕੇ ਆਰਬੀਆਈ, ਐਸਬੀਆਈ, ਨਬਾਰਡ, ਹੋਰ ਬੈਂਕਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਦੇ ਨਾਲ-ਨਾਲ ਪਿੰਡ ਵਾਸੀ ਅਤੇ 'ਸਵੈ-ਸਹਾਇਤਾ ਸਮੂਹਾਂ' ਦੇ ਨੁਮਾਇੰਦੇ ਵੀ ਮੌਜੂਦ ਸਨ। ਪ੍ਰਮੁੱਖ ਸ਼ਖਸੀਅਤਾਂ ਵਿੱਚ ਵਿਵੇਕ ਸ੍ਰੀਵਾਸਤਵ, ਖੇਤਰੀ ਨਿਰਦੇਸ਼ਕ, ਆਰਬੀਆਈ; ਅਮਰੇਸ਼ ਕੁਮਾਰ ਝਾਅ, ਮੁੱਖ ਜਨਰਲ ਮੈਨੇਜਰ, ਐਸਬੀਆਈ; ਮਨੋਹਰ ਲਾਲ, ਜਨਰਲ ਮੈਨੇਜਰ, ਨਬਾਰਡ; ਅਤੇ ਡਿਪਟੀ ਕਮਿਸ਼ਨਰ, ਪਟਿਆਲਾ ਦੇ ਵਿਸ਼ੇਸ਼ ਡਿਊਟੀ ਅਧਿਕਾਰੀ ਆਰ. ਮੁਕਿਲਨ ਸ਼ਾਮਲ ਹੋਏ। ਹੋਰ ਭਾਗੀਦਾਰਾਂ ਵਿੱਚ ਰਾਮ ਬਾਬੂ ਮਿਸ਼ਰਾ, ਡੀਜੀਐਮ, ਕੈਨਰਾ ਬੈਂਕ; ਆਰ. ਕੇ. ਮੀਨਾ, ਡੀਜੀਐਮ, ਪੀਐਨਬੀ ਅਤੇ ਕਨਵੀਨਰ, ਐਸਐਲਬੀਸੀ ਪੰਜਾਬ, ਵਿਜੇ ਬਿਹਾਰੀ ਪ੍ਰਸਾਦ, ਡੀਜੀਐਮ ਪੀਐਨਬੀ, ਉਪਾਸਨਾ ਸਿੰਘ, ਏਜੀਐਮ ਪੀਐਸਬੀ, ਵਿਕਾਸ ਭੱਲਾ, ਡੀਐਮ, ਪੀਸੀਸੀਬੀ, ਪਰਵਿੰਦਰ ਨਾਗਰਾ, ਏਜੀਐਮ ਨਬਾਰਡ; ਰਵੀ ਸ਼ੰਕਰ, ਏਜੀਐਮ ਐਸਬੀਆਈ, ਚੰਡੀਗੜ੍ਹ; ਅਤੇ ਵਿਨੈ ਕੁਮਾਰ, ਮੁੱਖ ਮੈਨੇਜਰ, ਐਸਬੀਆਈ ਮੋਹਾਲੀ ਸ਼ਾਮਲ ਸਨ। ਇਹ ਮੁਹਿੰਮ ਪ੍ਰਧਾਨ ਮੰਤਰੀ ਜੀਵਨ ਜਯੋਤੀ ਬੀਮਾ ਯੋਜਨਾ ਅਤੇ ਅਟਲ ਪੈਨਸ਼ਨ ਯੋਜਨਾ ਅਧੀਨ ਰਜਿਸਟ੍ਰੇਸ਼ਨ ਨੂੰ ਉਤਸ਼ਾਹਿਤ ਕਰਦੀ ਹੈ। ਇਸ ਦੌਰਾਨ 'ਸਾਈਬਰ ਸੁਰੱਖਿਆ' ਬਾਰੇ ਇੱਕ ਸੈਸ਼ਨ ਵੀ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪਿੰਡ ਵਾਸੀਆਂ ਨੂੰ ਬੈਂਕਿੰਗ ਵੇਰਵਿਆਂ ਦੀ ਸੁਰੱਖਿਆ ਕਰਨ, ਸ਼ੱਕੀ ਲਿੰਕਾਂ ਤੋਂ ਬਚਣ ਅਤੇ ਧੋਖਾਧੜੀ ਦੀ ਤੁਰੰਤ ਰਿਪੋਰਟ ਕਰਨ ਬਾਰੇ ਜਾਗਰੂਕ ਕੀਤਾ ਗਿਆ।

ਔਰਤਾਂ ਦੇ ਉੱਦਮ ਅਤੇ ਪੇਂਡੂ ਰੋਜ਼ੀ-ਰੋਟੀ ਨੂੰ ਹੁਲਾਰਾ ਦੇਣ ਲਈ, 25 ਸਵੈ-ਸਹਾਇਤਾ ਸਮੂਹਾਂ ਨੂੰ ਕਰਜ਼ਾ ਮਨਜ਼ੂਰੀ ਪੱਤਰ ਵੰਡੇ ਗਏ। ਰੀਨਾ ਰਾਣੀ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ, ਐਨਆਰਐਲ ਐਮ, ਪਟਿਆਲਾ ਨੇ ਇਸ ਪਹਿਲਕਦਮੀ ਵਿੱਚ ਸਹਿਯੋਗ ਦਿੱਤਾ। ਇਹ ਪ੍ਰੋਗਰਾਮ ਜਸਵਿੰਦਰ ਸ਼ਰਮਾ, ਲੀਡ ਜ਼ਿਲ੍ਹਾ ਮੈਨੇਜਰ, ਪਟਿਆਲਾ ਅਤੇ ਸੰਜੀਵ ਅਗਰਵਾਲ, ਡਾਇਰੈਕਟਰ, ਐਸਬੀਆਈ ਆਰਸੇਟੀ ਪਟਿਆਲਾ ਨੇ ਕਰਵਾਇਆ। ਰਾਜੇਸ਼ ਕੁਮਾਰ ਕੌਂਡਲ, ਖੇਤਰੀ ਪ੍ਰਬੰਧਕ, ਐਸ.ਬੀ.ਆਈ-3, ਪਟਿਆਲਾ, ਅਜੈ ਸਿੰਘ, ਖੇਤਰੀ ਪ੍ਰਬੰਧਕ, ਐਸ.ਬੀ.ਆਈ. -4, ਪਟਿਆਲਾ ਨੇ ਧੰਨਵਾਦੀ ਸ਼ਬਦ ਕਹੇ।

ਬੀਹੜੂ ਉਪ-ਤਹਿਸੀਲ ਭਵਨ ਦੇ ਉਦਘਾਟਨ ਮੌਕੇ ਵਿਧਾਇਕ ਵਿਵੇਕ ਸ਼ਰਮਾ ਨੇ ਮੁੱਖ ਮੰਤਰੀ ਦਾ ਕੀਤਾ ਧੰਨਵਾਦ

- ਪੀਣ ਵਾਲੇ ਪਾਣੀ, ਸਿੰਚਾਈ, ਸੈਰ-ਸਪਾਟੇ ਅਤੇ ਉਦਯੋਗਿਕ ਵਿਕਾਸ ਨੂੰ ਦਿੱਤੀ ਜਾਵੇਗੀ ਤਰਜੀਹ

ਬੰਗਾਣਾ (ਊਨਾ), 24 ਅਕਤੂਬਰ (ਪੈ.ਗਾਮ-ਏ-ਜਗਤ)





ਕੁਟਲੈਹੜ ਵਿਧਾਨ ਸਭਾ ਹਲਕੇ ਦੇ ਬੀਹੜੂ ਵਿੱਚ 2.47 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਉਪ-ਤਹਿਸੀਲ ਦਫ਼ਤਰ ਦੇ ਨਵੇਂ ਭਵਨ ਦਾ ਉਦਘਾਟਨ ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਨੇ ਸ਼ਿਮਲਾ ਤੋਂ ਵਰਚੁਅਲ ਮਾਧਿਅਮ ਰਾਹੀਂ ਕੀਤਾ। ਇਸ ਮੌਕੇ ਵਿਧਾਇਕ ਵਿਵੇਕ ਸ਼ਰਮਾ (ਵਿੱਕੂ) ਨੇ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਨਵੇਂ ਭਵਨ ਨਾਲ ਇਲਾਕੇ ਦੇ ਲੋਕਾਂ ਨੂੰ ਮਾਲ ਵਿਭਾਗ ਨਾਲ ਸਬੰਧਤ ਕੰਮਾਂ ਲਈ ਬਿਹਤਰ ਸਹੂਲਤਾਂ ਮਿਲਣਗੀਆਂ।

ਵਿਧਾਇਕ ਨੇ ਕਿਹਾ ਕਿ ਬੰਗਾਣਾ ਖੇਤਰ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਦੂਰ ਕਰਨ ਲਈ ਭਾਖੜਾ ਬਿਆਸ ਪ੍ਰਬੰਧਨ ਬੋਰਡ ਤੋਂ ਪਾਣੀ ਲੈਣ ਦੀ ਮਨਜ਼ੂਰੀ ਮਿਲਣਾ ਅਹਿਮ ਕਦਮ ਹੈ। ਲਗਭਗ 15 ਕਰੋੜ ਰੁਪਏ ਦੀ ਤੁਰਕਾਲ-ਪੰਗਾ ਪੀਣ ਵਾਲੇ ਪਾਣੀ ਦੀ ਯੋਜਨਾ ਦਾ ਕੰਮ ਜਾਰੀ ਹੈ, ਜਿਸ ਨੂੰ ਦਸੰਬਰ ਤੱਕ ਪੂਰਾ ਕਰਨ ਦਾ ਟੀਚਾ ਰੱਖਿਆ ਗਿਆ ਹੈ। ਇਸ ਤੋਂ ਇਲਾਵਾ ਮੰਦਲੀ ਖੇਤਰ ਲਈ 46 ਕਰੋੜ ਅਤੇ ਲਠਿਆਣੀ ਖੇਤਰ ਲਈ 36 ਕਰੋੜ ਰੁਪਏ ਦੀਆਂ ਸਿੰਚਾਈ ਯੋਜਨਾਵਾਂ 'ਤੇ ਵੀ ਕੰਮ ਕੀਤਾ ਜਾ ਰਿਹਾ ਹੈ।

ਨੌਜਵਾਨਾਂ ਦੀ ਭਲਾਈ ਬਾਰੇ ਉਨ੍ਹਾਂ ਕਿਹਾ ਕਿ ਹਰ ਪੰਚਾਇਤ ਵਿੱਚ ਜਿਮ, ਪਾਰਕ ਅਤੇ ਇੰਟਰਨੈੱਟ ਸਹੂਲਤ ਵਾਲੇ ਰੀਡਿੰਗ ਕਮ-ਸਟੱਡੀ ਰੂਮ ਬਣਾਉਣ ਦੀ ਯੋਜਨਾ ਹੈ। ਇਸ ਨਾਲ ਨੌਜਵਾਨਾਂ ਨੂੰ ਪੜ੍ਹਾਈ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਸਥਾਨਕ ਪੱਧਰ 'ਤੇ ਸਹੂਲਤ ਮਿਲੇਗੀ। ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੇ ਬੱਚਿਆਂ ਦੀ ਸਿੱਖਿਆ ਵਿੱਚ ਮਦਦ ਕਰਨ ਨੂੰ ਵੀ ਤਰਜੀਹ ਦਿੱਤੀ ਜਾਵੇਗੀ।

ਵਿਵੇਕ ਸ਼ਰਮਾ ਨੇ ਕਿਹਾ ਕਿ ਗੋਬਿੰਦ ਸਾਗਰ ਝੀਲ ਅਤੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਲਈ ਯਤਨ ਕੀਤੇ ਜਾ ਰਹੇ ਹਨ। ਅੰਦਰੌਲੀ ਵਿੱਚ ਪ੍ਰਵੇਸ਼ ਦੁਆਰ ਬਣਾਉਣ ਅਤੇ ਮੰਦਰ ਤੱਕ ਜਾਣ ਵਾਲੇ ਰਸਤੇ ਨੂੰ ਬਿਹਤਰ ਬਣਾਉਣ ਦੇ ਨਾਲ ਵਾਟਰ ਸਪੋਰਟਸ ਲਈ ਵੀ ਬੁਨਿਆਦੀ ਢਾਂਚਾ ਵਿਕਸਿਤ ਕੀਤਾ ਜਾ ਰਿਹਾ ਹੈ। ਇਸ ਨਾਲ ਸਥਾਨਕ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਵਧਣਗੇ। ਉਦਯੋਗਿਕ ਵਿਕਾਸ ਲਈ ਲਗਭਗ 300 ਕਨਾਲ ਜ਼ਮੀਨ ਦੀ ਪਛਾਣ ਕੀਤੀ ਗਈ ਹੈ ਅਤੇ ਕਰੀਬ 20 ਕਰੋੜ ਰੁਪਏ ਖ਼ਰਚਣ ਦੀ ਯੋਜਨਾ ਹੈ।

ਉਨ੍ਹਾਂ ਦੱਸਿਆ ਕਿ ਪਿਛਲੇ ਦੋ ਸਾਲਾਂ ਵਿੱਚ ਇਲਾਕੇ ਵਿੱਚ 75 ਟਰਾਂਸਫਾਰਮਰ ਲਗਾਏ ਗਏ ਹਨ ਅਤੇ ਬਿਜਲੀ ਪ੍ਰਬੰਧ ਮਜ਼ਬੂਤ ਕਰਨ ਲਈ ਲਗਭਗ 40 ਕਰੋੜ ਰੁਪਏ ਮਨਜ਼ੂਰ ਹੋਏ ਹਨ। ਪਾਣੀ ਦੀ ਸਪਲਾਈ ਸੁਧਾਰਨ ਲਈ 200 ਤੋਂ ਵੱਧ ਮੋਟਰਾਂ ਵੀ ਲਗਾਈਆਂ ਗਈਆਂ ਹਨ।

ਵਿਧਾਇਕ ਨੇ ਕਿਹਾ ਕਿ ਡੀਐਸਪੀ ਦਫ਼ਤਰ ਖੋਲ੍ਹਣ, ਪਟਵਾਰ ਸਰਕਲਾਂ ਨੂੰ ਮੁੜ ਬਹਾਲ ਕਰਵਾਉਣ ਅਤੇ ਬੰਗਾਣਾ ਵਿੱਚ ਨਕਲ ਸ਼ਾਖਾ ਖੋਲ੍ਹਣ ਲਈ ਵੀ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਡਿਪਟੀ ਕਮਿਸ਼ਨਰ ਜਤਿਨ ਲਾਲ, ਪੁਲਿਸ ਸੁਪਰਡੈਂਟ ਸਚਿਨ ਹਿਰੇਮਠ, ਐਸਡੀਐਮ ਸੋਨੂੰ ਗੋਇਲ, ਤਹਿਸੀਲਦਾਰ ਅਮਿਤ ਸ਼ਰਮਾ ਅਤੇ ਹੋਰ ਅਧਿਕਾਰੀ, ਪੰਚਾਇਤੀ ਨੁਮਾਇੰਦੇ ਤੇ ਪਤਵੰਤੇ ਹਾਜ਼ਰ ਸਨ।

ਸੁੰਦਰ ਸ਼ਾਮ ਅਰੋੜਾ ਨੇ ਜਨਤਾ ਸਾਹਮਣੇ ਰੱਖਿਆ ਹੁਸ਼ਿਆਰਪੁਰ ਦੇ ਵਿਕਾਸ ਕਾਰਜਾਂ ਦਾ ਰਿਪੋਰਟ ਕਾਰਡ

- ਹੁਸ਼ਿਆਰਪੁਰ ਵਿੱਚ 66 ਕੇਵੀ ਅੰਡਰਗ੍ਰਾਊਂਡ ਲਾਈਨ ਤੋਂ ਲੈ ਕੇ ਸਕੂਲਾਂ-ਹਸਪਤਾਲਾਂ ਦੀ ਕਾਇਆ-ਕਲਪ ਤੱਕ, ਕਾਂਗਰਸ ਦੇ ਕਾਰਜਕਾਲ ਦੌਰਾਨ ਹੋਇਆ ਇਤਿਹਾਸਕ ਵਿਕਾਸ : ਅਰੋੜਾ

ਪੈ.ਗਾਮ-ਏ-ਜਗਤ ਹੁਸ਼ਿਆਰਪੁਰ/ਦਲਜੀਤ ਅਜਨੋਹਾ



ਹੁਸ਼ਿਆਰਪੁਰ ਵਿਖੇ ਇੱਕ ਵਿਸ਼ੇਸ਼ ਵਿਚਾਰ-ਵਟਾਂਦਰਾ ਸੈਸ਼ਨ ਕਰਵਾਇਆ ਗਿਆ, ਜਿਸ ਵਿੱਚ ਪੱਤਰਕਾਰਾਂ ਅਤੇ ਸੋਸ਼ਲ ਮੀਡੀਆ ਇਨਫ਼ਲੂਐਂਸਰਾਂ ਨੇ ਵਿਸ਼ੇਸ਼ ਤੌਰ 'ਤੇ ਹਿੱਸਾ ਲਿਆ। ਇਸ ਦਰਮਿਆਨ ਸਾਬਕਾ ਕੈਬਿਨਟ ਮੰਤਰੀ ਸੁੰਦਰ ਸ਼ਾਮ ਅਰੋੜਾ ਨੇ ਹੁਸ਼ਿਆਰਪੁਰ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਦਾ ਪੂਰਾ ਰਿਪੋਰਟ ਕਾਰਡ ਜਨਤਾ ਦੇ ਸਾਹਮਣੇ ਰੱਖਿਆ। ਉਨ੍ਹਾਂ ਨੇ ਆਏ ਹੋਏ ਸਾਰੇ ਪੱਤਰਕਾਰਾਂ ਅਤੇ ਇਨਫ਼ਲੂਐਂਸਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਨਤਕ ਜੀਵਨ ਵਿੱਚ ਹਰ ਕੰਮ ਦਾ ਹਿਸਾਬ-ਕਿਤਾਬ ਅਤੇ ਪੜਤਾਲ ਹੋਣੀ ਜ਼ਰੂਰੀ ਹੈ। ਇਸੇ ਲਈ ਉਹ ਮੀਡੀਆ ਨੂੰ ਖੁੱਲ੍ਹਾ ਸੱਦਾ ਦਿੰਦੇ ਹਨ ਕਿ ਉਹ ਉਨ੍ਹਾਂ ਦੇ ਕਾਰਜਕਾਲ ਦੇ ਸਰਕਾਰੀ ਰਿਕਾਰਡ ਵੇਖਣ, ਜਾਂਚ ਕਰਨ ਅਤੇ ਲੋਕਾਂ ਤੱਕ ਸਹੀ ਤੱਥ ਪਹੁੰਚਾਉਣ।

?ਸੁੰਦਰ ਸ਼ਾਮ ਅਰੋੜਾ ਨੇ ਕਿਹਾ ਕਿ ਜਨਤਾ ਨੇ ਉਨ੍ਹਾਂ ਨੂੰ ਸੇਵਾ ਦਾ ਮੌਕਾ ਦਿੱਤਾ ਸੀ ਅਤੇ ਉਨ੍ਹਾਂ ਨੇ ਹਮੇਸ਼ਾ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦਿੱਤੀ। ਆਪਣੇ ਮੰਤਰੀ ਅਤੇ ਵਿਧਾਇਕ ਕਾਰਜਕਾਲ ਦੇ ਕੰਮ ਗਿਣਾਉਂਦਿਆਂ ਉਨ੍ਹਾਂ ਦੱਸਿਆ ਕਿ ਸ਼ਹਿਰ ਦੀ ਸੁਰੱਖਿਆ ਲਈ ਸੀਸੀਟੀਵੀ ਕੈਮਰੇ, ਕਮਿਊਨਿਟੀ ਸੈਂਟਰ, ਖੇਡਾਂ ਲਈ ਓਪਨ ਜਿਮ, ਸਾਈਕਲ ਟਰੈਕ, ਸਪੋਰਟਸ ਕੰਪਲੈਕਸ, ਬੱਸ ਕਿਊ ਸ਼ੈਲਟਰ, ਸਿਵਲ ਹਸਪਤਾਲ ਲਈ ਆਕਸੀਜਨ ਪਲਾਂਟ ਅਤੇ 2 ਫਾਇਰ ਬ੍ਰਿਗੇਡ ਗੱਡੀਆਂ ਵਰਗੀਆਂ ਬੁਨਿਆਦੀ ਸਹੂਲਤਾਂ ਸ਼ਹਿਰ ਨੂੰ ਦਿੱਤੀਆਂ ਗਈਆਂ। ਔਰਤਾਂ ਦੀ ਸੁਵਿਧਾ ਲਈ 38 ਈ-ਰਿਕਸ਼ੇ ਅਤੇ 6 ਵੋਲਵੋ ਬੱਸਾਂ ਦਾ ਪ੍ਰਬੰਧ ਵੀ ਕਰਵਾਇਆ ਗਿਆ।

ਉਨ੍ਹਾਂ ਦੱਸਿਆ ਕਿ ਸਿੱਖਿਆ ਅਤੇ ਮਹਿਲਾ ਸਸ਼ਕਤੀਕਰਨ ਉਨ੍ਹਾਂ ਦੀ ਮੁੱਖ ਤਰਜੀਹ ਰਹੀ ਹੈ। 'ਪ੍ਰੋਜੈਕਟ ਸਮਰਪਣ' ਤਹਿਤ ਹੁਸ਼ਿਆਰਪੁਰ ਪੰਜਾਬ ਦਾ ਪਹਿਲਾ ਅਜਿਹਾ ਜ਼ਿਲ੍ਹਾ ਬਣਿਆ ਜਿੱਥੇ ਪ੍ਰਾਇਮਰੀ ਸਕੂਲਾਂ ਦੇ ਹਰ ਵਿਦਿਆਰਥੀ ਲਈ ਬੈਂਚਾਂ ਦਾ ਪ੍ਰਬੰਧ ਕੀਤਾ ਗਿਆ। 33 ਸਕੂਲਾਂ ਵਿੱਚ ਰੇਨਵਾਟਰ ਹਾਰਵੈਸਟਿੰਗ ਸਿਸਟਮ ਲਗਾਏ ਗਏ ਅਤੇ ਸਰਕਾਰੀ ਕਾਲਜ ਵਿੱਚ 7 ਕਰੋੜ ਰੁਪਏ ਦੀ ਲਾਗਤ ਨਾਲ ਲਾਇਬ੍ਰੇਰੀ ਤੇ ਗਰਲਜ਼ ਹੋਸਟਲ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਤੋਂ ਇਲਾਵਾ, 38 ਔਰਤਾਂ ਨੂੰ 50 ਲੱਖ ਰੁਪਏ ਦੀ ਗ੍ਰਾਂਟ ਨਾਲ ਈ-ਰਿਕਸ਼ੇ ਵੰਡੇ ਗਏ ਅਤੇ ਸਿਵਲ ਹਸਪਤਾਲ ਵਿੱਚ 'ਵਨ ਸਟਾਪ ਸੈਂਟਰ' ਸਥਾਪਤ ਕੀਤਾ ਗਿਆ।

ਉਦਯੋਗ ਅਤੇ ਬੁਨਿਆਦੀ ਢਾਂਚੇ ਬਾਰੇ ਗੱਲ ਕਰਦਿਆਂ ਅਰੋੜਾ ਨੇ ਕਿਹਾ ਕਿ 22 ਕਰੋੜ ਰੁਪਏ ਦੀ ਲਾਗਤ ਨਾਲ 66 ਕੇਵੀ ਅੰਡਰਗ੍ਰਾਊਂਡ ਬਿਜਲੀ ਕੇਬਲ ਸਿਸਟਮ ਲਗਾ ਕੇ ਹੁਸ਼ਿਆਰਪੁਰ ਨੂੰ ਪੰਜਾਬ ਦਾ ਪਹਿਲਾ ਅਜਿਹਾ ਸ਼ਹਿਰ ਬਣਾਇਆ ਗਿਆ, ਜਿਸ ਨਾਲ 56,000 ਤੋਂ ਵੱਧ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਮਿਲੀ। ਲੁਧਿਆਣਾ-ਚੰਡੀਗੜ੍ਹ ਹਾਈਵੇ ਨਾਲ ਹਾਈ-ਟੈਕ ਸਾਈਕਲ ਵੈਲੀ ਨੂੰ ਜੋੜਨ ਵਾਲੀ ਸੜਕ ਦਾ ਨੀਂਹ ਪੱਥਰ ਰੱਖ ਕੇ 1500 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਲਿਆਂਦਾ ਗਿਆ।

ਅਰੋੜਾ ਨੇ ਕਿਹਾ ਕਿ ਕੋਵਿਡ ਦੇ ਔਖੇ ਸਮੇਂ ਦੌਰਾਨ 200 ਵਲੰਟੀਅਰਾਂ ਅਤੇ ਬਾਹਰਲੇ ਰਾਜਾਂ ਤੋਂ ਪਰਤੇ ਮਜ਼ਦੂਰਾਂ ਦੀ ਰਹਿਣ-ਖਾਣ ਅਤੇ ਸਿਹਤ ਸਹੂਲਤਾਂ ਵਿੱਚ ਪੂਰੀ ਮਦਦ ਕੀਤੀ ਗਈ। ਉਨ੍ਹਾਂ ਕਿਹਾ ਕਿ ਵਿਕਾਸ ਸਿਰਫ਼ ਇਮਾਰਤਾਂ ਬਣਾਉਣਾ ਨਹੀਂ, ਸਗੋਂ ਲੋਕਾਂ ਦੀ ਜ਼ਿੰਦਗੀ ਨੂੰ ਸੁਖਾਲਾ ਬਣਾਉਣਾ ਹੈ।

ਸਪੋਰਟਸ ਯੂਨੀਵਰਸਿਟੀ ਰੰਗੀ ਗਈ ਅਮੀਰ ਸੱਭਿਆਚਾਰ ਦੀਆਂ ਝਲਕੀਆਂ ਨਾਲ, ਸ.ਫਲ ਰਿਹਾ ਪਹਿਲਾ ਯੁਵਕ ਮੇਲਾ

ਪੈ.ਗਾਮ-ਏ-ਜਗਤ ਪਟਿਆਲਾ/24 ਅਕਤੂਬਰ (ਪਰਮਜੀਤ ਸਿੰਘ ਪਰਵਾਨਾ)



ਪੰਜਾਬ ਸਪੋਰਟਸ ਯੂਨੀਵਰਸਿਟੀ ਵਿਖੇ ਕਰਵਾਇਆ ਗਿਆ ਪਹਿਲਾ ਯੁਵਕ ਮੇਲਾ ਬਹੁਤ ਸਫ਼ਲ ਰਿਹਾ। ਇਸਦਾ ਮੁੱਖ ਆਕਰਸ਼ਣ ਗਾਇਕ ਤੇ ਅਦਾਕਾਰ ਕਰਮਜੀਤ ਅਨਮੋਲ ਦੀ ਗਾਇਕੀ ਰਹੀ ਜਿਸਤੇ ਦਰਸ਼ਕ ਪੂਰੀ ਤਰ੍ਹਾਂ ਝੂਮੇ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਪਹੁੰਚੇ। ਉਨ੍ਹਾਂ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੇ ਵਿਸ਼ੇਸ਼ ਉਪਰਾਲਿਆਂ ਸਦਕਾ ਯੂਨੀਵਰਸਿਟੀ ਆਪਣੀ ਵੱਖਰੀ ਪਛਾਣ ਬਣਾ ਰਹੀ ਹੈ। ਉਨ੍ਹਾਂ ਯੂਨੀਵਰਸਿਟੀ ਦੀ ਤਰੱਕੀ ਲਈ ਹਰ ਸੰਭਵ ਸਹਿਯੋਗ ਦੇਣ ਦੀ ਪੇਸ਼ਕਸ਼ ਕਰਦਿਆਂ ਐਲਾਨ ਕੀਤਾ ਕਿ ਲੜਕੀਆਂ ਲਈ ਸਾਰੀਆਂ ਆਧੁਨਿਕ ਸਹੂਲਤਾਂ ਨਾਲ ਲੈਸ ਹੋਸਟਲ 15 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਖਿਡਾਰੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਪੁਲਿਸ ਵਿੱਚ ਖਿਡਾਰੀਆਂ ਲਈ ਰਾਖਵਾਂਕਰਨ 3 ਫ਼ੀਸਦੀ ਤੋਂ ਵਧਾ ਕੇ 10 ਫ਼ੀਸਦੀ ਕੀਤਾ ਜਾਵੇਗਾ। ਵਿੱਤ ਮੰਤਰੀ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਪੰਜਾਬ ਸਪੋਰਟਸ ਯੂਨੀਵਰਸਿਟੀ ਵਿਖੇ ਪਹੁੰਚ ਕੇ ਯੁਵਕ ਮੇਲੇ ਵਿੱਚ ਉਤਸ਼ਾਹ ਨਾਲ ਭਾਗ ਲਿਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਪੰਜਾਬ ਦੇ ਅਮੀਰ ਸੱਭਿਆਚਾਰ ਤੇ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਪੰਜਾਬ ਸਪੋਰਟਸ ਯੂਨੀਵਰਸਿਟੀ ਪਹਿਲਾਂ ਹੀ ਖੇਡਾਂ ਦੇ ਖੇਤਰ ਵਿੱਚ ਮੋਹਰੀ ਭੂਮਿਕਾ ਨਿਭਾ ਰਹੀ ਹੈ ਅਤੇ ਹੁਣ ਸੱਭਿਆਚਾਰਕ ਗਤੀਵਿਧੀਆਂ ਵਿੱਚ ਵੀ ਆਪਣੀ ਵਿਸ਼ੇਸ਼ ਪਛਾਣ ਬਣਾਉਣ ਵੱਲ ਵਧ ਰਹੀ ਹੈ। ਉਨ੍ਹਾਂ ਇਸ ਉਪਰਾਲੇ ਲਈ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਵਧਾਈ ਦਿੱਤੀ। ਯੁਵਕ ਮੇਲੇ ਬਾਰੇ ਜਾਣਕਾਰੀ ਦਿੰਦਿਆਂ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਕਿਹਾ ਕਿ ਯੂਨੀਵਰਸਿਟੀ ਦੇ ਬਹੁਪੱਖੀ ਵਿਕਾਸ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਪਹਿਲੇ ਯੁਵਕ ਮੇਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਖੇਡਾਂ ਅਤੇ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਪੰਜਾਬ ਦੇ ਅਲੋਪ ਹੋ ਰਹੇ ਵਿਰਸੇ ਅਤੇ ਵਿਰਾਸਤ ਨਾਲ ਜੋੜਨਾ ਹੈ। ਮੇਲੇ ਵਿੱਚ ਗਿੱਧਾ, ਭੰਗੜਾ, ਸਕਿੱਟ, ਮਿਮਿਕਰੀ, ਰਵਾਇਤੀ ਗੀਤ, ਲੋਕ ਗੀਤ ਅਤੇ ਪ੍ਰਦਰਸ਼ਨੀ ਪਹਿਰਾਵੇ ਵਰਗੀਆਂ ਮੰਚੀ ਕਲਾਵਾਂ ਤੋਂ ਇਲਾਵਾ ਭਾਸ਼ਣ ਮੁਕਾਬਲੇ, ਕਵਿਤਾ ਉਚਾਰਨ, ਪੋਸਟਰ ਮੇਕਿੰਗ ਅਤੇ ਕੋਲਾਜ ਮੇਕਿੰਗ ਦੇ ਮੁਕਾਬਲੇ ਕਰਵਾਏ ਗਏ। ਇਸੇ ਤਰ੍ਹਾਂ ਕੋਮਲ ਕਲਾਵਾਂ ਅਧੀਨ ਨਾਲਾ ਬੁਣਨਾ, ਪੱਖੀ ਬੁਣਨਾ, ਗੁੱਡੀਆਂ-ਪਟੋਲੇ ਬਣਾਉਣਾ, ਮਿੱਟੀ ਦੇ ਖਿਡੌਣੇ ਤਿਆਰ ਕਰਨਾ ਅਤੇ ਰੰਗੋਲੀ ਬਣਾਉਣ ਵਰਗੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਲੋਕ ਖੇਡਾਂ ਵਿੱਚ ਸ਼ਟਾਪੂ, ਗੀਟੇ, ਰੱਸੀ ਟੱਪਣਾ ਅਤੇ ਰੱਸਾਕਸ਼ੀ ਦੇ ਮੁਕਾਬਲੇ ਵੀ ਖਿੱਚ ਦਾ ਕੇਂਦਰ ਰਹੇ।

ਡਾ. ਗਿੱਲ ਨੇ ਦੱਸਿਆ ਕਿ ਇਸ ਮੇਲੇ ਵਿੱਚ ਪੰਜਾਬ ਦੇ 15 ਤੋਂ ਵੱਧ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਕਿਹਾ ਕਿ ਮੇਲੇ ਦਾ ਮਕਸਦ ਵਿਦਿਆਰਥੀਆਂ ਅੰਦਰ ਛੁਪੀ ਪ੍ਰਤਿਭਾ ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਆਪਣੇ ਹੁਨਰ ਨੂੰ ਹੋਰ ਨਿਖਾਰਨ ਦੇ ਮੌਕੇ ਪ੍ਰਦਾਨ ਕਰਨਾ ਹੈ। ਇਸ ਮੌਕੇ ਪੰਜਾਬ ਫੂਡ ਗਰੇਨ ਕਾਰਪੋਰੇਸ਼ਨ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਐਸ.ਡੀ.ਐਮ. ਗੁਰਦੇਵ ਧਮ, ਪੰਜਾਬੀ ਫ਼?ਲਮ ਜਗਤ ਦੀਆਂ ਉੱਘੀਆਂ ਸ਼ਖ਼ਸੀਅਤਾਂ ਸੁਨੀਤਾ ਧੀਰ, ਬਿੰਨੂ ਢਿੱਲੋਂ, ਕੰਵਲਜੀਤ ਸਿੰਘ ਢੀਂਡਸਾ, ਸਵਰਨ ਰਟੌਲ ਅਤੇ ਹਾਕੀ ਓਲੰਪੀਅਨ ਰੂਪਾ ਸੈਣੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਗੁਰੂ ਰਾਮਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

ਪੈ.ਗਾਮ-ਏ-ਜਗਤ ਅੰਬਾਲਾ, 24 ਅਕਤੂਬਰ (ਆਰ.ਸਿੰਘ)



ਸ਼੍ਰੀ ਗੁਰੂ ਰਾਮ ਦਾਸ ਵੈੱਲਫੇਅਰ ਸੁਸਾਇਟੀ ਵੱਲੋਂ ਗੁਰੂ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਅੰਬਾਲਾ ਛਾਉਣੀ ਵਿਚ ਨਗਰ ਕੀਰਤਨ ਸਜਾਇਆ ਗਿਆ। ਇਸ ਨਗਰ ਕੀਰਤਨ ਲਈ ਪਾਲਕੀ ਸਾਹਿਬ ਵਿਸ਼ੇਸ਼ ਤੌਰ ਤੇ ਸ਼ਹੀਦ ਬਾਬਾ ਹਨੂਮਾਨ ਸਿੰਘ ਜੀ ਦੇ ਗੁਰਦੁਆਰਾ ਸਾਹਿਬ ਸਿੰਘ ਸ਼ਹੀਦਾਂ ਸੋਹਾਣਾ ਸਾਹਿਬ ਤੋਂ ਲਿਆਂਦੀ ਗਈ।

ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ-ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਇਹ ਨਗਰ ਕੀਰਤਨ ਦੁਪਹਿਰ ਬਾਅਦ 3 ਵਜੇ ਫ਼ਰੂਕਾ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਤੋਂ ਆਰੰਭ ਹੋਇਆ ਅਤੇ ਗੋਲ ਚੱਕਰ, ਰਾਏ ਮਾਰਕੀਟ, ਸਦਰ ਬਾਜ਼ਾਰ, ਕੱਚਾ ਬਾਜ਼ਾਰ, ਸਬਜ਼ੀ ਮੰਡੀ ਅਤੇ ਸ਼ਹਿਰ ਦੇ ਹੋਰ ਮੁੱਖ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਸ਼ਾਮ 7:00 ਵਜੇ ਹਰਗੋ ਲਾਲ ਰੋਡ ਤੇ ਸਥਿਤ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਪਹੁੰਚ ਕੇ ਸੰਪੂਰਨ ਹੋਇਆ। ਇਸ ਨਗਰ ਕੀਰਤਨ ਦੌਰਾਨ ਫ਼ਰੂਕਾ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਬੱਚੇ ਅਤੇ ਉਨ੍ਹਾਂ ਦਾ ਪਾਈਪ ਬੈਂਡ, ਸਿੱਖ ਸੀਨੀਅਰ ਸੈਕੰਡਰੀ ਸਕੂਲ ਦੇ ਬੱਚੇ ਅਤੇ ਪਾਈਪ ਬੈਂਡ, ਨਿਹੰਗ ਸਿੰਘਾਂ ਦਾ ਪਾਈਪ ਬੈਂਡ ਖਿੱਚ ਦਾ ਕੇਂਦਰ ਰਿਹਾ। ਅਨਿਲ ਵਿਜ ਨੇ ਵੀ ਪਹੁੰਚ ਕੇ ਨਗਰ ਕੀਰਤਨ ਵਿੱਚ ਸ਼ਰਧਾ ਨਾਲ ਹਿੱਸਾ ਲਿਆ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਉ ਭੇਟ ਕਰਕੇ ਪਾਲਕੀ ਸਾਹਿਬ ਅੱਗੇ ਮੱਥਾ ਟੇਕਿਆ ਅਤੇ ਗੁਰੂ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ ਦਾ ਜੈਕਾਰਾ ਵੀ ਲਾਇਆ। ਇਸ ਤੋਂ ਪਹਿਲਾਂ ਉਨ੍ਹਾਂ ਦੇ ਪਹੁੰਚਣ 'ਤੇ ਸ਼੍ਰੀ ਰਾਮ ਦਾਸ ਵੈੱਲਫੇਅਰ ਸੁਸਾਇਟੀ ਦੇ ਅਹੁਦੇਦਾਰਾਂ ਪ੍ਰਿੰਸੀਪਲ ਕੇਪੀ ਸਿੰਘ ਅਤੇ ਸੁਦਰਸ਼ਨ ਸਿੰਘ ਸਹਿਗਲ ਨੇ ਮੁੱਖ ਮਹਿਮਾਨ ਦਾ ਸਿਰੋਪਾ ਭੇਟ ਕਰਕੇ ਸਵਾਗਤ ਕੀਤਾ ਅਤੇ ਦੱਸਿਆ ਕਿ ਸ਼੍ਰੀ ਗੁਰੂ ਰਾਮ ਦਾਸ ਜੀ ਮਹਾਰਾਜ ਦੇ ਜਨਮ ਦਿਵਸ ਦੇ ਮੌਕੇ 'ਤੇ ਪਹਿਲੀ ਵਾਰ ਅੰਬਾਲਾ ਛਾਉਣੀ ਵਿੱਚ ਪੰਜ ਪਿਆਰਿਆਂ ਦੀ ਅਗਵਾਈ ਹੇਠ ਇਹ ਨਗਰ ਕੀਰਤਨ ਸਜਾਇਆ ਗਿਆ ਹੈ। ਇਸ ਮੌਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਸੁਦਰਸ਼ਨ ਸਿੰਘ ਸਹਿਗਲ, ਸਾਬਕਾ ਮੈਂਬਰ ਬੀ.ਐਸ ਬਿੰਦਰਾ, ਐਸਜੀਪੀਸੀ ਮੈਂਬਰ ਜਥੇਦਾਰ ਹਰਪਾਲ ਸਿੰਘ ਮਛੌਂਡਾ, ਸਿੱਖ ਸੀਨੀਅਰ ਸੈਕੰਡਰੀ ਸਕੂਲ ਦੇ ਮੈਨੇਜਰ ਜਗਮੀਤ ਸਿੰਘ ਜੋਸ਼, ਰਵੀ ਸਹਿਗਲ, ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਹਰਗੋ ਲਾਲ ਰੋਡ ਦੇ ਪ੍ਰਧਾਨ ਸਰਬਜੀਤ ਸਿੰਘ ਜੌਹਰ, ਜਸਬੀਰ ਜੱਸੀ,ਨਗਰ ਕੌਂਸਲ ਦੀ ਪ੍ਰਧਾਨ ਸਵਰਨ ਕੌਰ, ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਬੀਸੀ ਬਜ਼ਾਰ ਦੇ ਪ੍ਰਧਾਨ ਬ੍ਰਹਮਜੀਤ ਸਿੰਘ ਖ਼ਾਲਸਾ ਆਦਿ ਹਾਜ਼ਰ ਸਨ।

16 ਤੋਂ 30 ਨਵੰਬਰ ਤੱਕ ਹੋਵੇਗੀ ਆਨਲਾਈਨ ਸਵੈ-ਗਣਨਾ; ਪਹਿਲੀ ਦਸੰਬਰ ਤੋਂ 4 ਜਨਵਰੀ ਤੱਕ ਗਣਨਾਕਾਰ ਘਰ-ਘਰ ਜਾ ਕੇ ਕਰਨਗੇ ਆਬਾਦੀ ਦੀ ਗਣਨਾ

- ਵਿਕਾਸ ਯੋਜਨਾਵਾਂ ਦੀ ਪ੍ਰਭਾਵਸ਼ਾਲੀ ਵਿਉਂਤਬੰਦੀ ਲਈ ਸਹੀ ਅੰਕੜੇ ਅਹਿਮ; ਜ਼ਿਲ੍ਹਾ ਵਾਸੀਆਂ ਨੂੰ ਜਨਗਣਨਾ ਅਮਲੇ ਨਾਲ ਸਹਿਯੋਗ ਕਰਨ ਦੀ ਅਪੀਲ

ਸੰਗਰੂਰ, 24 ਅਕਤੂਬਰ (ਪੈ.ਗਾਮ-ਏ-ਜਗਤ)



ਡਿਪਟੀ ਕਮਿਸ਼ਨਰ ਸ਼੍ਰੀਮਤੀ ਪੂਨਮਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਨਗਣਨਾ-2027 ਤਹਿਤ ਆਬਾਦੀ ਦੀ ਗਣਨਾ ਦਾ ਦੂਜਾ ਪੜਾਅ ਪੰਜਾਬ ਵਿੱਚ 16 ਨਵੰਬਰ, 2026 ਤੋਂ ਸ਼ੁਰੂ ਹੋਵੇਗਾ ਅਤੇ 4 ਜਨਵਰੀ, 2027 ਤੱਕ ਜਾਰੀ ਰਹੇਗਾ। ਇਸ ਤਹਿਤ 16 ਤੋਂ 30 ਨਵੰਬਰ, 2026 ਤੱਕ ਲੋਕਾਂ ਨੂੰ ਆਨਲਾਈਨ ਸਵੈ-ਗਣਨਾ ਦੀ ਸਹੂਲਤ ਮਿਲੇਗੀ, ਜਦਕਿ ਪਹਿਲੀ ਦਸੰਬਰ, 2026 ਤੋਂ 4 ਜਨਵਰੀ, 2027 ਤੱਕ ਗਣਨਾਕਾਰ ਘਰ-ਘਰ ਜਾ ਕੇ ਆਬਾਦੀ ਦੀ ਗਣਨਾ ਕਰਨਗੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਨਗਣਨਾ ਰਾਹੀਂ ਪ੍ਰਾਪਤ ਹੋਣ ਵਾਲੇ ਅੰਕੜੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਯੋਜਨਾਵਾਂ ਉਲੀਕਣ ਦਾ ਅਹਿਮ ਆਧਾਰ ਬਣਦੇ ਹਨ। ਸਿੱਖਿਆ, ਸਿਹਤ, ਰਿਹਾਇਸ਼, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਸਬੰਧੀ ਭਵਿੱਖੀ ਵਿਉਂਤਬੰਦੀ ਲਈ ਆਬਾਦੀ ਬਾਰੇ ਸਹੀ ਅਤੇ ਮੁਕੰਮਲ ਜਾਣਕਾਰੀ ਉਪਲਬਧ ਹੋਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਹਰੇਕ ਪਰਿਵਾਰ ਦੀ ਭਾਗੀਦਾਰੀ ਇਸ ਪ੍ਰਕਿਰਿਆ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 16 ਤੋਂ 30 ਨਵੰਬਰ ਤੱਕ ਨਿਰਧਾਰਿਤ ਸਮੇਂ ਦੌਰਾਨ ਜਾਰੀ ਹਦਾਇਤਾਂ ਅਨੁਸਾਰ ਆਨਲਾਈਨ ਸਵੈ-ਗਣਨਾ ਦੀ ਸਹੂਲਤ ਦਾ ਲਾਭ ਲੈਣ। ਆਪਣੇ ਪਰਿਵਾਰ ਦੇ ਵੇਰਵੇ ਦਰਜ ਕਰਦੇ ਸਮੇਂ ਜਾਣਕਾਰੀ ਦੀ ਧਿਆਨ ਨਾਲ ਜਾਂਚ ਕੀਤੀ ਜਾਵੇ ਤਾਂ ਜੋ ਕੋਈ ਵੇਰਵਾ ਗ਼ਲਤ ਜਾਂ ਅਧੂਰਾ ਨਾ ਰਹੇ। ਉਹਨਾਂ ਨੇ ਖ਼ਾਸ ਤੌਰ 'ਤੇ ਸਿੱਖਿਆ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ ਜਨਗਣਨਾ ਵਿੱਚ ਵੱਧ ਚੜ੍ਹ ਕੇ ਸਹਿਯੋਗ ਦਿੱਤਾ ਜਾਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਹਿਲੀ ਦਸੰਬਰ ਤੋਂ ਘਰ-ਘਰ ਆਉਣ ਵਾਲੇ ਅਧਿਕਾਰਤ ਗਣਨਾਕਾਰਾਂ ਨੂੰ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਅਤੇ ਪੁੱਛੇ ਗਏ ਸਵਾਲਾਂ ਦੇ ਸਹੀ ਤੇ ਸਪੱਸ਼ਟ ਜਵਾਬ ਦਿੱਤੇ ਜਾਣ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਹਰੇਕ ਵਿਅਕਤੀ ਦੀ ਗਿਣਤੀ ਯਕੀਨੀ ਬਣਾਉਂਦਿਆਂ ਇਹ ਕਾਰਜ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿ ਆ ਜਾ ਸਕੇਗਾ। ਉਨ੍ਹਾਂ ਪੰਚਾਇਤਾਂ, ਸਥਾਨਕ ਸੰਸਥਾਵਾਂ, ਸਮਾਜ ਸੇਵੀ ਜਥੇਬੰਦੀਆਂ ਅਤੇ ਜਾਗਰੂਕ ਨਾਗਰਿਕਾਂ ਨੂੰ ਵੀ ਸੱਦਾ ਦਿੱਤਾ ਕਿ ਉਹ ਜਨਗਣਨਾ ਦੀ ਮਹੱਤਤਾ ਅਤੇ ਨਿਰਧਾਰਿਤ ਮਿਤੀਆਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ। 'ਸਾਡੀ ਜਨਗਣਨਾ, ਸਾਡਾ ਵਿਕਾਸ' ਦਾ ਸੁਨੇਹਾ ਦਿੰਦਿਆਂ ਉਨ੍ਹਾਂ ਕਿਹਾ ਕਿ ਜਨਗਣਨਾ ਨੂੰ ਸਫ਼ਲ ਬਣਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਹਰੇਕ ਨਾਗਰਿਕ ਸਹੀ ਜਾਣਕਾਰੀ ਦੇ ਕੇ ਭਵਿੱਖ ਦੀਆਂ ਵਿਕਾਸ ਯੋਜਨਾਵਾਂ ਦੀ ਵਿਉਂਤਬੰਦੀ ਵਿੱਚ ਆਪਣਾ ਯੋਗਦਾਨ ਪਾਵੇ।

ਗੁਰੂਗ੍ਰਾਮ ਤੋਂ ਬਾਅਦ ਚੰਡੀਗੜ੍ਹ ਵਿੱਚ ਓਏਸਿਸ ਗਰੁੱਪ ਵੱਲੋਂ 'ਆਗਾਜ਼' ਲਾਂਚ

- ਸ਼ਾਨਦਾਰ ਸਮਾਗਮ ਵਿੱਚ 500 ਤੋਂ ਵੱਧ ਮਹਿਮਾਨਾਂ ਨੇ ਕੀਤੀ ਸ਼ਿਰਕਤ, ਭਾਰਤੀ ਕਲਾ ਅਤੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ 'ਤੇ ਜ਼ੋਰ

ਪੈ.ਗਾਮ-ਏ-ਜਗਤ/ਚੰਡੀਗੜ੍ਹ 24 ਅਕਤੂਬਰ (ਪੈਗਾਮ-ਏ-ਜਗਤ) ਗੁਰੂਗ੍ਰਾਮ ਵਿੱਚ ਸਫਲ ਸ਼ੁਰੂਆਤ ਤੋਂ ਬਾਅਦ ਓਏਸਿਸ ਗਰੁੱਪ ਵੱਲੋਂ ਚੰਡੀਗੜ੍ਹ ਵਿੱਚ ਆਪਣੇ ਬ੍ਰਾਂਡ 'ਆਗਾਜ਼' ਨੂੰ ਇੱਕ ਸ਼ਾਨਦਾਰ ਸਮਾਗਮ ਦੌਰਾਨ ਲਾਂਚ ਕੀਤਾ ਗਿਆ। ਇਸ ਮੌਕੇ ਸ਼ਹਿਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਸਮੇਤ 500 ਤੋਂ ਵੱਧ ਮਹਿਮਾਨਾਂ ਨੇ ਸ਼ਿਰਕਤ ਕੀਤੀ।

ਸਮਾਗਮ ਦੌਰਾਨ ਭਾਰਤੀ ਕਲਾ, ਰਵਾਇਤੀ ਦਸਤਕਾਰੀ ਅਤੇ ਸੱਭਿਆਚਾਰਕ ਵਿਰਾਸਤ ਨੂੰ ਵਿਸ਼ੇਸ਼ ਮਹੱਤਵ ਦਿੱਤਾ ਗਿਆ। ਸ਼ਾਂਤਨੂ ਐਂਡ ਫਰੈਂਡਜ਼ ਦੀ ਸੰਗੀਤਕ ਪੇਸ਼ਕਾਰੀ ਨੇ ਸਮਾਗਮ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ।

ਇਸ ਮੌਕੇ ਓਏਸਿਸ ਗਰੁੱਪ ਦੇ ਚੇਅਰਮੈਨ ਦੀਪ ਮਲਹੋਤਰਾ ਨੇ ਕਿਹਾ ਕਿ 'ਆਗਾਜ਼' ਭਾਰਤੀ ਸੱਭਿਆਚਾਰ, ਪਰੰਪਰਾਵਾਂ ਅਤੇ



ਦਸਤਕਾਰੀ ਤੋਂ ਪ੍ਰੇਰਿਤ ਬ੍ਰਾਂਡ ਹੈ। ਇਸ ਦਾ ਉਦੇਸ਼ ਭਾਰਤੀ ਵਿਰਾਸਤ ਨੂੰ ਆਧੁਨਿਕ ਸੋਚ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਵਿੱਚ ਬ੍ਰਾਂਡ ਦੀ ਸ਼ੁਰੂਆਤ ਕਾਰੋਬਾਰੀ ਵਿਸਥਾਰ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਗਰੁੱਪ ਦੇ ਡਾਇਰੈਕਟਰ ਗੌਰਵ ਮਲਹੋਤਰਾ ਅਤੇ ਗੌਤਮ ਮਲਹੋਤਰਾ ਨੇ ਕਿਹਾ ਕਿ 'ਮੇਕ ਇਨ ਇੰਡੀਆ' ਮੁਹਿੰਮ ਦੇਸ਼ ਦੀ ਪ੍ਰਤਿਭਾ, ਰਚਨਾਤਮਕਤਾ ਅਤੇ ਦਸਤਕਾਰੀ ਨੂੰ ਨਵੀਂ ਪਛਾਣ ਦੇਣ ਦਾ ਉਪਰਾਲਾ ਹੈ। ਉਨ੍ਹਾਂ ਪਰਿਵਾਰਕ ਰਿਸ਼ਤਿਆਂ ਅਤੇ ਸਮਾਜਿਕ ਸਾਂਝ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਕੰਪਨੀ ਅਨੁਸਾਰ, ਗਰੁੱਪ ਦੇ ਪ੍ਰਮੁੱਖ ਬ੍ਰਾਂਡ 'ਆਲ ਸੀਜ਼ਨਜ਼' ਦੇ ਦੇਸ਼ ਭਰ ਵਿੱਚ 2.5 ਕਰੋੜ ਤੋਂ ਵੱਧ ਕੇਸ ਵਿਕ ਚੁੱਕੇ ਹਨ। ਓਏਸਿਸ ਗਰੁੱਪ ਹੁਣ ਨਵੇਂ ਬਾਜ਼ਾਰਾਂ ਵਿੱਚ 'ਆਗਾਜ਼' ਦੀ ਪਛਾਣ ਮਜ਼ਬੂਤ ਕਰਨ ਵੱਲ ਅੱਗੇ ਵਧ ਰਿਹਾ ਹੈ।


ਊਰਜਾ ਮੰਤਰੀ ਅਨਿਲ ਵਿਜ ਨੇ ਵਾਲਮੀਕੀ ਮੰਦਰ ਵਿਖੇ ਮੱਥਾ ਟੇਕਿਆ

ਪੈ.ਗਾਮ-ਏ-ਜਗਤ/ਅੰਬਾਲਾ, 24 ਅਕਤੂਬਰ (ਆਰ.ਸਿੰਘ) ਮਹਾਰਿਸ਼ੀ ਵਾਲਮੀਕੀ ਦੇ ਪ੍ਰਗਟ ਦਿਵਸ ਨੂੰ ਮਨਾਉਣ ਲਈ ਵਾਲਮੀਕੀ ਫਰੰਟ ਸਭਾ ਵੱਲੋਂ ਅੱਜ ਸ਼ਾਮ ਨੂੰ ਅੰਬਾਲਾ ਛਾਉਣੀ ਦੇ ਪ੍ਰਗਤੀ ਵਿਹਾਰ ਵਿਖੇ ਇੱਕ ਜਲੂਸ ਕੱਢਿਆ ਗਿਆ ਜਿਸ ਵਿਚ ਹਰਿਆਣਾ ਦੇ ਊਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ ਮੁੱਖ ਮਹਿਮਾਨ ਵਜੋਂ ਸ਼ਾਮਲ



ਹੋਏ। ਵਿਜ ਨੇ ਪ੍ਰਗਤੀ ਵਿਹਾਰ ਦੇ ਭਗਵਾਨ ਵਾਲਮੀਕੀ ਮੰਦਰ ਕੰਪਲੈਕਸ ਵਿੱਚ ਸ਼੍ਰੀ ਨਰਮਦੇਸ਼ਵਰ ਮਹਾਦੇਵ ਅਤੇ ਮਹਾਰਿਸ਼ੀ ਵਾਲਮੀਕੀ ਦੀਆਂ ਮੂਰਤੀਆਂ ਅੱਗੇ ਮੱਥਾ ਟੇਕਿਆ ਅਤੇ ਭਗਵਾਨ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਉਨ੍ਹਾਂ ਨੇ ਪ੍ਰਗਟ ਦਿਵਸ ਦੀਆਂ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇਸ ਤੋਂ ਪਹਿਲਾਂ ਉੱਥੇ ਪਹੁੰਚਣ 'ਤੇ ਊਰਜਾ ਮੰਤਰੀ ਦਾ ਮੰਦਰ ਪ੍ਰਬੰਧਨ ਕਮੇਟੀ, ਵਾਲਮੀਕੀ ਫਰੰਟ ਸਭਾ ਅਤੇ ਹੋਰਾਂ ਵੱਲੋਂ ਹਾਰ ਪਾ ਕੇ ਸਵਾਗਤ ਕੀਤਾ ਗਿਆ। ਇਸ ਮੌਕੇ 'ਤੇ ਊਰਜਾ ਮੰਤਰੀ ਨੇ ਪ੍ਰਗਤੀ ਵਿਹਾਰ ਵਿੱਚ ਮਹਾਰਿਸ਼ੀ ਵਾਲਮੀਕੀ ਧਰਮਸ਼ਾਲਾ ਦੇ ਨਿਰਮਾਣ ਲਈ ਵਾਲਮੀਕੀ ਫਰੰਟ ਸਭਾ ਨੂੰ ਆਪਣੇ ਸਵੈ-ਇੱਛਿਤ ਫੰਡ ਵਿੱਚੋਂ 25 ਲੱਖ ਰੁਪਏ ਦਾਨ ਕਰਨ ਦਾ ਐਲਾਨ ਕੀਤਾ। ਊਰਜਾ ਮੰਤਰੀ ਨੇ ਇਸ ਮੌਕੇ 'ਤੇ ਮੌਜੂਦ ਸਾਰਿਆਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਸਾਨੂੰ ਮਹਾਰਿਸ਼ੀ ਵਾਲਮੀਕੀ ਦੁਆਰਾ ਦਿੱਤੀਆਂ ਸਿੱਖਿਆਵਾਂ ਅਤੇ ਸਿਧਾਂਤਾਂ ਦੀ ਪਾਲਣਾ ਕਰਕੇ ਆਪਣੇ ਜੀਵਨ ਨੂੰ ਸਾਰਥਿਕ ਬਣਾਉਣਾ ਹੈ। ਪ੍ਰੋਗਰਾਮ ਦੌਰਾਨ ਸਭਾ ਦੇ ਅਹੁਦੇਦਾਰਾਂ ਨੇ ਮੁੱਖ ਮਹਿਮਾਨ ਦਾ ਸਤਿਕਾਰ ਦੇ ਪ੍ਰਤੀਕ ਵਜੋਂ ਪੱਗ ਬੰਨ੍ਹ ਕੇ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸ਼ਾਨਦਾਰ ਸਵਾਗਤ ਕੀਤਾ। ਇਸ ਮੌਕੇ 'ਤੇ ਨਗਰ ਕੌਂਸਲ ਦੇ ਉਪ ਪ੍ਰਧਾਨ ਲਲਿਤਾ ਪ੍ਰਸਾਦ, ਮੰਦਰ ਪ੍ਰਬੰਧਕ ਕਮੇਟੀ ਵਾਲਮੀਕੀ ਫਰੰਟ ਸਭਾ ਅੰਬਾਲਾ ਦੇ ਪ੍ਰਧਾਨ ਹਿਤੇਸ਼ ਹਨੀ, ਉਪ ਪ੍ਰਧਾਨ ਕਾਲਾ ਜੀ, ਹੀਰੋ ਲਾਲ ਪਹਿਲਵਾਨ, ਕੌਂਸਲਰ ਗੌਰਵ ਸੈਣੀ, ਕੌਂਸਲਰ ਸ਼ਿਆਮ ਸੁੰਦਰ, ਐਸਸੀ ਮੋਰਚਾ ਦੇ ਪ੍ਰਧਾਨ ਮਹਿੰਦਰ, ਭਾਜਪਾ ਨੇਤਾ ਆਰਤੀ ਸਹਿਗਲ ਅਤੇ ਸਭਾ ਦੇ ਹੋਰ ਮੈਂਬਰ ਤੇ ਪਤਵੰਤੇ ਮੌਜੂਦ ਸਨ।

ਵਿਅੰਗ/ਕਾਨੂੰਨ



ਮੀਟ ਦੀ ਦੁਕਾਨ ਵਿੱਚ ਇੱਕ ਦਿਨ ਮੁਰਗਾ ਬੱਕਰੇ ਨੂੰ ਕਹਿਣ ਲੱਗਿਆ, 'ਵੱਡੇ ਭਾਈ ਕੀ ਆਪਾਂ ਜਾਨਵਰ ਨਹੀਂ ਹਾਂ'?

ਤਾਂ ਬੱਕਰਾ ਹੱਸ ਕੇ ਕਹਿੰਦਾ, 'ਤੈਨੂੰ ਕੀ ਸ਼ੱਕ ਪੈ ਗਿਆ, ਬਈ ਆਪਾਂ ਜਾਨਵਰ ਨਹੀਂ?

ਮੁਰਗਾ ਕਹਿੰਦਾ, ਸ਼ੱਕ ਏਸ ਲਈ ਪੈ ਗਿਆ ਬਈ ਕਾਨੂੰਨ ਵਿੱਚ ਤਾਂ ਲਿਖਿਐ ਕਿ ਜਾਨਵਰ ਮਾਰਨਾ ਮਨਾ ਹੈ। ਫ਼ੇਰ ਇਹ ਕਾਨੂੰਨ ਸਾਰਿਆਂ ਲਈ ਇੱਕੋ ਜਿਹਾ ਕਿਉਂ ਨਹੀਂ! ਵੱਡੇ ਭਾਈ ਰੱਬ ਕਿਸੇ ਨੂੰ ਆਪਣੇ ਵਾਲੀ ਜੂਨ 'ਚ ਨਾ ਪਾਵੇ'। ਬੱਕਰਾ ਕਹਿੰਦਾ, 'ਛੋਟੇ ਭਾਈ ਮੈਂ ਤਾਂ ਇਸ ਗੱਲ ਤੇ ਖੁਸ਼ ਹਾਂ ਕਿ ਅਗਲੇ ਆਪਾਂ ਨੂੰ ਮਾਰਨ ਤੋਂ ਪਹਿਲਾਂ ਖਵਾ ਖਵਾ ਕੇ ਮੋਟਾ ਵੀ ਤਾਂ ਕਰਦੇ ਐ, ਤੂੰ ਪੋਜ਼ਟਿਵ ਸੋਚਿਆ ਕਰ ਯਾਰ। ਮੇਰੇ ਵੱਲ ਵੇਖ, ਕਿਵੇਂ ਪੁੱਠੀਆਂ ਸਿੱਧੀਆਂ ਛਾਲਾਂ ਮਾਰਦਾ ਰਹਿਨੈਂ। ਜਿੰਨੇ ਦਿਨ ਹੈਗੇ ਐਂ ਓਨੇ ਦਿਨ ਤਾਂ ਖੁਸ਼ੀ ਨਾਲ ਜਿਉਂ ਲਈਏ ਯਾਰ। ਐਵੇਂ ਨਾ ਦਿਲ ਸਿੱਟਿਆ ਕਰ। ਚੱਲ ਦੇਦੇ ਵਾਂਗ ਫਿਰ ਉੱਚੀ ਦੇਣੇ ਦੇਖੀ ਜਾਊ'। ਵਾਂਗ ਸੁਣਦੇ ਸਾਰ ਹੀ ਗਾਹਕ ਨੇ ਮੀਟ ਵਾਲੇ ਦੁਕਾਨਦਾਰ ਨੂੰ ਕਿਹਾ ਉਹ ਵਾਂਗ ਵਾਲਾ ਮੁਰਗਾ ਚੁੱਕ ਲਿਆ।




ਰਮੇਸ਼ ਐਮ.ਐਮ.
ਰੀਵਿਊ ਕਰਤਾ :
ਹਾਸ-ਵਿਅੰਗਕਾਰ, ਬਠਿੰਡਾ

ਭਾਸ਼ਾ ਵਿਭਾਗ, ਪੰਜਾਬ ਵੱਲੋਂ ਹਿੰਦੀ ਸਾਹਿਤ ਸਿਰਜਣ ਮੁਕਾਬਲੇ 2026 ਦਾ ਆਯੋਜਨ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 24 ਅਕਤੂਬਰ (ਪੈ.ਗਾਮ-ਏ-ਜਗਤ) ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਅਤੇ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਸ. ਜਸਵੰਤ ਸਿੰਘ ਜ਼ਫ਼ਰ ਦੇ ਦਿਸ਼ਾ-ਨਿਰਦੇਸ਼ ਹੇਠ ਦਫ਼ਤਰ ਸਹਾਇਕ ਡਾਇਰੈਕਟਰ, ਪੰਜਾਬੀ ਸੈੱਲ, ਚੰਡੀਗੜ੍ਹ ਵੱਲੋਂ ਚੰਡੀਗੜ੍ਹ ਵਿਖੇ ਸਥਿਤ ਸਰਕਾਰੀ, ਅਰਧ-ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਦੇ ਹਿੰਦੀ ਸਾਹਿਤ ਸਿਰਜਣ ਅਤੇ ਕਾਵਿ ਗਾਇਨ ਮੁਕਾਬਲੇ ਕਲ੍ਹ ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ (ਸ਼ੌਰਿਆ ਚੱਕਰ) ਸਰਕਾਰੀ ਕਾਲਜ, ਫੇਜ਼-06, ਮੋਹਾਲੀ ਦੇ ਸਹਿਯੋਗ ਨਾਲ ਕਾਲਜ ਦੇ ਸਟੂਡੈਂਟ ਸੈਂਟਰ ਵਿਖੇ ਕਰਵਾਏ ਗਏ।

ਸਹਾਇਕ ਡਾਇਰੈਕਟਰ ਸ੍ਰੀਮਤੀ




ਸੁਰਿੰਦਰ ਕੌਰ ਦੀ ਅਗਵਾਈ ਹੇਠ ਕਰਵਾਏ ਇਨ੍ਹਾਂ ਮੁਕਾਬਲਿਆਂ ਦਾ ਮੁੱਖ ਉਦੇਸ਼ ਸਕੂਲੀ ਵਿਦਿਆਰਥੀਆਂ ਦੀਆਂ ਸਾਹਿਤਕ ਅਤੇ ਕਲਾਤਮਕ ਰੁਚੀਆਂ ਨੂੰ ਪ੍ਰਫੁੱਲਤ ਕਰਨਾ ਹੈ। ਖੋਜ ਅਫ਼ਸਰ ਜਗਦੀਪ ਜੋਤ ਨੇ ਮੰਚ ਸੰਚਾਲਨ ਕਰਦਿਆਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਅਧਿਆਪਕਾਂ ਅਤੇ ਜੱਜ ਸਾਹਿਬਾਨਾਂ ਦਾ ਨਿੱਘਾ ਸਵਾਗਤ ਕਰਦਿਆਂ ਜੀ ਆਇਆਂ ਨੂੰ ਕਿਹਾ ਅਤੇ ਵਿਭਾਗ ਦੀ ਸਾਹਿਤ ਨੂੰ ਪ੍ਰਫੁੱਲਤ ਕਰਨ ਦੀ ਕਾਰਜਸ਼ੈਲੀ ਬਾਰੇਜਾਣਕਾਰੀ ਦਿੱਤੀ।

ਖੋਜ ਅਫ਼ਸਰ ਡਾ. ਜਗਰੀਤ ਕੌਰ ਸੰਧੂ ਨੇ ਵਿਦਿਆਰਥੀਆਂ ਨੂੰ ਮੁਕਾਬਲਿਆਂ ਦੇ ਵੱਖ-ਵੱਖ ਨਿਯਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਅਤੇ ਵਿਦਿਆਰਥੀਆਂ ਨੂੰ ਸਵਰਨਜੀਤ ਸਵੀ ਦੀ ਲਿਖੀ ਕਵਿਤਾ ਸੁਣਾ ਕੇ ਆਪਣੀ ਮਾਤ ਭਾਸ਼ਾ ਨਾਲ ਰਹਿਣ ਦੀ ਤਾਕੀਦ ਕੀਤੀ। ਮੁਕਾਬਲਿਆਂ ਵਿੱਚ ਪਹਿਲਾ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਮੂਹ ਜੱਜਾਂ ਅਤੇ ਖੋਜ ਅਫ਼ਸਰ ਡਾ. ਜਗਰੀਤ ਕੌਰ ਸੰਧੂ ਅਤੇ ਸ੍ਰੀਮਤੀ ਜਗਦੀਪ ਜੋਤ ਵੱਲੋਂ ਇਨਾਮ ਤਕਸੀਮ ਕੀਤੇ ਗਏ। ਵਿਦਿਆਰਥੀਆਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ। ਇਨ੍ਹਾਂ ਮੁਕਾਬਲਿਆਂ ਦੀ ਨਿਰਪੱਖ ਜੱਜਮੈਂਟ ਵਿਸ਼ੇਸ਼ ਸ਼ਖ਼ਸੀਅਤਾਂ ਡਾ. ਮਮਤਾ ਕਾਲੜਾ, ਡਾ. ਛੀਨੂੰ ਵਾਲੀਆ, ਡਾ. ਅਲਕਾ ਵੱਲੋਂ ਕੀਤੀ ਗਈ। ਜੱਜਾਂ ਵੱਲੋਂ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਭਾਗ ਲੈ ਰਹੇ ਸਾਰੇ ਵਿਦਿਆਰਥੀਆਂ ਦੁਆਰਾ ਲਿਖੇ ਲੇਖ, ਕਹਾਣੀ, ਕਵਿਤਾ, ਅਤੇ ਕੀਤੇ ਗਏ ਕਾਵਿ ਗਾਇਨ ਦੀ ਪ੍ਰਸ਼ੰਸਾ ਕੀਤੀ ਗਈ। ਸਮਾਗਮ ਦੀ ਸਫ਼ਲਤਾ ਵਾਸਤੇ ਸ੍ਰੀ ਬਲਦੇਵ ਸਿੰਘ ਇਨਸਟਰਕਟਰ, ਸ੍ਰੀ ਗੁਰਵਿੰਦਰ ਸਿੰਘ ਜੂਨੀਅਰ ਸਹਾਇਕ ਅਤੇ ਸਮੂਹ ਸਟੈਨੋਗ੍ਰਾਫੀ ਵਿਦਿਆਰਥੀਆਂ ਦਾ ਵਿਸ਼ੇਸ਼ ਯੋਗਦਾਨ ਰਿਹਾ।

ਚਰਨਜੀਤ ਕੌਰ ਗਿੱਲ ਪੰਜਾਬ ਫੁੱਟਬਾਲ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਬਣੇ

ਪੈ.ਗਾਮ-ਏ-ਜਗਤ ਹੁਸ਼ਿਆਰਪੁਰ (ਦਲਜੀਤ ਅਜਨੋਹਾ) ਪੰਜਾਬ ਫੁੱਟਬਾਲ ਐਸੋਸੀਏਸ਼ਨ ਦੀ ਹੋਈ ਚੋਣ ਵਿੱਚ ਜਿਲਾ ਹੁਸ਼ਿਆਰਪੁਰ ਦੀ ਸਪੋਰਟਸ ਪਰਸਨ ਆਫ ਆਊਟਸਟੇਂਡਿੰਗ ਮੈਰਿਟ ਕੈਟਾਗਰੀ ਚ ਫੁੱਟਬਾਲ ਖਿਡਾਰਨ ਚਰਨਜੀਤ ਕੌਰ ਗਿੱਲ ਨੈਸ਼ਨਲ ਗੋਲ?ਡ ਮੈਡਲਿਸਟ ਪਿੰਡ ਖੜੌਦੀ ਨੂੰ ਪੀ ਐਫ ਏ ਦੀ ਮੀਤ ਪ੍ਰਧਾਨ ਵਜੋਂ ਨਿਯੁਕਤ ਹੋਣ ਤੇ ਸਾਰੇ ਜਿਲੇ ਦੇ ਫੁੱਟਬਾਲ ਪ੍ਰੇਮੀਆਂ , ਖਿਡਾਰੀਆਂ ਤੇ ਜ਼ਿਲੇ ਦੇ ਫੁੱਟਬਾਲ ਕਲੱਬਾਂ ਦੇ ਅਹੁਦੇਦਾਰਾਂ ਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਨਿਯੁਕਤੀ ਪੱਤਰ ਦਿੰਦਿਆਂ ਰਿਟਰਨਿੰਗ ਅਫਸਰ ਸਾਬਕਾ ਏ ਡੀ ਸੀ ਅਵਤਾਰ ਸਿੰਘ ਭੁੱਲਰ , ਜੇ ਸੀ ਟੀ ਦੇ ਮਾਲਕ ਸਮੀਰ ਥਾਪਰ ਅਤੇ ਟਿੱਕਾ ਸਤਰੂਜੀਤ ਸਿੰਘ ਕਪੂਰਥਲਾ ਨੇ ਆਪਣੇ ਸੰਬੋਧਨ ਵਿੱਚ ਆਲ ਇੰਡੀਆ ਫੁੱਟਬਾਲ ਫੈਡਰੇਸ਼ਨ ਅਤੇ ਪੰਜਾਬ ਫੁੱਟਬਾਲ ਐਸੋਸੀਏਸ਼ਨ ਦੀ ਇਸ ਗੱਲ ਤੋਂ ਸਰਾਹਨਾ ਕੀਤੀ ਕਿ ਫੁੱਟਬਾਲ ਖਿਡਾਰਨਾਂ ਨੂੰ ਕਮੇਟੀ ਵਿੱਚ ਲੈ ਕੇ ਆਉਣ ਨਾਲ



ਸਾਡੀਆਂ ਬੱਚੀਆਂ ਵਿੱਚ ਖੇਡਣ ਦੀ ਹੋਰ ਇੱਛਾ ਸ਼ਕਤੀ ਪੈਦਾ ਹੋਵੇਗੀ ਕਿ ਅਸੀਂ ਵੀ ਇਸ ਮੁਕਾਮ ਤੱਕ ਪਹੁੰਚਣਾ ਹੈ ਜਿਕਰਯੋਗ ਹੈ ਚਰਨਜੀਤ ਕੌਰ ਗਿੱਲ ਉੱਘੇ ਫੁੱਟਬਾਲ ਖੇਡ ਪ੍ਰਮੋਟਰ ਜਥੇਦਾਰ ਇਕਬਾਲ ਸਿੰਘ ਖੇੜਾ ਦੀ ਭੈਣ ਆ ਇਸ ਨਿਯੁਕਤੀ ਤੇ ਖੁਸ਼ੀ ਜ਼ਾਹਰ ਕਰਦਿਆਂ ਹਰਪ੍ਰੀਤ ਸਿੰਘ ਬੈਂਸ ਮਾਹਿਲਪੁਰ, ਨਿਰਮਲ ਸਿੰਘ ਭੀਲੋਵਾਲ, ਲਖਵੀਰ ਸਿੰਘ ਡਾਨਸੀਵਾਲ, ਰਿਟਾਇਰ ਡੀ ਐਸ ਓ ਝਰਮਲ ਸਿੰਘ, ਕੋਚ ਬੰਧਨ ਸਿੰਘ, ਪ੍ਰਿੰਸੀਪਲ ਜਗਮੋਹਣ ਸਿੰਘ ਡਾਂਡੀਆਂ, ਜਸਵੀਰ ਸਿੰਘ ਭੱਟੀ , ਪ੍ਰਿੰਸੀਪਲ ਸੁਖਇੰਦਰ ਸਿੰਘ ਬੱਡੋਂ , ਸੰਜੀਵ ਕੁਮਾਰ ਪਚਨੰਗਲ , ਸਰਵਿੰਦਰ ਸਿੰਘ ਠੀਂਡਾ , ਕੁਲਵੰਤ ਸਿੰਘ ਗਿੱਲ ਪ੍ਰਧਾਨ ਗੁਰੂ ਕੀ ਰਸੋਈ ਖੈਰੜ ਅੱਛਰੋਵਾਲ, ਜਗਮੋਹਣ ਸਿੰਘ ਹਵੇਲੀ , ਜਸਕਮਲ ਸਿੰਘ ਢਾਡਾ ਕਲਾਂ , ਰਵਿੰਦਰਪਾਲ ਸਿੰਘ ਰਾਏ , ਡਾਕਟਰ ਹਰਵਿੰਦਰ ਸਿੰਘ ਬਾਠ , ਐਡਵੋਕੇਟ ਜਸਵੀਰ ਸਿੰਘ ਰਾਏ , ਮੇਜਰ ਸਿੰਘ ਸਹੋਤਾ, ਸਰਬਜੀਤ ਸਿੰਘ ਸਹੋਤਾ , ਪਰਮਜੀਤ ਸਿੰਘ ਬਾਹੋਵਾਲ, ਇੰਜ: ਤਰਲੋਚਨ ਸਿੰਘ ਸੰਧੂ , ਸਤਨਾਮ ਸਿੰਘ ਬੰਟੀ ਚੱਗਰਾਂ , ਸੁਖਵਿੰਦਰ ਸਿੰਘ ਗਿੱਲ, ਤਰਸੇਮ ਭਾਅ , ਸਰਪੰਚ ਬਲਵਿੰਦਰ ਸਿੰਘ ਬੈਂਸ, ਪ੍ਰਿੰਸੀਪਲ ਰਾਮ ਮੂਰਤੀ ਹੁਸ਼ਿਆਰਪੁਰ, ਬੂਟਾ ਸਿੰਘ ਕੋਟ, ਤਰਲੋਚਨ ਸਿੰਘ ਸਕਰੂਲੀ , ਬਲਕਾਰ ਸਿੰਘ ਸੰਘਾ , ਜਥੇਦਾਰ ਲੱਖਾ ਸਿੰਘ ਪਾਲਦੀ ,ਪਰਮਜੀਤ ਸਿੰਘ ਰੱਕੜ , ਕੁਲਦੀਪ ਸਿੰਘ ਨੰਗਲ ਕਲਾਂ, ਜਸਵਿੰਦਰ ਸਿੰਘ ਹਵੇਲੀ , ਪਰਮਜੀਤ ਸਿੰਘ ਪੰਜੌੜ ,ਹਰਜਿੰਦਰ ਸਿੰਘ ਖ਼ਾਲਸਾ, ਸਰਪੰਚ ਜਰਨੈਲ ਸਿੰਘ ਪੱਦੀ ਸੂਰਾ ਸਿੰਘ, ਰਾਜਵਿੰਦਰ ਸਿੰਘ ਪੰਚ , ਅਮਰੀਕ ਸਿੰਘ ਪੰਚ , ਜਸਕੀਰਤ ਸਿੰਘ ਪੰਚ , ਹਰਵਿੰਦਰ ਸਿੰਘ ਪੂਨੀਆਂ, ਫੌਜੀ ਰਤਨ ਸਿੰਘ, ਸੁਰਜੀਤ ਸਿੰਘ, ਅਸ਼ਵਨੀ ਪਦਰਾਣਾ ,ਜਤਿੰਦਰ ਸਿੰਘ ਬੇਦੀ , ਇੰਦਰਜੀਤ ਸਿੰਘ ਗੋਂਦਪੁਰ , ਪਰਮਜੀਤ ਸਿੰਘ ਰੱਕੜ, ਬਲਜਿੰਦਰ ਸਿੰਘ ਬੈਂਸ , ਕੁਲਵੰਤ ਸਿੰਘ ਬੈਂਸ , ਅੰਮ੍ਰਿਤਪਾਲ ਸਿੰਘ ਬੈਂਸ, ਸਤਵੀਰ ਸਿੰਘ ਨੰਗਲ , ਗੁਰਜਿੰਦਰ ਸਿੰਘ ਗੋਗਾ ਸਹਾਲਾ ਕਲਾਂ। ਸੁਖਵਿੰਦਰ ਸਿੰਘ ਸੁੱਖਾ ਸਰਪੰਚ ਸਹਾਲਾ , ਅਮਨਦੀਪ ਸਿੰਘ ਬੈਂਸ ਗੜ੍ਹਸੰਕਰ , ਨਿਰਵੈਲ ਸਿੰਘ ਭਾਰਟਾ , ਲਖਵੀਰ ਸਿੰਘ ਗਣੇਸ਼ਪੁਰ ਨੇ ਚਰਨਜੀਤ ਕੌਰ ਗਿੱਲ ਨੂੰ ਵਧਾਈ ਦਿੱਤੀ।

ਵਿਸ਼ੇਸ਼ ਵੋਟਰ ਰਜਿਸਟ੍ਰੇਸ਼ਨ ਕੈਂਪਾਂ ਦੌਰਾਨ ਜ਼ਿਲ੍ਹਾ ਸਵੀਪ ਟੀਮ ਵੱਲੋਂ ਨੌਜਵਾਨਾਂ ਨੂੰ ਵੋਟ ਬਣਵਾਉਣ ਲਈ ਕੀਤਾ ਗਿਆ ਉਤਸ਼ਾਹਿਤ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 24 ਅਕਤੂਬਰ (ਪੈ.ਗਾਮ-ਏ-ਜਗਤ) ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਦੀ ਅਗਵਾਈ ਹੇਠ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਅੱਜ ਬਾਅਦ ਦੁਪਹਿਰ 3 ਵਜੇ ਤੋਂ ਸ਼ਾਮ 5 ਵਜੇ ਤੱਕ ਲਗਾਏ ਗਏ ਵਿਸ਼ੇਸ਼ ਵੋਟਰ ਰਜਿਸਟ੍ਰੇਸ਼ਨ ਕੈਂਪਾਂ ਦੌਰਾਨ ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ. ਗੁਰਬਖਸ਼ੀਸ ਸਿੰਘ ਅਨਟਾਲ ਵੱਲੋਂ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਲੋਕਾਂ ਨੂੰ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਉਣ ਲਈ ਜਾਗਰੂਕ ਅਤੇ ਉਤਸ਼ਾਹਿਤ ਕੀਤਾ ਗਿਆ। ਇਸ ਦੌਰਾਨ ਖ਼ਾਸ ਤੌਰ 'ਤੇ ਨੌਜਵਾਨਾਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਨੌਜਵਾਨਾਂ ਨੂੰ ਆਪਣੀ ਵੋਟ ਬਣਵਾਉਣ ਲਈ ਪ੍ਰੇਰਿਤ ਕੀਤਾ ਗਿਆ। ਜ਼ਿਲ੍ਹਾ ਸਵੀਪ ਟੀਮ ਦੇ ਇੰਚਾਰਜ ਅਤੇ ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਪ੍ਰੋਫੈਸਰ



ਗੁਰਬਖਸ਼ੀਸ਼ ਸਿੰਘ ਅੰਟਾਲ ਨੇ ਡੇਰਾਬੱਸੀ ਅਤੇ ਜ਼ੀਰਕਪੁਰ ਖੇਤਰ ਦੇ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ ਕੀਤਾ। ਇਸ ਦੌਰਾਨ ਐਂਜਲ ਪਬਲਿਕ ਸਕੂਲ, ਜ਼ੀਰਕਪੁਰ ਵਿਖੇ ਬੂਥ ਨੰਬਰ 108, 109 ਅਤੇ 110 ਅਤੇ ਜੀ.ਐੱਸ. ਮੈਮੋਰੀਅਲ ਪਬਲਿਕ ਸਕੂਲ, ਜ਼ੀਰਕਪੁਰ ਵਿਖੇ ਬੂਥ ਨੰਬਰ 143, 144 ਅਤੇ 145 ਸਮੇਤ ਹੋਰ ਬੂਥਾਂ 'ਤੇ ਜਾ ਕੇ ਵੋਟਰਾਂ ਨਾਲ ਗੱਲਬਾਤ ਕੀਤੀ ਗਈ ਅਤੇ ਨੌਜਵਾਨਾਂ ਨੂੰ ਵੋਟਰ ਵਜੋਂ ਰਜਿਸਟਰ ਹੋਣ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ ਡੇਰਾਬੱਸੀ ਖੇਤਰ ਦੇ ਹੋਰ ਪੋਲਿੰਗ ਬੂਥਾਂ ਦਾ ਵੀ ਦੌਰਾ ਕੀਤਾ ਗਿਆ।

ਕੈਂਪਾਂ ਦੌਰਾਨ ਕਈ ਅਜਿਹੇ ਵੋਟਰ ਵੀ ਪਹੁੰਚੇ, ਜਿਨ੍ਹਾਂ ਨੇ ਆਪਣੀ ਵੋਟ ਇੱਕ ਥਾਂ ਤੋਂ ਦੂਜੀ ਥਾਂ ਤਬਦੀਲ ਕਰਵਾਉਣੀ ਸੀ। ਅਜਿਹੇ ਵੋਟਰਾਂ ਨੂੰ ਸਹੂਲਤ ਪ੍ਰਦਾਨ ਕਰਦਿਆਂ ਮੌਕੇ 'ਤੇ ਹੀ ਫਾਰਮ ਨੰਬਰ 8 ਭਰਨ ਦੀ ਪ੍ਰਕਿਰਿਆ ਵਿੱਚ ਸਹਾਇਤਾ ਕੀਤੀ ਗਈ।

ਇਸ ਮੌਕੇ ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਜਿਹੜੇ ਨੌਜਵਾਨ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਹਨ, ਉਹ ਆਪਣੀ ਵੋਟ ਜ਼ਰੂਰ ਬਣਵਾਉਣ ਅਤੇ ਲੋਕਤੰਤਰ ਦੀ ਮਜ਼ਬੂਤੀ ਵਿੱਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਯੋਗ ਨੌਜਵਾਨ ਵੋਟਰ ਹੈਲਪਲਾਈਨ ਐਪ ਅਤੇ ਚੋਣ ਕਮਿਸ਼ਨ ਦੇ 539 Net ਪੋਰਟਲ ਰਾਹੀਂ ਵੀ ਵੋਟਰ ਰਜਿਸਟ੍ਰੇਸ਼ਨ ਲਈ ਅਰਜ਼ੀ ਦੇ ਸਕਦੇ ਹਨ।ਇਸ ਮੌਕੇ ਪਹਿਲੀ ਵਾਰ ਵੋਟਰ ਵੱਜੋਂ ਰਜਿਸਟਰ ਹੋਣ ਵਾਲੀ ਨੌਜਵਾਨ ਸੋਮਿਆ ਸ਼ਰਮਾ ਚਿਤਕਾਰਾ ਯੂਨੀਵਰਸਿਟੀ ਵਾਸੀ ਜ਼ੀਰਕਪੁਰ ਨੇ ਵੀ ਨੌਜਵਾਨਾਂ ਨੂੰ ਵੋਟਰ ਵੱਜੋਂ ਰਜਿਸਟਰ ਕਰਵਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਵੋਟਰ ਰਜਿਸਟ੍ਰੇਸ਼ਨ ਸਬੰਧੀ ਜਾਗਰੂਕਤਾ ਪੈਦਾ ਕਰਨਾ ਅਤੇ ਹਰ ਯੋਗ ਨਾਗਰਿਕ ਨੂੰ ਵੋਟ ਦੇ ਅਧਿਕਾਰ ਨਾਲ ਜੋੜਨਾ ਜ਼ਿਲ੍ਹਾ ਸਵੀਪ ਟੀਮ ਦਾ ਮੁੱਖ ਉਦੇਸ਼ ਹੈ।

ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਬਣਨ ਤੇ ਗੁਰਵੀਰ ਸਿੰਘ ਬਰਾੜ ਦਾ ਵਿਸ਼ੇਸ਼ ਤੌਰ ਸਨਮਾਨ

ਪੈ.ਗਾਮ-ਏ-ਜਗਤ ਹੁਸ਼ਿਆਰਪੁਰ (ਦਲਜੀਤ ਅਜਨੋਹਾ) ਇੰਜਨੀਅਰ ਸ ਗੁਰਵੀਰ ਸਿੰਘ ਬਰਾੜ ਉੱਘੇ ਸਿੱਖ ਵਿਦਵਾਨ ਜੋਂ ਇਸ ਵਕਤ' ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ ਕਾਰਜਕਾਰੀ ਡਾਇਰੈਕਟਰ' ਵਜੋਂ ਸ਼ਲਾਘਾਯੋਗ ਸੇਵਾਵਾਂ ਨਿਭਾ ਰਹੇ ਹਨ ਤੇ ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਚੁਣੇ ਜਾਣ ਨਾਲ, ਸੁਸਾਇਟੀ ਵਿਦਿਆ ਦੇ ਖੇਤਰ ਵਿਚ ਪ੍ਰਭਾਵਸ਼ਾਲੀ ਅਤੇ ਉਸਾਰੂ ਭੂਮਿਕਾ ਨਿਭਾਉਣ ਹਿਤ ਮੀਲ ਪੱਥਰ ਸਾਬਤ ਹੋਵੇਗੀ ਇਹ ਵਿਚਾਰ ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਜਥੇਦਾਰ ਸਵਰਨਜੀਤ ਸਿੰਘ ਜੀ ਨੇ ਗੁਰਦੁਆਰਾ ਸ਼ਹੀਦਾ ਸਿੰਘਾ ਵਿਖੇ ਵਿਸ਼ੇਸ਼ ਤੌਰ ਤੇ ਪੁੱਜੇ ਸਿੱਖ ਐਜੂਕੇਸ਼ਨ ਸੁਸਾਇਟੀ ਦੇ ਪ੍ਰਧਾਨ ਸਰਦਾਰ ਗੁਰਵੀਰ ਸਿੰਘ ਬਰਾੜ ਜੀ ਦੇ ਰੱਖੇ ਸਨਮਾਨ ਸਮਾਰੋਹ ਵਿੱਚ ਕਹੇ, ਉਹਨਾਂ ਅੱਗੇ ਕਿਹਾ ਕਿ ਸ. ਗੁਰਬੀਰ ਸਿੰਘ ਬਰਾੜ , ਸਵਰਗੀਏ, ਸਰਦਾਰ ਗੁਰਦੇਵ ਸਿੰਘ ਬਰਾੜ (ਆਈ.ਏ.ਐੱਸ.) ਦੇ ਫਰਜ਼ੰਦ ਹਨ ਸ. ਗੁਰਬੀਰ ਸਿੰਘ



ਬਰਾੜ ਸਿੱਖਿਆ ਅਤੇ ਸਿੱਖ ਸਿਧਾਂਤਾਂ ਦੀ ਗਹਿਰੀ ਸੂਝ ਰੱਖਦੇ ਹਨ। ਗੌਰਵਮਈ ਸਿੱਖਿਆ ਸੰਸਥਾ ਸਿੱਖ ਐਜੂਕੇਸ਼ਨਲ ਸੋਸਾਇਟੀ ਦੀ ਵਿਰਾਸਤ ਨੂੰ ਅੱਗੇ ਤੋਰਦਿਆਂ ਨਵੀਆਂ ਪ੍ਰਾਪਤੀਆਂ ਦੇ ਅਧਿਆਏ ਦੀ ਇਹ ਅਰੰਭਤਾ ਹੈ। ਇੱਕ ਸਿੱਖਿਆ-ਸਮਰਪਿਤ ਆਗੂ ਵਜੋਂ ਸ. ਗੁਰਬੀਰ ਸਿੰਘ ਬਰਾੜ ਤੋਂ ਵਿੱਦਿਅਕ ਸੰਸਥਾਵਾਂ ਦੀ ਮਜ਼ਬੂਤੀ, ਨਵੀਆਂ ਨੀਤੀਆਂ ਅਤੇ ਸਿੱਖਿਅਕ ਨੌਜਵਾਨ ਪੀੜ੍ਹੀ ਦੇ ਉੱਜਵਲ ਭਵਿੱਖ ਲਈ ਨਵੀਆਂ ਪਹਿਲਕਦਮੀਆਂ ਦੀ ਆਸ ਹੀ ਨਹੀਂ ਯਕੀਨ ਵੀ ਹੈ। ਇਸ ਦੂਰਅੰਦੇਸ਼ ਪ੍ਰਧਾਨ ਦੀ ਅਗਵਾਈ ਹੇਠ ਸਾਡੀਆਂ ਵਿੱਦਿਅਕ ਸੰਸਥਾਵਾਂ ਨਵੀਆਂ ਬੁਲੰਦੀਆਂ ਛੂਹਣਗੀਆਂ ਅਤੇ ਸਿੱਖਿਆ ਦੇ ਖੇਤਰ ਵਿੱਚ ਅੱਜ ਤੋਂ ਵੀ ਉੱਚਾ ਮਾਣਮੱਤਾ ਸਥਾਨ ਪਾਉਣਗੀਆ। ਜਥੇਦਾਰ ਸਵਰਨਜੀਤ ਸਿੰਘ ਨੇ ਅੱਗੇ ਕਿਹਾ ਕਿ ਉਨ੍ਹਾਂ ਵੱਲੋਂ ਸਿੱਖਿਆ, ਰੁਜ਼ਗਾਰ ਯੋਗਤਾ, ਸਮਾਨਤਾ ਅਤੇ ਭਾਈਚਾਰਕ ਸਸ਼ਕਤੀਕਰਨ ਲਈ ਬਹੁਤ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ।ਉਹ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ ਭਾਰਤ ਲਈ ਕਾਰਜਕਾਰੀ ਨਿਰਦੇਸ਼ਕ ਵਜੋਂ ਵੀ ਸੇਵਾਵਾਂ ਨਿਭਾ ਰਹੇ ਹਨ। ਇਸ ਭੂਮਿਕਾ ਤਹਿਤ ਉਹ ਲੋੜਵੰਦ ਵਿਦਿਆਰਥੀਆਂ ਲਈ ਸਕਾਲਰਸ਼ਿਪਾਂ ਪ੍ਰਦਾਨ ਕਰਨ ਦੇ ਯਤਨਾਂ ਵਿੱਚ ਯੋਗਦਾਨ ਪਾ ਰਹੇ ਹਨ।

ਪੇਸ਼ੇਵਰ ਜ਼ਿੰਮੇਵਾਰੀਆਂ ਤੋਂ ਇਲਾਵਾ, ਉਹ ਅਤੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਗਗਨਦੀਪ ਕੌਰ ਪ੍ਰਸਿੱਧ ਫੋਟੋਗ੍ਰਾਫਰ ਅਤੇ ਲੇਖਕ ਹਨ, ਜਿਨ੍ਹਾਂ ਨੂੰ ਸਿੱਖ ਇਤਿਹਾਸ ਅਤੇ ਵਿਰਾਸਤ ਦੇ ਦਸਤਾਵੇਜ਼ੀਕਰਨ ਲਈ ਜਾਣਿਆ ਜਾਂਦਾ ਹੈ। ਉਨ੍ਹਾਂ ਦੀਆਂ ਪ੍ਰਕਾਸ਼ਿਤ ਕਿਤਾਬਾਂ ਵਿੱਚ ਦਿ ਵੈਲੀਐਂਟ ਵਨਜ਼, 2011 ਸ਼ਾਮਲ ਹੈ, ਜੋ ਨਿਹੰਗ ਸਿੰਘਾਂ 'ਤੇ ਵਿਸ਼ੇਸ਼ ਧਿਆਨ ਕੇਂਦਰਿਤ ਕਰਦਿਆਂ ਸਿੱਖ ਇਤਿਹਾਸ ਦੀ ਪੜਚੋਲ ਕਰਦੀ ਹੈ।

ਇਸ ਤੋਂ ਇਲਾਵਾ, ਸ੍ਰੀ ਸਾਹਿਬ ਜੀ ਸਹਾਇ, 2024 ਇੱਕ ਮਹੱਤਵਪੂਰਨ ਰਚਨਾ ਹੈ, ਜਿਸ ਵਿੱਚ ਸਿੱਖ ਗੁਰੂ ਸਾਹਿਬਾਨ ਨਾਲ ਸਬੰਧਤ ਇਤਿਹਾਸਕ ਨਿਸ਼ਾਨੀਆਂ ਅਤੇ ਧਰੋਹਰਾਂ ਦਾ ਦਸਤਾਵੇਜ਼ੀਕਰਨ ਕੀਤਾ ਗਿਆ ਹੈ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਸਰਦਾਰ ਗੁਰਬੀਰ ਸਿੰਘ ਬਰਾੜ ਨੇ ਕਿਹਾ ਕਿ ਜੋ ਵੀ ਸੁਸਾਇਟੀ ਵੱਲੋਂ ਮੈਨੂੰ ਸੇਵਾ ਦਿੱਤੀ ਗਈ ਹੈ ਮੈਂ ਪੂਰੀ ਇਮਾਨਦਾਰੀ ਦੇ ਨਾਲ ਇਹ ਸੇਵਾ ਨਿਭਾਵਾਂਗਾ।

ਵਿਧਾਇਕ ਕੁਲਜੀਤ ਰੰਧਾਵਾ ਵੱਲੋਂ ਜ਼ੀਰਕਪੁਰ ਵਿੱਚ 97 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਲਿੰਕ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

- ਪੀਰਮੁੱਛਲਾ ਦੇ ਡੀਮਾਰਟ ਤੋਂ ਗੁਰਜੀਵਨ ਵਿਹਾਰ, ਢਕੋਲੀ ਤੱਕ ਬਣੇਗੀ ਸੜਕ; ਇਲਾਕਾ ਵਾਸੀਆਂ ਨੂੰ ਮਿਲੇਗੀ ਆਵਾਜਾਈ ਵਿੱਚ ਵੱਡੀ ਸਹੂਲਤ

ਜ਼ੀਰਕਪੁਰ, 24 ਅਕਤੂਬਰ (ਪੈ.ਗਾਮ-ਏ-ਜਗਤ) ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਅੱਜ ਜ਼ੀਰਕਪੁਰ ਦੇ ਪੀਰਮੁੱਛਲਾ ਵਿਖੇ ਡੀਮਾਰਟ ਤੋਂ ਗੁਰਜੀਵਨ ਵਿਹਾਰ, ਢਕੋਲੀ ਤੱਕ ਲਗਭਗ 97 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਲਿੰਕ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਨਗਰ ਕੌਂਸਲ ਜ਼ੀਰਕਪੁਰ ਵੱਲੋਂ ਕਰਵਾਏ ਜਾਣ ਵਾਲੇ ਇਸ ਵਿਕਾਸ ਕਾਰਜ ਨਾਲ ਇਲਾਕਾ ਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲਣ ਦੇ ਨਾਲ-ਨਾਲ ਇਲਾਕੇ ਦੀ ਸੰਪਰਕ ਵਿਵਸਥਾ ਵੀ ਬਿਹਤਰ ਹੋਵੇਗੀ।



ਇਸ ਮੌਕੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਇਲਾਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਸੜਕਾਂ ਦਾ ਸੁਚੱਜਾ ਨਿਰਮਾਣ ਸ਼ਹਿਰੀ ਖੇਤਰਾਂ ਵਿੱਚ ਆਵਾਜਾਈ ਨੂੰ ਸੁਚਾਰੂ ਬਣਾਉਣ ਦੇ ਨਾਲ-ਨਾਲ ਲੋਕਾਂ ਦੇ ਰੋਜ਼ਾਨਾ ਜੀਵਨ ਨੂੰ ਵੀ ਸੁਖਾਲਾ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਨਿਰਮਾਣ ਨਾਲ ਪੀਰਮੁੱਛਲਾ ਅਤੇ ਗੁਰਜੀਵਨ ਵਿਹਾਰ, ਢਕੋਲੀ ਦੇ ਵਸਨੀਕਾਂ ਨੂੰ ਆਉਣ-ਜਾਣ ਲਈ ਬਿਹਤਰ ਰਸਤਾ ਮਿਲੇਗਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਵਿੱਚ ਗੁਣਵੱਤਾ ਅਤੇ ਨਿਰਧਾਰਤ ਮਾਪਦੰਡਾਂ ਨੂੰ ਯਕੀਨੀ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਮੌਕੇ ਨਗਰ ਕੌਂਸਲ ਜ਼ੀਰਕਪੁਰ ਦੇ ਪ੍ਰਧਾਨ ਸ. ਗੁਰਪ੍ਰੀਤ ਸਿੰਘ ਵਿਰਕ, ਕੌਂਸਲਰ ਸ੍ਰੀ ਸੰਜੀਵ ਬਾਂਸਲ, ਸ੍ਰੀ ਪੁਨੀਤ ਸਿੰਗਲਾ, ਸਬੰਧਤ ਅਧਿਕਾਰੀ ਅਤੇ ਹੋਰ ਸਥਾਨਕ ਮੈਂਬਰ ਹਾਜ਼ਰ ਸਨ।

ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਪੰਜ ਪਿੰਡਾਂ ਦੇ ਵਸਨੀਕਾਂ ਨੂੰ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਮਾਲਕੀ ਹੱਕ ਪੱਤਰਾਂ ਦੀ ਵੰਡ

- ਪਿੰਡ ਕਾਕੜਾ, ਜੌਲੀਆਂ, ਕਲੌਦੀ, ਦੇਹ ਕਲਾਂ ਅਤੇ ਰੂਪਾਹੇੜੀ ਦੇ ਲਾਭਪਾਤਰੀਆਂ ਨੂੰ ਸੌਂਪੇ ਘਰਾਂ ਦੇ ਮਾਲਕਾਨਾ ਦਸਤਾਵੇਜ਼
- ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਦਿਵਾਉਣ ਲਈ ਪੰਜਾਬ ਸਰਕਾਰ ਵਚਨਬੱਧ: ਨਰਿੰਦਰ ਕੌਰ ਭਰਾਜ

ਸੰਗਰੂਰ/ਭਵਾਨੀਗੜ੍ਹ, 24 ਅਕਤੂਬਰ (ਪੈ.ਗਾਮ-ਏ-ਜਗਤ) ਵਿਧਾਨ ਸਭਾ ਹਲਕਾ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਪਿੰਡ ਕਾਕੜਾ ਵਿਖੇ 512, ਜੌਲੀਆਂ

ਵਿਖੇ 78, ਕਲੌਦੀ 157, ਦੇਹ ਕਲਾਂ 131 ਅਤੇ ਰੂਪਾਹੇੜੀ 124 ਦੇ ਵਸਨੀਕਾਂ ਨੂੰ ਮਾਲਕੀ ਹੱਕ ਪੱਤਰ ਵੰਡੇ। ਇਸ ਮੌਕੇ ਉਨ੍ਹਾਂ ਲਾਭਪਾਤਰੀ ਪਰਿਵਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਪਣੇ ਘਰ ਦੇ ਮਾਲਕਾਨਾ ਦਸਤਾਵੇਜ਼ ਮਿਲਣਾ ਹਰ ਪਰਿਵਾਰ ਲਈ ਤਸੱਲੀ ਅਤੇ ਖੁਸ਼ੀ ਦਾ ਪਲ ਹੈ।

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਅਤੇ ਸਰਕਾਰੀ ਸੇਵਾਵਾਂ ਦਾ ਲਾਭ ਉਨ੍ਹਾਂ ਤੱਕ ਪਹੁੰਚਾਉਣ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਸਕੀਮ ਪਿੰਡਾਂ ਦੇ ਲਾਲ ਲਕੀਰ



ਅੰਦਰ ਰਹਿੰਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕਾਂ ਸਬੰਧੀ ਦਸਤਾਵੇਜ਼ ਮੁਹੱਈਆ ਕਰਵਾਉਣ ਵੱਲ ਇੱਕ ਅਹਿਮ ਉਪਰਾਲਾ ਹੈ।

ਉਨ੍ਹਾਂ ਕਿਹਾ ਕਿ ਕਈ ਪਰਿਵਾਰ ਪੀੜ੍ਹੀਆਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਹਨ, ਪਰ ਮਾਲਕੀ ਸਬੰਧੀ ਦਸਤਾਵੇਜ਼ਾਂ ਦੀ ਘਾਟ ਕਾਰਨ ਉਨ੍ਹਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਸਕੀਮ ਤਹਿਤ ਮਾਲਕੀ ਹੱਕ ਪੱਤਰ ਮਿਲਣ ਨਾਲ ਅਜਿਹੇ ਪਰਿਵਾਰਾਂ ਨੂੰ ਆਪਣੀ ਰਿਹਾਇਸ਼ੀ ਜਾਇਦਾਦ ਦੀ ਮਾਲਕੀ ਦਾ ਦਸਤਾਵੇਜ਼ੀ ਆਧਾਰ ਮਿਲਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਯਤਨ ਹੈ ਕਿ ਹਰ ਯੋਗ ਲਾਭਪਾਤਰੀ ਤੱਕ ਇਸ ਸਕੀਮ ਦਾ ਲਾਭ ਪਹੁੰਚੇ।

ਨਰਿੰਦਰ ਕੌਰ ਭਰਾਜ ਨੇ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਸਕੀਮ ਅਧੀਨ ਬਕਾਇਆ ਕਾਰਜਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇ ਅਤੇ ਲੋਕਾਂ ਨੂੰ ਪ੍ਰਕਿਰਿਆ ਸਬੰਧੀ ਸਹੀ ਜਾਣਕਾਰੀ ਤੇ ਲੋੜੀਂਦੀ ਸਹਾਇਤਾ ਦਿੱਤੀ ਜਾਵੇ। ਉਨ੍ਹਾਂ ਪੰਚਾਇਤਾਂ ਨੂੰ ਵੀ ਅਪੀਲ ਕੀਤੀ ਕਿ ਯੋਗ ਪਰਿਵਾਰਾਂ ਦੀ ਪਛਾਣ ਅਤੇ ਉਨ੍ਹਾਂ ਤੱਕ ਸਕੀਮ ਦਾ ਲਾਭ ਪਹੁੰਚਾਉਣ ਲਈ ਪ੍ਰਸ਼ਾਸਨ ਨਾਲ ਸਹਿਯੋਗ ਕਰਨ।

ਵਿਧਾਇਕ ਨੇ ਕਿਹਾ ਕਿ ਹਲਕਾ ਸੰਗਰੂਰ ਦੇ ਪਿੰਡਾਂ ਦਾ ਸਰਬਪੱਖੀ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੀ ਤਰਜੀਹ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕ ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਵਾਉਣ ਲਈ ਯਤਨ ਜਾਰੀ ਰਹਿਣਗੇ। ਇਸ ਮੌਕੇ ਸਬੰਧਤ ਪਿੰਡਾਂ ਦੀਆਂ ਸਮੂਹ ਪੰਚਾਇਤਾਂ, ਮੇਜਰ ਚੱਠਾ ਸਰਪੰਚ ਕਾਕੜਾ, ਮਨਦੀਪ ਰੂਪਾਹੇੜੀ, ਦਰਸ਼ਨ ਕਾਕੜਾ, ਰਾਸ਼ੀ ਛੰਨਾ, ਹਰਪ੍ਰੀਤ ਸਰਪੰਚ, ਭੁਪਿੰਦਰ ਕਾਕੜਾ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਹਲਕਾ ਖਰੜ ਦੇ ਪਿੰਡ ਕਰੌਰਾ, ਸਿਓਂਕ, ਬਦਰਪੁਰ ਤੇ ਹਸਨਪੁਰ ਵਿੱਚ ਚੈਅਰਮੈਨ ਗੋਲਡੀ ਵੱਲੋਂ ਵਿਕਾਸ ਕਾਰਜ ਸ਼ੁਰੂ

ਮਾਜਰੀ/ਨਵਾਂਗਾਓਂ, 24 ਅਕਤੂਬਰ (ਪੈ.ਗਾਮ-ਏ-ਜਗਤ) ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਸ. ਪਰਮਿੰਦਰ ਸਿੰਘ ਗੋਲਡੀ ਵੱਲੋਂ ਖਰੜ ਹਲਕੇ ਦੇ ਪਿੰਡ ਕਰੌਰਾ, ਸਿਓਂਕ, ਬਦਰਪੁਰ ਅਤੇ ਹਸਨਪੁਰ ਵਿਖੇ ਕੁੱਲ 61 ਲੱਖ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ, ਨੀਂਹ ਪੱਥਰ ਰੱਖਣ ਅਤੇ ਨਵੇਂ ਕੰਮਾਂ ਦੀ ਸ਼ੁਰੂਆਤ ਕੀਤੀ ਗਈ। ਇਨ੍ਹਾਂ ਵਿਕਾਸ ਕਾਰਜਾਂ ਤਹਿਤ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਖੇਡਾਂ, ਸਿੱਖਿਆ, ਪਾਣੀ ਦੀ ਸਪਲਾਈ ਅਤੇ ਸਫ਼ਾਈ ਪ੍ਰਬੰਧਾਂ ਨੂੰ ਬਿਹਤਰ ਬਣਾਉਣ ਲਈ ਕਦਮ ਚੁੱਕੇ ਗਏ।

ਪਿੰਡ ਕਰੌਰਾ ਵਿਖੇ ਸ਼ਮਸ਼ਾਨ ਘਾਟ ਅਤੇ ਨੌਜਵਾਨਾਂ ਲਈ ਓਪਨ ਜਿੰਮ ਦਾ ਉਦਘਾਟਨ ਕੀਤਾ ਗਿਆ। ਇਸ ਤੋਂ ਇਲਾਵਾ ਵਾਟਰ ਟੈਂਕਰ ਮੁਹੱਈਆ ਕਰਵਾਉਣ ਅਤੇ ਗੰਦੇ ਪਾਣੀ ਦੀ ਨਿਕਾਸੀ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ। ਇਨ੍ਹਾਂ ਵਿਕਾਸ ਕਾਰਜਾਂ 'ਤੇ 20.75 ਲੱਖ ਰੁਪਏ ਖਰਚ ਕੀਤੇ ਜਾਣਗੇ।

ਇਸੇ ਤਰ੍ਹਾਂ ਪਿੰਡ ਸਿਓਂਕ ਵਿਖੇ ਬੱਸ ਸਟੈਂਡ 'ਤੇ ਸ਼ੈੱਡ ਅਤੇ ਓਪਨ ਜਿੰਮ ਦਾ ਉਦਘਾਟਨ ਕੀਤਾ ਗਿਆ। ਇਸ ਦੇ ਨਾਲ ਹੀ ਪਾਣੀ ਦੀ ਪਾਈਪ ਲਾਈਨ ਵਿਛਾਉਣ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ। ਇਨ੍ਹਾਂ ਕਾਰਜਾਂ 'ਤੇ 12.25 ਲੱਖ ਰੁਪਏ ਦੀ ਲਾਗਤ ਆਵੇਗੀ।

ਪਿੰਡ ਬਦਰਪੁਰ ਵਿਖੇ ਖੇਡ ਮੈਦਾਨ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਤੋਂ ਇਲਾਵਾ ਲਾਇਬ੍ਰੇਰੀ ਬਣਾਉਣ ਅਤੇ ਗੰਦੇ ਪਾਣੀ ਦੀ ਨਿਕਾਸੀ ਲਈ ਪਾਈਪ ਲਾਈਨ ਵਿਛਾਉਣ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ। ਇਨ੍ਹਾਂ ਵਿਕਾਸ ਕਾਰਜਾਂ 'ਤੇ 15 ਲੱਖ ਰੁਪਏ ਖਰਚ ਕੀਤੇ ਜਾਣਗੇ। ਇਨ੍ਹਾਂ ਨਾਲ ਨੌਜਵਾਨਾਂ ਨੂੰ ਖੇਡਾਂ ਅਤੇ ਪੜ੍ਹਾਈ ਲਈ ਬਿਹਤਰ ਸਹੂਲਤਾਂ ਮਿਲਣ ਦੇ ਨਾਲ-ਨਾਲ ਸਫ਼ਾਈ ਪ੍ਰਬੰਧਾਂ ਵਿੱਚ ਵੀ ਸੁਧਾਰ ਹੋਣ ਦੀ ਉਮੀਦ ਹੈ।